ਸੱਚ ਦੀ ਆਵਾਜ਼ ਹੱਕ ਦੀ ਆਵਾਜ਼

# ਜ਼ਿਕਰ ਪੰਜਾਬ

ਕੁਲ ਪੰਨੇ : 8 ਮੁੱਲ : 3/- ਰੁਪਏ
ਲੁਧਿਆਣਾ : ਸੋਮਵਾਰ, 10 ਅਗਸਤ ਤੋਂ ਐਤਵਾਰ, 16 ਅਗਸਤ, 2026

WEEKLY ZIKAR PUNJAB
ਮੁੱਖ ਸੰਪਾਦਕ : ਅਸ਼ਵਨੀ ਜੇਤਲੀ/ਸਹਿ-ਸੰਪਾਦਕ : ਬਲਵਿੰਦਰ ਕੁਮਾਰ

ਹਫਤਾਵਾਰੀ ਅਖ਼ਬਾਰ
Ludhiana : Monday, 10 August to Sunday, 16 August 2026

E-mail : zikarpunjab44@gmail.com | RNI-PUNPUN/2017/75418 | ਮੋਬਾਈਲ ਨੰ. : 9815024577 | ਸਾਲ : 10 ਅੰਕ : 32 | Website : www.zikarpunjab.com





# ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਸ੍ਰੀ ਗੁਰੂ ਰਵਿਦਾਸ ਬਾਣੀ ਅਧਿਐਨ ਕੇਂਦਰ ਦਾ ਨੀਂਹ ਪੱਥਰ ਰੱਖਿਆ

## ਜਲੰਧਰ ਵਿੱਚ 10.4 ਏਕੜ ਰਕਬੇ ਵਿੱਚ 37 ਕਰੋੜ ਦੀ ਲਾਗਤ ਨਾਲ ਬਣ ਰਿਹਾ ਬਾਣੀ ਅਧਿਐਨ ਕੇਂਦਰ ਦੁਨੀਆ ਭਰ ਵਿੱਚ ਗਿਆਨ ਦਾ ਪ੍ਰਕਾਸ਼ ਫੈਲਾਏਗਾ : ਮਾਨ

- ਡੇਰਾ ਸੱਚਖੰਡ ਬੱਲਾਂ ਦੇ ਪਦਮ ਸ੍ਰੀ ਸੰਤ ਨਿਰੰਜਨ ਦਾਸ ਜੀ ਨੀਂਹ ਪੱਥਰ ਰੱਖਣ ਮੌਕੇ ਰਹੇ ਹਾਜ਼ਰ
- ਸੰਤ ਪ੍ਰਗਟ ਨਾਥ ਜੀ, ਸੰਤ ਪਰਦੀਪ ਦਾਸ ਜੀ, ਸੰਤ ਤੇਜਾ ਸਿੰਘ ਜੀ, ਸੰਤ ਨਿਰਮਲ ਦਾਸ ਜੀ ਅਤੇ ਸੰਤ ਲੇਖ ਰਾਜ ਜੀ ਵੀ ਮੌਜੂਦ ਰਹੇ

ਜ਼ਿਕਰ ਪੰਜਾਬ
ਜਲੰਧਰ/ਬਲਵਿੰਦਰ ਕੁਮਾਰ

ਸ੍ਰੀ ਗੁਰੂ ਰਵਿਦਾਸ ਜੀ ਮਹਾਰਾਜ ਦੀਆਂ ਸਦੀਵੀ ਸਿੱਖਿਆਵਾਂ ਅਤੇ ਇਲਾਹੀ ਸੰਦੇਸ਼ ਪ੍ਰਤੀ ਸ਼ਰਧਾ ਤੇ ਸਤਿਕਾਰ ਭੇਟ ਕਰਦਿਆਂ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅੱਜ ਜਲੰਧਰ ਦੇ ਡੇਰਾ ਸੱਚਖੰਡ ਬੱਲਾਂ ਵਿਖੇ 'ਸ੍ਰੀ ਗੁਰੂ ਰਵਿਦਾਸ ਜੀ ਬਾਣੀ ਅਧਿਐਨ ਕੇਂਦਰ' ਦਾ ਨੀਂਹ ਪੱਥਰ ਰੱਖਿਆ। ਇਸ ਪਵਿੱਤਰ ਮੌਕੇ ਡੇਰਾ ਸੱਚਖੰਡ ਬੱਲਾਂ ਦੇ ਪਦਮ ਸ੍ਰੀ ਸੰਤ ਨਿਰੰਜਨ ਦਾਸ, ਬਾਲ ਨਾਥ ਆਸ਼ਰਮ ਦੇ ਸੰਤ ਪ੍ਰਗਟ ਨਾਥ, ਕਠਾਰ ਦੇ ਸੰਤ ਪਰਦੀਪ ਦਾਸ, ਸੰਤ ਤੇਜਾ ਸਿੰਘ, ਸੰਤ ਨਿਰਮਲ ਦਾਸ ਜੌੜੇ ਵਾਲੇ, ਸੰਤ ਲੇਖ ਰਾਜ ਅਤੇ ਹੋਰ ਪ੍ਰਮੁੱਖ ਸ਼ਖ਼ਸੀਅਤਾਂ ਮੌਜੂਦ ਸਨ। ਸ੍ਰੀ ਗੁਰੂ ਰਵਿਦਾਸ ਜੀ ਮਹਾਰਾਜ ਦੇ ਮਹਾਨ ਜੀਵਨ, ਫਲਸਫੇ ਅਤੇ ਪਵਿੱਤਰ ਬਾਣੀ ਦੇ ਅਧਿਐਨ ਲਈ ਵੱਕਾਰੀ ਸੰਸਥਾ ਵਜੋਂ ਵਿਕਸਤ ਕੀਤਾ ਜਾ ਰਿਹਾ ਇਹ ਕੇਂਦਰ 10.4 ਏਕੜ ਰਕਬੇ ਵਿੱਚ ਬਣਾਇਆ ਜਾਵੇਗਾ। ਇਸ ਦੀ ਕੁੱਲ ਲਾਗਤ 37 ਕਰੋੜ ਰੁਪਏ ਆਵੇਗੀ, ਜਿਸ ਵਿੱਚੋਂ 11 ਕਰੋੜ ਰੁਪਏ ਜ਼ਮੀਨ 'ਤੇ ਅਤੇ 60 ਲੱਖ ਰੁਪਏ ਜ਼ਰੂਰੀ ਪ੍ਰਵਾਨਗੀਆਂ 'ਤੇ ਖਰਚ ਕੀਤੇ ਗਏ ਹਨ, ਜਦੋਂ ਕਿ ਇਸ ਦੀ ਉਸਾਰੀ ਲਈ ਲੋੜੀਂਦਾ ਸਾਰਾ ਖਰਚਾ ਪੰਜਾਬ ਸਰਕਾਰ ਵੱਲੋਂ ਉਠਾਇਆ ਜਾਵੇਗਾ। ਇਸ ਕੇਂਦਰ ਵਿੱਚ ਇੱਕ ਤਿੰਨ-ਮੰਜ਼ਿਲਾ ਪ੍ਰਸ਼ਾਸਨਿਕ ਅਤੇ ਅਧਿਆਪਨ (ਐਡਮਿਨ ਤੇ ਟੀਚਿੰਗ) ਬਲਾਕ, ਲੜਕੇ ਅਤੇ ਲੜਕੀਆਂ ਲਈ ਤਿੰਨ-ਮੰਜ਼ਿਲਾ ਹੋਸਟਲ (ਹਰੇਕ ਹੋਸਟਲ ਵਿੱਚ 54 ਵਿਦਿਆਰਥੀਆਂ ਦੇ ਰਹਿਣ ਦੀ ਸਹੂਲਤ) ਅਤੇ ਅਧਿਆਪਕਾਂ ਅਤੇ ਸਟਾਫ਼ ਲਈ ਦੋ-ਮੰਜ਼ਿਲਾ ਇਮਾਰਤ ਹੋਵੇਗੀ। ਇਹ ਕੇਂਦਰ ਬੱਚਿਆਂ, ਵਿਦਿਆਰਥੀਆਂ ਅਤੇ ਖੋਜਾਰਥੀਆਂ ਨੂੰ ਸ੍ਰੀ ਗੁਰੂ ਰਵਿਦਾਸ ਜੀ ਮਹਾਰਾਜ ਦੇ ਜੀਵਨ, ਬਾਣੀ, ਫਲਸਫੇ ਅਤੇ ਸਿੱਖਿਆਵਾਂ ਦਾ ਅਧਿਐਨ ਕਰਨ ਲਈ ਵਿਸ਼ੇਸ਼ ਸਥਾਨ ਪ੍ਰਦਾਨ ਕਰੇਗਾ ਅਤੇ ਅਜਿਹੀ ਖੋਜ ਨੂੰ ਉਤਸ਼ਾਹਿਤ ਕਰੇਗਾ ਜੋ ਉਨ੍ਹਾਂ ਦੇ ਗਿਆਨ ਅਤੇ ਸੰਦੇਸ਼ ਦੇ ਪ੍ਰਕਾਸ਼ ਨੂੰ ਦੁਨੀਆ ਭਰ ਵਿੱਚ ਫੈਲਾਏ। ਇਹ ਨੀਂਹ ਪੱਥਰ ਪੰਜਾਬ ਸਰਕਾਰ ਵੱਲੋਂ ਸ੍ਰੀ ਗੁਰੂ ਰਵਿਦਾਸ ਜੀ ਮਹਾਰਾਜ ਦੇ 650ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਸਾਲ ਭਰ ਚੱਲਣ ਵਾਲੇ ਸਮਾਗਮਾਂ ਦੇ ਹਿੱਸੇ ਵਜੋਂ ਰੱਖਿਆ ਗਿਆ ਹੈ, ਜਿਸ ਲਈ 100 ਕਰੋੜ ਰੁਪਏ ਦਾ ਬਜਟ ਰੱਖਿਆ ਗਿਆ ਹੈ।



ਇਨ੍ਹਾਂ ਸਮਾਗਮਾਂ ਦੇ ਤਹਿਤ 50 ਮੋਬਾਈਲ ਵੈਨਾਂ ਸਾਰੇ 23 ਜ਼ਿਲ੍ਹਿਆਂ ਦੇ 13,000 ਪਿੰਡਾਂ ਵਿੱਚ ਗੁਰੂ ਜੀ ਦੇ ਜੀਵਨ, ਫਲਸਫੇ ਅਤੇ ਸਿੱਖਿਆਵਾਂ 'ਤੇ ਡਾਕੂਮੈਂਟਰੀਆਂ ਦਿਖਾਉਣ ਲਈ ਜਾ ਰਹੀਆਂ ਹਨ ਤਾਂ ਜੋ ਉਨ੍ਹਾਂ ਦੇ ਬਰਾਬਰੀ, ਮਨੁੱਖਤਾ ਅਤੇ ਮਾਣ-ਸਤਿਕਾਰ ਦੇ ਸੰਦੇਸ਼ ਨੂੰ ਪੂਰੇ ਪੰਜਾਬ ਦੇ ਲੋਕਾਂ ਤੱਕ ਪਹੁੰਚਾਇਆ ਜਾ ਸਕੇ। ਉਨ੍ਹਾਂ ਦੀਆਂ ਸਿੱਖਿਆਵਾਂ ਨੇ ਜਾਤ-ਪਾਤ ਦੇ ਵਿਤਕਰੇ ਅਤੇ ਸਮਾਜਿਕ ਨਾ-ਬਰਾਬਰੀ ਦੇ ਖ਼ਿਲਾਫ਼ ਜ਼ੋਰਦਾਰ ਆਵਾਜ਼ ਬੁਲੰਦ ਕੀਤੀ ਅਤੇ ਮਨੁੱਖਤਾ ਨੂੰ ਸੱਚਾ ਰਾਹ ਦਿਖਾਇਆ, ਜਦੋਂ ਕਿ ਉਨ੍ਹਾਂ ਦਾ ਬਰਾਬਰੀ ਵਾਲੇ ਸਮਾਜ ਦਾ ਸੰਕਲਪ ਆਉਣ ਵਾਲੀਆਂ ਪੀੜ੍ਹੀਆਂ ਨੂੰ ਪ੍ਰੇਰਿਤ ਕਰਦਾ ਰਹੇਗਾ। ਇਸ ਮੌਕੇ ਮੁੱਖ ਮੰਤਰੀ ਦੇ ਨਾਲ ਕੈਬਨਿਟ ਮੰਤਰੀ ਹਰਪਾਲ ਸਿੰਘ ਚੀਮਾ, ਅਮਨ ਅਰੋੜਾ, ਤਰੁਨਪ੍ਰੀਤ ਸਿੰਘ ਸੌਂਦ, ਮਹਿੰਦਰ ਭਗਤ, ਡਾ. ਰਵਜੋਤ, ਹਰਭਜਨ ਸਿੰਘ ਈ.ਟੀ.ਓ. ਅਤੇ ਲਾਲ ਚੰਦ ਕਟਾਰੂਚੱਕ; ਲੋਕ ਸਭਾ ਮੈਂਬਰ ਡਾ. ਰਾਜ ਕੁਮਾਰ ਚੱਬੇਵਾਲ; ਪੰਜਾਬ ਰਾਜ ਸਹਿਕਾਰੀ ਖੇਤੀਬਾੜੀ ਵਿਕਾਸ ਬੈਂਕ ਦੇ ਚੇਅਰਮੈਨ ਪਵਨ ਕੁਮਾਰ ਟੀਨੂ; ਸੈਰ-ਸਪਾਟਾ ਅਤੇ ਸੱਭਿਆਚਾਰਕ ਮਾਮਲੇ ਵਿਭਾਗ ਦੇ ਸਲਾਹਕਾਰ ਦੀਪਕ ਬਾਲੀ; ਵਿਧਾਇਕ ਬਲਕਾਰ ਸਿੰਘ ਅਤੇ ਇੰਦਰਜੀਤ ਕੌਰ ਮਾਨ ਅਤੇ ਹੋਰ ਹਾਜ਼ਰ ਸਨ। ਇਸ ਮੌਕੇ ਡੇਰਾ ਬੱਲਾਂ ਦੇ ਪਦਮ ਸ੍ਰੀ ਸੰਤ ਨਿਰੰਜਨ ਦਾਸ ਜੀ, ਬਾਲ ਨਾਥ ਆਸ਼ਰਮ ਦੇ ਸੰਤ ਪ੍ਰਗਟ ਨਾਥ ਜੀ, ਕਠਾਰ ਦੇ ਸੰਤ ਪਰਦੀਪ ਦਾਸ ਜੀ, ਸੰਤ ਤੇਜਾ ਸਿੰਘ ਜੀ, ਸੰਤ ਨਿਰਮਲ ਦਾਸ ਜੀ ਜੌੜੇ ਵਾਲੇ, ਸੰਤ ਲੇਖ ਰਾਜ ਜੀ ਸਮੇਤ ਸੰਤ ਸਮਾਜ ਵੀ ਹਾਜ਼ਰ ਸੀ। ਇਸ ਮੌਕੇ ਸੰਬੋਧਨ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, "ਸਾਡੇ ਲਈ ਇਹ ਬਹੁਤ ਹੀ ਮਾਣ ਤੇ ਤਸੱਲੀ ਵਾਲੀ ਗੱਲ ਹੈ ਕਿ ਸੂਬਾ ਸਰਕਾਰ ਸ੍ਰੀ ਗੁਰੂ ਰਵਿਦਾਸ ਜੀ ਮਹਾਰਾਜ ਪ੍ਰਤੀ ਸ਼ਰਧਾ ਅਤੇ ਸਤਿਕਾਰ ਵਜੋਂ ਇੱਕ ਹੋਰ ਨੇਕ ਉਪਰਾਲਾ ਕਰ ਰਹੀ ਹੈ। ਅਸੀਂ ਸੱਚਮੁੱਚ ਭਾਗਾਂ ਵਾਲੇ ਹਾਂ ਕਿ ਸਾਨੂੰ ਸ੍ਰੀ ਗੁਰੂ ਰਵਿਦਾਸ ਜੀ ਮਹਾਰਾਜ ਦੇ 650ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਇਹ ਸੇਵਾ ਕਰਨ ਦਾ ਸੁਭਾਗ ਹਾਸਲ ਹੋਇਆ ਹੈ। ਇਸ ਉਪਰਾਲੇ ਤਹਿਤ ਅੱਜ ਸ੍ਰੀ ਗੁਰੂ ਰਵਿਦਾਸ ਜੀ ਬਾਣੀ ਅਧਿਐਨ ਕੇਂਦਰ ਦਾ ਨੀਂਹ ਪੱਥਰ ਰੱਖਿਆ ਜਾ ਰਿਹਾ ਹੈ। ਇਸ ਪੂਰੇ ਪ੍ਰਾਜੈਕਟ 'ਤੇ 37 ਕਰੋੜ ਰੁਪਏ ਦੀ ਲਾਗਤ ਆਵੇਗੀ, ਜਿਸ ਵਿੱਚੋਂ 11 ਕਰੋੜ ਰੁਪਏ ਜ਼ਮੀਨ 'ਤੇ ਅਤੇ 60 ਲੱਖ ਰੁਪਏ ਜ਼ਰੂਰੀ ਪ੍ਰਵਾਨਗੀਆਂ 'ਤੇ ਖਰਚ ਕੀਤੇ ਜਾ ਚੁੱਕੇ ਹਨ। ਕੇਂਦਰ ਦੀ ਉਸਾਰੀ ਲਈ ਜੋ ਵੀ ਖਰਚਾ ਲੋੜੀਂਦਾ ਹੋਵੇਗਾ, ਉਹ ਪੰਜਾਬ ਸਰਕਾਰ ਵੱਲੋਂ ਕੀਤਾ ਜਾਵੇਗਾ। ਇਸ • ਬਾਕੀ ਸਫ਼ਾ 2 'ਤੇ

# ਸਾਬਕਾ ਸੀਐੱਮ ਮਮਤਾ ਬੈਨਰਜੀ ਦੇ ਕਾਫਲੇ 'ਤੇ ਹਮਲਾ

ਜ਼ਿਕਰ ਪੰਜਾਬ

**ਕੋਲਕਾਤਾ:** ਪੱਛਮੀ ਬੰਗਾਲ ਦੀ ਮੁੱਖ ਮੰਤਰੀ ਮਮਤਾ ਬੈਨਰਜੀ ਦੇ ਕਾਫ਼ਲੇ ਨੂੰ ਉੱਤਰੀ 24 ਪਰਗਨਾ ਜ਼ਿਲ੍ਹੇ ਦੇ ਹਾਲੀਸਹਾਰ ਵਿੱਚ ਪ੍ਰਦਰਸ਼ਨਕਾਰੀਆਂ ਨੇ ਰੋਕ ਲਿਆ, ਜਦੋਂ ਉਹ ਮ੍ਰਿਤਕ ਤ੍ਰਿਣਮੂਲ ਕਾਂਗਰਸ ਵਰਕਰ ਬਿਰਜੂ ਕੀਤ ਦੇ ਪਰਿਵਾਰ ਨੂੰ ਮਿਲਣ ਜਾ ਰਹੀ ਸੀ। ਪ੍ਰਦਰਸ਼ਨਕਾਰੀਆਂ ਨੇ ਉਨ੍ਹਾਂ ਦੀ ਗੱਡੀ ਨੂੰ ਘੇਰ ਲਿਆ, ਪਾਣੀ ਦੀਆਂ ਬੋਤਲਾਂ ਅਤੇ ਜੁੱਤੇ ਸੁੱਟੇ ਅਤੇ ਸਥਾਨਕ ਪੁਲਿਸ ਨਾਲ ਸਬੰਧਤ ਹਿਰਾਸਤ ਵਿੱਚ ਮੌਤ ਦੇ ਇਲਜ਼ਾਮਾਂ ਵਿਚਕਾਰ ਨਾਅਰੇਬਾਜ਼ੀ ਕੀਤੀ। ਪੁਲਿਸ ਨੇ ਵੀਰਵਾਰ ਰਾਤ ਤ੍ਰਿਣਮੂਲ ਵਰਕਰ ਬਿਰਜੂ ਕੀਤ ਨੂੰ ਉਸ ਦੇ ਘਰ ਤੋਂ ਗ੍ਰਿਫਤਾਰ ਕੀਤਾ ਸੀ। ਉਸ ਨੂੰ ਸ਼ੁੱਕਰਵਾਰ ਨੂੰ ਬੈਰਕਪੁਰ ਸਬ-ਡਿਵੀਜ਼ਨਲ ਅਦਾਲਤ ਵਿੱਚ ਪੇਸ਼ ਕੀਤਾ ਗਿਆ ਸੀ, ਅਤੇ ਅਦਾਲਤ ਨੇ ਉਸਨੂੰ ਪੁਲਿਸ ਹਿਰਾਸਤ ਵਿੱਚ ਭੇਜ ਦਿੱਤਾ ਸੀ। ਸ਼ਨੀਵਾਰ ਸਵੇਰੇ ਬਿਰਜੂ ਕੀਤ ਪੁਲਿਸ ਹਿਰਾਸਤ ਵਿੱਚ ਬੇਹੋਸ਼ ਪਾਇਆ ਗਿਆ। ਹਸਪਤਾਲ ਪਹੁੰਚਣ



'ਤੇ ਡਾਕਟਰਾਂ ਨੇ ਉਸਨੂੰ ਮ੍ਰਿਤਕ ਐਲਾਨ ਦਿੱਤਾ। ਤ੍ਰਿਣਮੂਲ ਕਾਂਗਰਸ ਦਾ ਇਲਜ਼ਾਮ ਹੈ ਕਿ ਹਿਰਾਸਤ ਦੌਰਾਨ ਪੁਲਿਸ ਨੇ ਉਸਨੂੰ ਕੁੱਟ-ਕੁੱਟ ਕੇ ਮਾਰ ਦਿੱਤਾ। ਹਾਲਾਂਕਿ, ਪੁਲਿਸ ਨੇ ਦਾਅਵਾ ਕੀਤਾ ਕਿ ਬਿਰਜੂ ਪਹਿਲਾਂ ਹੀ ਬਿਮਾਰ ਸੀ ਅਤੇ ਉਸਦੀ ਮੌਤ ਦਿਲ ਦੀ ਬਿਮਾਰੀ ਕਾਰਨ ਹੋਈ। ਇਸ ਘਟਨਾ ਤੋਂ ਬਾਅਦ, ਟੀਐਮਸੀ ਮੁਖੀ ਅਤੇ ਸਾਬਕਾ ਮੁੱਖ ਮੰਤਰੀ ਮਮਤਾ ਬੈਨਰਜੀ ਐਤਵਾਰ ਦੁਪਹਿਰ ਨੂੰ ਮ੍ਰਿਤਕ ਪਾਰਟੀ ਵਰਕਰ ਦੇ ਘਰ ਜਾ ਰਹੀ ਸੀ ਜਦੋਂ ਉਨ੍ਹਾਂ ਦੀ ਗੱਡੀ 'ਤੇ ਹਮਲਾ ਹੋ ਗਿਆ। ਪੱਤਰਕਾਰਾਂ ਨਾਲ ਗੱਲ ਕਰਦੇ ਹੋਏ, ਮਮਤਾ ਨੇ ਕਿਹਾ ਹਾਲੀਸਹਾਰ ਪੁਲਿਸ ਸਟੇਸ਼ਨ ਦੇ ਆਈਸੀ (ਇੰਸਪੈਕਟਰ-ਇਨਚਾਰਜ) ਨੇ ਸਾਡੇ ਪਾਰਟੀ ਵਰਕਰ ਨੂੰ ਤਾਲਾਬੰਦੀ ਵਿੱਚ ਤਸੀਹੇ ਦਿੱਤੇ ਅਤੇ ਮਾਰ ਦਿੱਤਾ। ਇਹ ਉਨ੍ਹਾਂ ਦੇ ਉਕਸਾਉਣ 'ਤੇ ਹੀ ਭਾਜਪਾ ਵਰਕਰਾਂ ਨੇ ਸਾਡੀ ਗੱਡੀ 'ਤੇ ਇੱਟਾਂ ਅਤੇ ਪੱਥਰ ਸੁੱਟੇ ਅਤੇ ਗਾਲਾਂ ਕੱਢੀਆਂ। ਟੀਐਮਸੀ ਸੰਸਦ ਮੈਂਬਰ ਕਲਿਆਣ ਬੈਨਰਜੀ ਅਤੇ ਡੋਲਾ ਸੇਨ ਵੀ ਮਮਤਾ ਬੈਨਰਜੀ ਦੇ ਨਾਲ ਹਲੀਸਹਾਰ ਗਏ ਸਨ। ਖੁਦ ਵਿਰੋਧ • ਬਾਕੀ ਸਫ਼ਾ 2 'ਤੇ

# ਟੋਰਾਂਟੋ ਭਾਰਤੀ ਮੂਲ ਦੀ ਹਿਮਾਂਸ਼ੀ ਖੁਰਾਨਾ ਕਤਲ ਕੇਸ ਵਿੱਚ ਮੁਲਜ਼ਮ ਮਹੀਨਿਆਂ ਬਾਅਦ ਗ੍ਰਿਫ਼ਤਾਰ

ਜ਼ਿਕਰ ਪੰਜਾਬ

**ਟੋਰਾਂਟੋ :** ਮਹੀਨਿਆਂ ਬਾਅਦ, ਕੈਨੇਡਾ ਦੇ ਟੋਰਾਂਟੋ ਵਿੱਚ ਪੁਲਿਸ ਨੇ 30 ਸਾਲਾ ਭਾਰਤੀ ਮੂਲ ਦੀ ਔਰਤ ਹਿਮਾਂਸ਼ੀ ਖੁਰਾਨਾ ਦੇ ਕਤਲ ਦੇ ਸਬੰਧ ਵਿੱਚ ਇੱਕ ਵਿਅਕਤੀ ਨੂੰ ਗ੍ਰਿਫ਼ਤਾਰ ਕੀਤਾ ਹੈ। ਦੋਸ਼ੀ ਦੀ ਪਛਾਣ 32 ਸਾਲਾ ਅਬਦੁਲ ਗਫੂਰੀ ਵਜੋਂ ਹੋਈ ਹੈ, ਜੋ ਕਿ ਹਿਮਾਂਸ਼ੀ ਦਾ





ਸਾਥੀ ਦੱਸਿਆ ਜਾ ਰਿਹਾ ਹੈ। ਪੁਲਿਸ ਨੇ ਉਸ 'ਤੇ ਪਹਿਲੀ ਡਿਗਰੀ ਕਤਲ ਦਾ ਦੋਸ਼ ਲਗਾਇਆ ਹੈ। ਸਥਾਨਕ ਮੀਡੀਆ ਦੇ ਅਨੁਸਾਰ, ਗਫੂਰੀ ਨੂੰ ਸ਼ੁੱਕਰਵਾਰ ਨੂੰ ਟੋਰਾਂਟੋ ਹਵਾਈ ਅੱਡੇ ਤੋਂ ਗ੍ਰਿਫਤਾਰ ਕੀਤਾ ਗਿਆ ਸੀ। ਅਧਿਕਾਰੀਆਂ ਨੇ ਸ਼ਨੀਵਾਰ ਨੂੰ ਇਸਦੀ ਪੁਸ਼ਟੀ ਕੀਤੀ। ਪੁਲਿਸ ਦੇ ਅਨੁਸਾਰ, ਟੋਰਾਂਟੋ ਪੁਲਿਸ ਭਗੌੜਾ ਸਕੁਐਡ ਅਤੇ ਹੋਮੀਸਾਈਡ ਯੂਨਿਟ ਨੇ ਸ਼ੱਕੀ ਨੂੰ ਗ੍ਰਿਫ਼ਤਾਰ ਕਰਨ ਲਈ ਰਾਸ਼ਟਰੀ ਅਤੇ ਅੰਤਰਰਾਸ਼ਟਰੀ ਪੁਲਿਸ ਏਜੰਸੀਆਂ ਨਾਲ ਕੰਮ ਕੀਤਾ। ਹਾਲਾਂਕਿ, ਪੁਲਿਸ ਨੇ ਇਹ ਨਹੀਂ ਦੱਸਿਆ ਕਿ ਸ਼ੱਕੀ ਆਪਣੀ ਗ੍ਰਿਫਤਾਰੀ ਤੋਂ ਪਹਿਲਾਂ ਕਿਸ ਦੇਸ਼ ਵਿੱਚ ਸੀ। ਪੁਲਿਸ ਦੇ ਅਨੁਸਾਰ, 19 ਦਸੰਬਰ ਨੂੰ ਸਟ੍ਰੈਚਨ ਐਵੇਨਿਊ ਅਤੇ ਵੈਲਿੰਗਟਨ ਸਟਰੀਟ ਵੈਸਟ ਖੇਤਰ ਤੋਂ ਇੱਕ ਔਰਤ ਦੇ ਲਾਪਤਾ ਹੋਣ ਦੀ ਰਿਪੋਰਟ ਮਿਲੀ ਸੀ। ਅਗਲੇ ਦਿਨ, 20 ਦਸੰਬਰ ਨੂੰ, ਹਿਮਾਂਸ਼ੀ ਖੁਰਾਨਾ ਇੱਕ ਘਰ ਦੇ ਅੰਦਰੋਂ ਮ੍ਰਿਤਕ ਪਾਈ ਗਈ। ਜਾਂਚ ਦੇ ਸ਼ੁਰੂ ਵਿੱਚ, ਪੁਲਿਸ ਨੇ • ਬਾਕੀ ਸਫ਼ਾ 2 'ਤੇ

# 'ਆਪ' ਆਗਾਮੀ ਪੰਜਾਬ ਵਿਧਾਨ ਸਭਾ ਚੋਣਾਂ ਲਈ ਪੂਰੀ ਤਰ੍ਹਾਂ ਤਿਆਰ, 117 ਹਲਕਿਆਂ 'ਚ ਬੂਥ ਪੱਧਰੀ ਤਿਆਰੀਆਂ ਸ਼ੁਰੂ



ਜ਼ਿਕਰ ਪੰਜਾਬ

**ਚੰਡੀਗੜ੍ਹ :** ਆਮ ਆਦਮੀ ਪਾਰਟੀ (ਆਪ) ਨੇ ਸੂਬੇ ਭਰ ਵਿੱਚ ਆਪਣੀਆਂ ਜਥੇਬੰਦਕ ਸਰਗਰਮੀਆਂ ਨੂੰ ਤੇਜ਼ ਕਰਦਿਆਂ ਆਗਾਮੀ ਪੰਜਾਬ ਵਿਧਾਨ ਸਭਾ ਚੋਣਾਂ ਲਈ ਤਿਆਰੀਆਂ ਸ਼ੁਰੂ ਕਰ ਦਿੱਤੀਆਂ ਹਨ, ਜਿਸ ਵਿੱਚ ਪਾਰਟੀ ਦੇ ਬੂਥ ਪੱਧਰੀ ਨੈੱਟਵਰਕ ਨੂੰ ਮਜ਼ਬੂਤ ਕਰਨ ਅਤੇ ਚੋਣ ਮੈਦਾਨ ਲਈ ਕਾਰਜਕਰਤਾਵਾਂ ਤੇ ਵਲੰਟੀਅਰਾਂ ਨੂੰ ਤਿਆਰ ਕਰਨ 'ਤੇ ਵਿਸ਼ੇਸ਼ ਧਿਆਨ ਦਿੱਤਾ ਜਾ ਰਿਹਾ ਹੈ। ਇਸੇ ਅਭਿਆਸ ਦੇ ਹਿੱਸੇ ਵਜੋਂ, 'ਆਪ' ਦੇ ਸੀਨੀਅਰ ਆਗੂ ਅਤੇ ਪੰਜਾਬ ਪ੍ਰਭਾਰੀ ਮਨੀਸ਼ ਸਿਸੋਦੀਆ ਨੇ ਪਾਰਟੀ ਕਾਰਜਕਰਤਾਵਾਂ ਅਤੇ ਵਲੰਟੀਅਰਾਂ ਨਾਲ ਜ਼ਿਲ੍ਹਾ ਵਾਰ ਬੈਠਕਾਂ ਕਰਨੀਆਂ ਸ਼ੁਰੂ ਕਰ ਦਿੱਤੀਆਂ ਹਨ। ਇਹ ਬੈਠਕਾਂ ਹੇਠਲੇ ਪੱਧਰ 'ਤੇ ਸੰਗਠਨ ਨੂੰ ਮਜ਼ਬੂਤ ਕਰਨ ਅਤੇ ਪੰਜਾਬ ਸਰਕਾਰ ਦੇ ਕੰਮਾਂ ਨੂੰ ਘਰ-ਘਰ ਪਹੁੰਚਾਉਣ ਲਈ ਪਾਰਟੀ ਕਾਰਜਕਰਤਾਵਾਂ ਨੂੰ ਤਿਆਰ ਕਰਨ 'ਤੇ ਕੇਂਦਰਿਤ ਹਨ। ਇਸ ਜਥੇਬੰਦਕ ਅਭਿਆਸ ਦੇ ਹਿੱਸੇ ਵਜੋਂ ਪੰਜਾਬ ਦੇ ਸਾਰੇ 117 ਵਿਧਾਨ ਸਭਾ ਹਲਕਿਆਂ ਵਿੱਚ ਬੂਥ ਇੰਚਾਰਜਾਂ ਦੀਆਂ ਬੈਠਕਾਂ ਕੀਤੀਆਂ ਜਾਣਗੀਆਂ। ਪਟਿਆਲਾ ਦਿਹਾਤੀ ਦੇ ਆਪਣੇ ਦੌਰੇ ਦੌਰਾਨ ਮਨੀਸ਼ ਸਿਸੋਦੀਆ • ਬਾਕੀ ਸਫ਼ਾ 2 'ਤੇ

# ਸੜਕ ਹਾਦਸੇ 'ਚ ਤਿੰਨ ਕਾਂਵੜੀਆਂ ਦੀ ਮੌਤ









ਜ਼ਿਕਰ ਪੰਜਾਬ

**ਫਤਿਹਗੜ੍ਹ ਸਾਹਿਬ :** ਬੀਤੀ ਰਾਤ ਕਰੀਬ ਸਵਾ ਦੋ ਵਜੇ ਸਰਹਿੰਦ ਜੀ.ਟੀ. ਰੋਡ ਤੇ ਦਾਦਾ ਮੋਟਰ ਦੇ ਨੇੜੇ ਵਾਪਰੇ ਇੱਕ ਦਰਦਨਾਕ ਹਾਦਸੇ ਵਿੱਚ ਗੰਗੋਤਰੀ (ਉਤਰਾਖੰਡ) ਤੋਂ ਪਵਿੱਤਰ ਜਲ ਲੈ ਕੇ ਕੋਟਕਪੂਰਾ ਸ਼ਹਿਰ ਨੂੰ ਪਰਤ ਰਹੇ ਤਿੰਨ ਕਾਂਵੜੀਆਂ ਦੀ ਮੌਤ ਅਤੇ ਇੱਕ ਵਿਅਕਤੀ ਜ਼ਖ਼ਮੀ ਹੋ ਗਿਆ। ਇਸ ਹਾਦਸੇ ਵਿੱਚ ਜ਼ਖ਼ਮੀ ਦੀ ਪਹਿਚਾਨ ਮੁਕੇਸ਼ ਕੁਮਾਰ ਵੱਜੋ ਹੋਈ ਹੈ ਜਦੋਂ ਵੀ ਮ੍ਰਿਤਕਾਂ ਦੀ ਪਹਿਚਾਣ ਮਹਿੰਦਰਪਾਲ,ਦੀਪਕ ਅਤੇ ਜਗਦੀਸ਼ ਮਿੱਤਲ ਸਾਰੇ ਜ਼ਿਲ੍ਹਾ ਫਰੀਦਕੋਟ ਵਜੋਂ ਹੋਈ ਹੈ। ਗੱਲਬਾਤ ਕਰਦੇ ਹੋਏ ਮੌਕੇ ਤੇ ਜਗਸੀਰ ਸਿੰਘ ਨੇ ਦੱਸਿਆ ਕਿ ਬੀਤੀ ਰਾਤ ਕਰੀਬ ਦੋ ਵਜੇ ਉਹ ਛੇ ਕਾਂਵੜੀਏ ਜਦੋਂ ਸਰਹਿੰਦ ਜੀ.ਟੀ. ਰੋਡ ਤੋਂ ਗੁਜ਼ਰ ਰਹੇ ਸਨ ਤਾਂ ਪਿੱਛੋਂ ਤੇਜ਼ ਰਫ਼ਤਾਰ ਨਾਲ ਆਈ ਇੱਕ ਗੱਡੀ ਨੇ ਉਸ ਤੋਂ ਅੱਗੇ ਤੁਰੇ ਜਾ ਰਹੇ ਚਾਰ ਕਾਂਵੜੀਆਂ ਨੂੰ ਟੱਕਰ ਮਾਰ ਦਿੱਤੀ ਜਿਸ ਕਾਰਨ ਉਨ੍ਹਾਂ ਦੇ ਤਿੰਨ ਸਾਥੀ ਕਾਂਵੜੀਆਂ ਦੀ ਮੌਕੇ ਤੇ ਹੀ ਮੌਤ ਹੋ ਗਈ ਜਦੋਂ ਕਿ ਇੱਕ ਸਾਥੀ ਗੰਭੀਰ ਰੂਪ ਵਿੱਚ ਜ਼ਖ਼ਮੀ ਹੋ ਗਿਆ। ਉੱਧਰ ਪੰਜਾਬ ਵਿਧਾਨ ਸਭਾ ਦੇ ਸਪੀਕਰ ਸ. ਕੁਲਤਾਰ ਸਿੰਘ ਸੰਧਵਾਂ ਨੇ ਬੀਤੀ ਰਾਤ ਸਰਹਿੰਦ ਨੇੜੇ ਕਾਵੜ ਲੈ ਕੇ ਜਾ ਰਹੇ • ਬਾਕੀ ਸਫ਼ਾ 2 'ਤੇ



# ਲੁਧਿਆਣਾ ਦੇ ਆਰਕੀਟੈਕਟਸ ਵੱਲੋਂ ਪੈਨਲ ਚਰਚਾ ਦਾ ਆਯੋਜਨ

- ਆਰਕੀਟੈਕਟਸ ਨੇ ਇੱਕ ਮੰਚ 'ਤੇ ਇਕੱਠੇ ਹੋ ਕੇ ਵਿਚਾਰ-ਵਟਾਂਦਰੇ, ਗਿਆਨ ਸਾਂਝਾ ਕਰਨ ਅਤੇ ਆਪਸੀ ਸੰਵਾਦ ਵਿੱਚ ਲਿਆ ਹਿੱਸਾ

ਜ਼ਿਕਰ ਪੰਜਾਬ
ਲੁਧਿਆਣਾ/ਤਮੰਨਾ ਬੇਦੀ

ਲੁਧਿਆਣਾ ਵਿੱਚ ਆਰਕੀਟੈਕਟਸ ਦਾ ਇੱਕ ਉਤਸ਼ਾਹਪੂਰਨ ਸਮਾਗਮ ਦੇਖਣ ਨੂੰ ਮਿਲਿਆ, ਜਿੱਥੇ "ਬਿਜ਼ਨਸ ਆਫ਼ ਆਰਕੀਟੈਕਚਰ - ਫ੍ਰੌਮ ਡਿਜ਼ਾਈਨਰ ਟੂ ਐਂਟਰਪ੍ਰੀਨਿਊਰ" ਵਿਸ਼ੇ 'ਤੇ ਆਯੋਜਿਤ ਪ੍ਰੋਗਰਾਮ ਸਫਲਤਾਪੂਰਵਕ ਸੰਪੰਨ ਹੋਇਆ। ਇਸ ਮੌਕੇ ਖੇਤਰ ਭਰ ਤੋਂ ਆਰਕੀਟੈਕਚਰ ਦੇ ਪੇਸ਼ੇ ਨਾਲ ਜੁੜੇ ਮਾਹਿਰ ਇੱਕਠੇ ਹੋਏ ਅਤੇ ਗਿਆਨ ਦੇ ਆਦਾਨ-ਪ੍ਰਦਾਨ, ਨੈੱਟਵਰਕਿੰਗ ਅਤੇ ਆਪਸੀ ਸੰਵਾਦ ਰਾਹੀਂ ਆਪਣੇ ਤਜਰਬੇ ਸਾਂਝੇ ਕੀਤੇ। ਪ੍ਰੋਗਰਾਮ ਵਿੱਚ ਆਰਕੀਟੈਕਟ ਨਿਖਿਲ ਜਿੰਦਲ, ਅਮ੍ਰਿਤਾ ਤਨੇਜਾ, ਤਰਸੇਮ ਗੋਇਲ, ਜੈਦੀਪ ਅਰੋੜਾ, ਰਵਿੰਦਰ ਸਿੰਘ, ਵਿਕਾਸ ਸ਼ਰਮਾ, ਮਨੀ ਤਲਵਾਰ, ਗੁਰਪ੍ਰੀਤ ਸਿੰਘ ਬਰਾੜ, ਪਾਲਕਾ ਕੌਰ, ਹੈਪੀ ਗੋਇਲ, ਅਕਸ਼ੈ ਗੋਇਲ, ਮਹਕ ਅਰੋੜਾ, ਈਸ਼ਾਨ ਸਿੰਗਲਾ, ਸਾਂਚੀ ਗੋਇਲ, ਚਨਪ੍ਰੀਤ ਸਿੰਘ, ਰਣਜੋਧ ਸਿੰਘ, ਵੰਸ਼ਿਕਾ ਜਿੰਦਲ, ਗਗਨਦੀਪ ਸਿੰਘ, ਵਿਸ਼ਾਲ ਜੈਨ ਅਤੇ ਪ੍ਰਤਿਸ਼ਠਾ ਸਮੇਤ ਆਰਕੀਟੈਕਚਰ ਖੇਤਰ ਨਾਲ ਜੁੜੇ ਕਈ ਪ੍ਰਮੁੱਖ ਮੈਂਬਰ ਮੌਜੂਦ ਰਹੇ। ਪ੍ਰੋਗਰਾਮ ਦਾ ਮੁੱਖ ਆਕਰਸ਼ਣ ਆਧੁਨਿਕ ਆਰਕੀਟੈਕਚਰ ਦੇ ਪੇਸ਼ੇ ਨਾਲ ਜੁੜੇ ਮਹੱਤਵਪੂਰਨ ਮੁੱਦਿਆਂ 'ਤੇ ਹੋਈ ਪੈਨਲ ਚਰਚਾ ਰਹੀ। ਚਰਚਾ ਦੌਰਾਨ ਆਰਕੀਟੈਕਟਸ ਨੂੰ ਦਰਪੇਸ਼ ਚੁਣੌਤੀਆਂ, ਆਰਟੀਫਿਸ਼ਲ ਇੰਟੈਲੀਜੈਂਸ ਦੇ ਪ੍ਰਭਾਵ, ਗ੍ਰੀਨ ਬਿਲਡਿੰਗ ਮਾਪਦੰਡਾਂ ਅਤੇ ਆਰਕੀਟੈਕਚਰ ਦੇ ਵਿਹਾਰਕ ਖੇਤਰ ਵਿੱਚ ਇਨ੍ਹਾਂ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਲਾਗੂ ਕਰਨ ਵਰਗੇ ਵਿਸ਼ਿਆਂ 'ਤੇ ਵਿਸਥਾਰ ਨਾਲ ਵਿਚਾਰ-ਵਟਾਂਦਰਾ ਕੀਤਾ ਗਿਆ। ਪ੍ਰੋਗਰਾਮ ਦੀ ਸ਼ੁਰੂਆਤ ਆਰਕੀਟੈਕਟ ਆਂਚਲ ਅਤੇ ਰਿੱਧੀ ਵੱਲੋਂ ਮਹਿਮਾਨਾਂ ਦੇ ਨਿੱਘੇ ਸਵਾਗਤ ਨਾਲ ਹੋਈ। ਸੈਸ਼ਨ ਦਾ ਸੰਚਾਲਨ ਆਰਕੀਟੈਕਟ ਪੂਜਾ ਵਰਮਾਨੀ ਨੇ ਕੀਤਾ। ਉਨ੍ਹਾਂ ਦੇ ਰੁਚਿਕਰ ਅਤੇ ਸੰਵਾਦਾਤਮਕ ਅੰਦਾਜ਼ ਨੇ ਚਰਚਾ ਨੂੰ ਜੀਵੰਤ ਅਤੇ ਵਿਚਾਰ-ਉਤਪੰਨ ਬਣਾਈ ਰੱਖਿਆ। ਪੈਨਲ ਵਿੱਚ ਆਰਕੀਟੈਕਟ ਵਰੁਣੇਸ਼ ਕੁਮਾਰ, ਵਿਕਰਮ ਲਿਖੀ, ਕਾਵਨੀਤ ਗਰੋਵਰ, ਅਰਪਣ ਅਗਰਵਾਲ ਅਤੇ ਵਿਵੇਕ ਸਹਿਗਲ ਸ਼ਾਮਲ ਰਹੇ। ਸਾਰੇ ਪੈਨਲਿਸਟਾਂ ਨੇ ਆਰਕੀਟੈਕਚਰ ਦੇ ਬਦਲਦੇ ਦ੍ਰਿਸ਼ਟੀਕੋਣ, ਪੇਸ਼ੇ ਸਾਹਮਣੇ ਉਭਰ ਰਹੀਆਂ ਚੁਣੌਤੀਆਂ ਅਤੇ ਭਵਿੱਖ ਦੀਆਂ ਸੰਭਾਵਨਾਵਾਂ ਬਾਰੇ ਆਪਣੇ ਕੀਮਤੀ ਤਜਰਬੇ ਅਤੇ ਵਿਹਾਰਕ ਵਿਚਾਰ ਸਾਂਝੇ ਕੀਤੇ। ਪ੍ਰੋਗਰਾਮ ਵਿੱਚ ਸੀਨੀਅਰ ਆਰਕੀਟੈਕਟਸ ਦੀ ਮੌਜੂਦਗੀ ਨੇ ਵੀ ਸਮਾਗਮ ਨੂੰ ਵਿਸ਼ੇਸ਼ ਮਹੱਤਤਾ ਪ੍ਰਦਾਨ ਕੀਤੀ। ਇਨ੍ਹਾਂ ਵਿੱਚ ਆਰਕੀਟੈਕਟ ਪ੍ਰਿਤਪਾਲ ਸਿੰਘ ਅਹਲੂਵਾਲੀਆ, ਆਈਆਈਏ ਪੰਜਾਬ ਚੈਪਟਰ ਦੇ ਚੇਅਰਮੈਨ (2023-26), ਆਰਕੀਟੈਕਟ ਸੰਜੇ ਗੋਇਲ, ਆਈਆਈਏ ਪੰਜਾਬ ਚੈਪਟਰ ਦੇ ਚੇਅਰਮੈਨ (2015-23), ਅਤੇ ਆਰਕੀਟੈਕਟ ਰਾਜਨ ਤਾਂਗੜੀ, ਆਈਆਈਏ ਪੰਜਾਬ ਚੈਪਟਰ ਦੇ ਜੁਆਇੰਟ ਸਕੱਤਰ (2023-26) ਸਮੇਤ ਆਰਕੀਟੈਕਚਰ ਖੇਤਰ ਨਾਲ ਜੁੜੇ ਕਈ ਹੋਰ ਸੀਨੀਅਰ ਮੈਂਬਰ ਸ਼ਾਮਲ ਸਨ। ਉਨ੍ਹਾਂ ਦੀ ਸ਼ਮੂਲੀਅਤ ਨੇ ਸਮਾਗਮ ਨੂੰ ਹੋਰ ਵੀ ਅਰਥਪੂਰਨ ਬਣਾਇਆ। ਸਮਾਪਤੀ ਸੰਬੋਧਨ ਵਿੱਚ ਆਰਕੀਟੈਕਟ ਪ੍ਰਿਤਪਾਲ ਅਹਲੂਵਾਲੀਆ ਨੇ ਖ਼ਾਸ ਤੌਰ 'ਤੇ ਨੌਜਵਾਨ • ਬਾਕੀ ਸਫ਼ਾ 2 'ਤੇ

# ਪਿੰਡਾਂ ਦੇ ਵਿਕਾਸ ਲਈ ਪੰਜਾਬ ਸਰਕਾਰ ਵੱਲੋਂ ਫੰਡਾਂ ਦੀ ਕੋਈ ਕਮੀ ਨਹੀਂ ਆਉਣ ਦਿੱਤੀ ਜਾ ਰਹੀ : ਅਮਨ ਅਰੋੜਾ



ਜ਼ਿਕਰ ਪੰਜਾਬ

**ਸੁਨਾਮ :** ਪੰਜਾਬ ਸਰਕਾਰ ਵੱਲੋਂ ਪਿੰਡਾਂ ਦੇ ਸਰਬਪੱਖੀ ਵਿਕਾਸ ਨੂੰ ਵਿਸ਼ੇਸ਼ ਤਰਜੀਹ ਦਿੱਤੀ ਜਾ ਰਹੀ ਹੈ ਅਤੇ ਪਿੰਡਾਂ ਵਿੱਚ ਬੁਨਿਆਦੀ ਸਹੂਲਤਾਂ ਨੂੰ ਹੋਰ ਮਜ਼ਬੂਤ ਕਰਨ ਲਈ ਲਗਾਤਾਰ ਗ੍ਰਾਂਟਾਂ ਜਾਰੀ ਕੀਤੀਆਂ ਜਾ ਰਹੀਆਂ ਹਨ। ਇਸੇ ਤਹਿਤ ਕੈਬਨਿਟ ਮੰਤਰੀ ਸ੍ਰੀ ਅਮਨ ਅਰੋੜਾ ਨੇ ਅੱਜ ਹਲਕਾ ਸੁਨਾਮ ਦੇ ਪਿੰਡ ਕੋਟੜਾ ਅਮਰੂ ਵਿਖੇ 8 ਪਿੰਡਾਂ ਦੀਆਂ ਪੰਚਾਇਤਾਂ ਨੂੰ ਕਰੀਬ 60 ਲੱਖ ਰੁਪਏ ਦੀ ਲਾਗਤ ਵਾਲੇ ਵੱਖ-ਵੱਖ ਵਿਕਾਸ ਕਾਰਜਾਂ ਲਈ ਚੈੱਕ ਸੌਂਪੇ। ਇਸ ਮੌਕੇ ਕੈਬਨਿਟ ਮੰਤਰੀ ਸ੍ਰੀ ਅਮਨ ਅਰੋੜਾ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਵਿਕਾਸ ਕਾਰਜਾਂ ਲਈ ਫੰਡਾਂ ਦੀ ਕੋਈ ਕਮੀ ਨਹੀਂ ਆਉਣ ਦਿੱਤੀ ਜਾ ਰਹੀ। ਉਨ੍ਹਾਂ ਕਿਹਾ ਕਿ ਸਰਕਾਰ ਦਾ ਉਦੇਸ਼ ਸਿਰਫ਼ ਸ਼ਹਿਰਾਂ ਦਾ ਵਿਕਾਸ ਕਰਨਾ ਨਹੀਂ, ਸਗੋਂ ਪਿੰਡਾਂ ਨੂੰ ਵੀ ਆਧੁਨਿਕ ਅਤੇ ਬੁਨਿਆਦੀ ਸਹੂਲਤਾਂ ਨਾਲ ਲੈਸ ਕਰਨਾ ਹੈ। ਉਨ੍ਹਾਂ ਕਿਹਾ ਕਿ ਪਿੰਡਾਂ ਦੇ ਲੋਕਾਂ ਦੀਆਂ ਜ਼ਰੂਰਤਾਂ ਨੂੰ ਧਿਆਨ ਵਿੱਚ ਰੱਖਦਿਆਂ ਖੇਡਾਂ, ਸਿੱਖਿਆ, ਸਿਹਤ, ਪਾਣੀ, ਸਫ਼ਾਈ ਅਤੇ ਜਨਤਕ ਸਹੂਲਤਾਂ ਨਾਲ ਸਬੰਧਤ ਕੰਮਾਂ ਨੂੰ ਪਹਿਲ ਦੇ ਆਧਾਰ 'ਤੇ ਕਰਵਾਇਆ ਜਾ ਰਿਹਾ ਹੈ। ਸ੍ਰੀ ਅਮਨ ਅਰੋੜਾ ਨੇ ਦੱਸਿਆ ਕਿ ਪਿੰਡ ਸ਼ੇਰੋਂ ਵਿਖੇ ਵਾਲੀਬਾਲ ਗਰਾਊਂਡ ਬਣਾਉਣ ਲਈ 5 ਲੱਖ ਰੁਪਏ ਅਤੇ ਜੱਸੂ ਪੱਤੀ ਦੀ ਸ਼ਮਸ਼ਾਨਘਾਟ ਦੀ ਚਾਰਦੀਵਾਰੀ ਅਤੇ ਫ਼ਰਸ਼ ਲਈ 5 ਲੱਖ ਰੁਪਏ ਦਿੱਤੇ ਗਏ ਹਨ। ਇਸੇ ਤਰ੍ਹਾਂ ਨਮੋਲ ਵਿਖੇ ਰੋਮਾਣਾ ਪੱਤੀ ਦੇ ਦਰਵਾਜ਼ੇ ਦੀ ਮੁਰੰਮਤ ਲਈ 3 ਲੱਖ ਰੁਪਏ, ਬਾਬਾ ਮੋਤੀ ਮਹਿਰਾ ਧਰਮਸ਼ਾਲਾ ਵਿੱਚ ਕਮਰਾ ਬਣਾਉਣ ਲਈ 4 ਲੱਖ ਰੁਪਏ ਅਤੇ ਸਟੀਲ ਵਾਟਰ ਟੈਂਕਰ ਲਈ 3.25 ਲੱਖ ਰੁਪਏ ਦੀ ਗ੍ਰਾਂਟ ਦਿੱਤੀ ਗਈ ਹੈ। ਉਨ੍ਹਾਂ ਦੱਸਿਆ ਕਿ ਸ਼ਾਹਪੁਰ ਕਲਾਂ ਵਿਖੇ ਪੁਰਾਣੇ ਕਮਿਊਨਿਟੀ ਹਾਲ ਵਿੱਚ ਸ਼ੈੱਡ ਪਾਉਣ ਲਈ 4 ਲੱਖ ਰੁਪਏ ਅਤੇ ਵਿਸ਼ਵਕਰਮਾ ਧਰਮਸ਼ਾਲਾ ਵਿੱਚ ਕਮਰਾ ਬਣਾਉਣ ਲਈ 5 ਲੱਖ ਰੁਪਏ ਦਿੱਤੇ ਗਏ ਹਨ। ਬੀਰ ਕਲਾਂ ਵਿਖੇ ਸਟੀਲ ਵਾਟਰ ਟੈਂਕਰ ਲਈ 3.25 ਲੱਖ • ਬਾਕੀ ਸਫ਼ਾ 2 'ਤੇ

# ਕਾਰ ਸੇਵਾ ਸਬੰਧੀ ਗੁ: ਮੱਲ ਅਖਾੜਾ ਸਾਹਿਬ ਪਾ: ਛੇਵੀਂ ਵਿਖੇ ਸ੍ਰੀ ਅਖੰਡ ਸਾਹਿਬ ਅਰੰਭ



ਜ਼ਿਕਰ ਪੰਜਾਬ

**ਅੰਮ੍ਰਿਤਸਰ** : ਗੁਰਦੁਆਰਾ ਮੱਲ ਅਖਾੜਾ ਸਾਹਿਬ ਪਾ: ਛੇਵੀਂ ਅਤੇ ਗੁਰਦੁਆਰਾ ਬੁਰਜ ਅਕਾਲੀ ਬਾਬਾ ਫੂਲਾ ਸਿੰਘ ਛਾਉਣੀ ਨਿਹੰਗ ਸਿੰਘਾਂ ਬੁੱਢਾ ਦਲ ਵਿਖੇ ਸ਼ਹੀਦ ਅਕਾਲੀ ਬਾਬਾ ਫੂਲਾ ਸਿੰਘ ਜੀ ਨਿਵਾਸ ਦੂਜੇ ਪਆੜ ਦੀ ਅਰੰਭਤਾ ਦੀ ਕਾਰ ਸੇਵਾ ਨਿਹੰਗ ਸਿੰਘਾਂ ਦੀ ਸਿਰਮੌਰ ਸੰਸਥਾ ਸ਼੍ਰੋਮਣੀ ਪੰਥ ਅਕਾਲੀ ਬੁੱਢਾ ਦਲ ਪੰਜਵਾਂ ਤਖ਼ਤ ਦੇ 14ਵੇਂ ਮੁਖੀ ਸਿੰਘ ਸਾਹਿਬ ਜਥੇਦਾਰ ਬਾਬਾ ਬਲਬੀਰ ਸਿੰਘ ਅਕਾਲੀ 96 ਕਰੋੜੀ ਦੇ ਨਿਰਦੇਸ਼ਾਂ ਹੇਠ ਭਾਈ ਗੁਰਇਕਬਾਲ ਸਿੰਘ ਬੀਬੀ ਕੌਲਾ ਜੀ ਚੈਰੀਟੇਬਲ ਟਰੱਸਟ ਨੂੰ ਸੌਂਪੀ ਗਈ। ਬੁੱਢਾ ਦਲ ਦੇ ਮੈਨੇਜਰ ਸ. ਪਰਮਜੀਤ ਸਿੰਘ ਬਾਜਵਾ ਵੱਲੋਂ ਜਾਰੀ ਇਕ ਲਿਖਤੀ ਪ੍ਰੈੱਸ ਬਿਆਨ ਕਿਹਾ ਕਿ ਗੁਰਦੁਆਰਾ ਮੱਲ ਅਖਾੜਾ ਸਾਹਿਬ ਪਾ: ਛੇਵੀਂ ਛਾਉਣੀ ਨਿਹੰਗ ਸਿੰਘਾਂ ਬੁੱਢਾ ਦਲ ਵਿਖੇ ਅੱਜ ਸ੍ਰੀ ਅਖੰਡ ਸਾਹਿਬ ਜੀ ਦੇ ਪਾਠ ਅਰੰਭ ਕੀਤੇ ਗਏ। ਜਿਨ੍ਹਾਂ ਦੇ ਭੋਗ 11-08-2026 ਦਿਨ ਮੰਗਲਵਾਰ ਨੂੰ ਪਾਏ ਜਾਣਗੇ ਉਪਰੰਤ 11 ਵਜੇ ਕਾਰ ਸੇਵਾ ਅਰੰਭਤਾ ਅਰਦਾਸ ਸਮਾਗਮ ਹੋਵੇਗਾ। ਜਿਸ ਵਿੱਚ ਸਿੱਖ ਪੰਥ ਦੀਆਂ ਧਾਰਮਿਕ ਸਖਸ਼ੀਅਤਾਂ, ਉਘੇ ਵਿਦਵਾਨ, ਸੰਤ ਮਹਾਂਪੁਰਸ਼, ਨਿਹੰਗ ਸਿੰਘ ਜਥੇਬੰਦੀਆਂ ਵਿਸ਼ੇਸ਼ ਤੌਰ ਤੇ ਸਮੂਲੀਅਤ ਕਰਨਗੀਆਂ। ਇਸ ਸਮੇਂ ਬਾਬਾ ਭਗਤ ਸਿੰਘ, ਸ. ਇੰਦਰਪਾਲ ਸਿੰਘ ਫੌਜੀ ਹਜ਼ੂਰ ਸਾਹਿਬ, ਬਾਬਾ ਗੁਰਲਾਲ ਸਿੰਘ, ਬਾਬਾ ਕੇਵਲ ਸਿੰਘ ਕੋਮਲ, ਬਾਬਾ ਗਗਨਦੀਪ ਸਿੰਘ ਆਦਿ ਹਾਜ਼ਰ ਸਨ।

# ਸ੍ਰੀ ਅਕਾਲ ਤਖਤ ਸਾਹਿਬ 'ਤੇ ਬੰਦੀ ਸਿੰਘਾਂ ਨੂੰ ਸਮਰਪਿਤ ਅਰਦਾਸ ਕੀਤੀ ਜਾਵੇਗੀ : ਗਿਆਨੀ ਹਰਪ੍ਰੀਤ ਸਿੰਘ

ਜ਼ਿਕਰ ਪੰਜਾਬ

**ਚੰਡੀਗੜ੍ਹ** : ਸ਼੍ਰੋਮਣੀ ਅਕਾਲੀ ਦਲ ਪੁਨਰ-ਸੁਰਜੀਤ ਦੇ ਪ੍ਰਧਾਨ ਗਿਆਨੀ ਹਰਪ੍ਰੀਤ ਸਿੰਘ ਨੇ ਇਕ ਲਿਖਤੀ ਪ੍ਰੈੱਸ ਬਿਆਨ ਰਾਹੀਂ ਜਾਣਕਾਰੀ ਦੇਂਦਿਆ ਦੱਸਿਆ ਕਿ 11 ਅਗਸਤ ਨੂੰ ਪੰਥ ਦੀ ਖੇਤਰੀ ਪਾਰਟੀ ਸ਼?ਰੋਮਣੀ ਅਕਾਲੀ ਦਲ ਦੇ ਪੁਨਰ-ਸੁਰਜੀਤ ਹੋਣ ਦੇ ਇਕ ਸਾਲ ਪੂਰਾ ਹੋਣ 'ਤੇ ਸ੍ਰੀ ਅਕਾਲ ਤਖਤ ਸਾਹਿਬ ਅੱਗੇ ਅਰਦਾਸ ਕੀਤੀ ਜਾਵੇਗੀ। ਉਨ੍ਹਾਂ ਨੇ ਕਿਹਾ ਕਿ ਇਹ ਅਰਦਾਸ ਬੰਦੀ ਸਿੰਘਾਂ ਦੀ ਰਿਹਾਈ ਨੂੰ ਸਮਰਪਿਤ ਹੋਵੇਗੀ। ਕਿਉਂਕਿ ਪਿਛਲੇ ਲੰਮੇ ਸਮੇਂ ਤੋਂ ਜੇਲ੍ਹਾਂ ਵਿੱਚ ਬੰਦ ਕੀਤੇ ਹੋਏ ਸਿੱਖ ਨੌਜਵਾਨਾਂ ਨੂੰ ਬੁੱਢੇ ਹੋਣ ਤੋਂ ਬਾਦ ਵੀ ਰਿਹਾ ਨਹੀਂ ਕੀਤਾ ਜਾ ਰਹੀ। ਸਭ ਤੋਂ ਵੱਧ ਹਨੇਰ ਦੀ ਗੱਲ ਇਹ ਹੈ ਕਿ ਭਾਈ ਬਲਵੰਤ ਸਿੰਘ ਰਾਜੋਆਣਾ ਜੋ ਪਿਛਲੇ 31 ਸਾਲ ਤੋਂ ਜੇਲ੍ਹ ਅਤੇ 19 ਸਾਲ ਤੋਂ ਫਾਂਸੀ ਦੀ ਚੱਕੀ ਵਿੱਚ ਡੱਕੇ ਹੋਏ ਹਨ। ਉਨ੍ਹਾਂ ਬਾਰੇ ਕੇਂਦਰ ਸਰਕਾਰ ਕੋਈ ਫੈਸਲਾ ਨਹੀਂ ਲੈ ਰਹੀ। ਭਾਈ ਜਗਤਾਰ ਸਿੰਘ ਹਵਾਰਾ ਦੇ ਮਾਤਾ ਜੀ ਬਜ਼ੁਰਗ ਅਵਸਥਾ ਵਿੱਚ ਹਨ ਪਰ ਉਨ੍ਹਾਂ ਨਾਲ ਮਿਲਣ ਲਈ ਭਾਈ ਹਵਾਰਾ ਨੂੰ ਪੈਰੋਲ ਤੱਕ ਨਹੀਂ ਦਿੱਤੀ ਜਾ ਰਹੀ। ਜਦਕਿ ਬਲਾਤਕਾਰ ਅਤੇ ਕਤਲ ਦਾ ਦੋਸ਼ੀ ਗੁਰਮੀਤ ਰਾਮ ਰਹੀਮ ਸਾਲ ਵਿੱਚ ਕਈ ਵਾਰ ਪੈਰੋਲ 'ਤੇ ਜੇਲ੍ਹ ਤੋਂ ਬਾਹਰ ਹੁੰਦਾ ਹੈ। ਅਸੀਂ ਸਰਕਾਰਾਂ ਦੀ ਇਸ ਧੱਕੇਸ਼ਾਹੀ ਦਾ ਵਿਰੋਧ ਕਰਨ ਦੇ ਨਾਲ-ਨਾਲ ਮੀਰੀ ਪੀਰੀ ਦੇ ਮਾਲਕ ਬੰਦੀਛੋੜ ਸੱਚੇ ਪਾਤਸ਼ਾਹ ਗੁਰੂ ਹਰਿਗੋਬਿੰਦ ਸਾਹਿਬ ਜੀ ਅੱਗੇ ਅਰਦਾਸ ਕਰਾਂਗੇ ਕਿ ਇਨ੍ਹਾਂ ਯੋਧਿਆਂ ਦੀ ਬੰਦ ਖਲਾਸੀ ਕਰਵਾਓ ਅਤੇ ਪੰਥ ਦੀ ਇਸ ਜਥੇਬੰਦੀ ਨੂੰ ਬਲ ਬਖਸ਼ੋ ਕਿ ਅਸੀਂ ਉਨ੍ਹਾਂ ਦੀ ਰਿਹਾਈ ਲਈ ਹਰ ਮੁਹਾਜ 'ਤੇ ਉਦੋਂ ਤੱਕ ਅਵਾਜ ਉਠਾਉਂਦੇ ਰਹੀਏ ਜਦੋਂ ਤੱਕ ਉਹ ਰਿਹਾ ਹੋ ਕੇ ਆਪਣੇ ਘਰੀਂ ਵਾਪਸ ਨਹੀਂ ਆ ਜਾਂਦੇ। ਗਿਆਨੀ ਹਰਪ੍ਰੀਤ ਸਿੰਘ ਨੇ ਇਤਿਹਾਸਕ ਵੇਰਵਾ ਦਿੰਦਿਆਂ ਦੱਸਿਆ ਕਿ ਸ਼?ਰੋਮਣੀ ਅਕਾਲੀ ਦਲ 14 ਦਸੰਬਰ 1920 ਨੂੰ ਸ੍ਰੀ ਅਕਾਲ ਤਖਤ ਸਾਹਿਬ ਦੀ ਛਤਰ ਛਾਇਆ ਹੇਠ ਹੋਂਦ ਵਿੱਚ ਆਇਆ ਸੀ। ਜਿਸ ਅੰਦਰ ਸਮੇਂ ਨਾਲ ਆਈਆਂ ਕੁਰੀਤੀਆਂ ਨੂੰ ਦੂਰ ਕਰਨ ਲਈ 2 ਦਸੰਬਰ 2024 ਨੂੰ ਸ੍ਰੀ ਅਕਾਲ ਤਖਤ ਸਾਹਿਬ ਨੇ ਮੁੜ ਦਖਲ



ਦੇ ਕੇ ਇਸ ਨੂੰ ਪੁਨਰ-ਸੁਰਜੀਤ ਕਰਨ ਦਾ ਆਦੇਸ਼ ਦਿੱਤਾ ਸੀ। ਉਨ੍ਹਾਂ ਆਦੇਸ਼ਾਂ ਦੀ ਰੌਸ਼ਨੀ ਵਿੱਚ ਪੰਜ ਮੈਂਬਰੀ ਕਮੇਟੀ ਨੇ ਭਰਤੀ ਕਰਕੇ ਬੜੇ ਹੀ ਲੋਕਤਾਂਤਰਿਕ ਢੰਗ ਨਾਲ 11 ਅਗਸਤ 2025 ਨੂੰ ਜਰਨਲ ਇਜਲਾਸ ਰਾਹੀਂ ਮੇਰੀ ਪ੍ਰਧਾਨ ਵਜੋਂ ਚੋਣ ਕੀਤੀ ਸੀ। ਸੋ ਸ੍ਰੀ ਅਕਾਲ ਤਖਤ ਸਾਹਿਬ ਦੀ ਰਹਿਨੁਮਾਈ ਹੇਠ ਚੱਲ ਰਹੇ ਸ਼੍ਰੋਮਣੀ ਅਕਾਲੀ ਦਲ ਪੁਨਰ-ਸੁਰਜੀਤ ਦੀ ਪਹਿਲੀ ਵਰ੍ਹੇਗੰਢ ਮੌਕੇ ਸ੍ਰੀ ਅਕਾਲ ਤਖਤ ਸਾਹਿਬ 'ਤੇ ਅਰਦਾਸ ਕਰਕੇ ਗੁਰੂ ਹਰਿਗੋਬਿੰਦ ਸਾਹਿਬ ਪਾਤਸ਼ਾਹ ਦੇ ਸ਼ੁਕਰਾਨੇ ਕੀਤੇ ਜਾਣਗੇ ਅਤੇ ਬੰਦੀ ਸਿੰਘਾਂ ਦੀ ਰਿਹਾਈ ਲਈ ਬੰਦੀਛੋੜ ਪਾਤਸ਼ਾਹ ਅੱਗੇ ਅਰਜੋਈ ਕੀਤੀ ਜਾਵੇਗੀ। ਇਸ ਸੁਹਿਰਦ ਮਕਸਦ ਲਈ ਉਨ੍ਹਾਂ ਨੇ ਸਾਰੇ ਪਾਰਟੀ ਅਹੁਦੇਦਾਰਾਂ, ਡੈਲੀਗੇਟਾਂ, ਜਿਲ੍ਹਾ ਪ੍ਰਧਾਨਾਂ, ਵਰਕਰਾਂ, ਹਮਾਇਤੀਆਂ ਅਤੇ ਆਮ ਸੰਗਤਾਂ ਨੂੰ ਖੁੱਲ੍ਹਾ ਸੱਦਾ ਦਿੰਦਿਆ ਕਿਹਾ ਕਿ ਆਪ ਜੀ 11 ਅਗਸਤ 2026 ਦਿਨ ਮੰਗਲਵਾਰ ਠੀਕ ਦਸ ਵਜੇ ਸਵੇਰੇ ਸੂਚਨਾ ਕੇਂਦਰ ਸ੍ਰੀ ਦਰਬਾਰ ਸਾਹਿਬ ਦੇ ਸਾਹਮਣੇ ਪਹੁੰਚੋ।

ਉਥੋਂ ਜਥੇ ਦੇ ਰੂਪ ਵਿੱਚ ਸ੍ਰੀ ਅਕਾਲ ਤਖਤ ਸਾਹਿਬ ਜਾਇਆ ਜਾਏਗਾ ਅਤੇ ਸੰਗਤੀ ਰੂਪ ਵਿੱਚ ਪੰਥ, ਪੰਜਾਬ ਅਤੇ ਜਥੇਬੰਦੀ ਦੀ ਚੜ੍ਹਦੀ ਕਲਾ ਅਤੇ ਸਿੰਘਾਂ ਦੀ ਰਿਹਾਈ ਲਈ ਅਰਦਾਸ ਕੀਤੀ ਜਾਵੇਗੀ। ਅਰਦਾਸ ਸਮਾਗਮ ਉਪਰੰਤ ਦੋ ਵਜੇ ਪਾਰਟੀ ਦਫਤਰ ਵਿੱਚ ਜਥੇਬੰਦੀ ਦੇ ਸਮੂਹ ਅਹੁਦੇਦਾਰਾਂ ਅਤੇ ਜਿਲ੍ਹਾ ਪ੍ਰਧਾਨਾਂ ਦੀ ਇੱਕ ਮੀਟਿੰਗ ਹੋਵੇਗੀ ਜਿਸ ਵਿੱਚ ਅਗਲੇ ਪ੍ਰੋਗਰਾਮਾਂ ਬਾਰੇ ਫੈਸਲੇ ਲਏ ਜਾਣਗੇ। ਇਹ ਪ੍ਰੈੱਸ ਬਿਆਨ ਮੀਡੀਆ ਇੰਚਾਰਜ ਸ ਤੇਜਿੰਦਰ ਸਿੰਘ ਪੰਨੂੰ ਵੱਲੋਂ ਜਾਰੀ ਕੀਤਾ ਗਿਆ।

# ਭਾਰਤੀ ਕਾਨੂੰਨ ਦਾ ਵੀ ਕਰਨਾ ਹੋਵੇਗਾ ਪਾਲਣ', ਕੇਂਦਰ ਸਰਕਾਰ ਨੇ ਦਿੱਤੀ ਮੇਟਾ ਨੂੰ ਚਿਤਾਵਨੀ

ਜ਼ਿਕਰ ਪੰਜਾਬ

**ਨਵੀਂ ਦਿੱਲੀ** : ਸੋਸ਼ਲ ਮੀਡੀਆ ਦੀ ਦਿੱਗਜ ਕੰਪਨੀ ਮੇਟਾ ਅਤੇ ਇਲੈਕਟ੍ਰਾਨਿਕਸ ਅਤੇ ਸੂਚਨਾ ਤਕਨਾਲੋਜੀ ਮੰਤਰਾਲੇ ਵਿਚਕਾਰ ਕਈ ਬੈਠਕਾਂ ਤੋਂ ਬਾਅਦ ਸਰਕਾਰੀ ਸੂਤਰਾਂ ਨੇ ਐਤਵਾਰ ਨੂੰ ਕਿਹਾ ਕਿ ਮੇਟਾ ਦੇ ਪਲੇਟਫਾਰਮਾਂ ਨੂੰ ਭਾਰਤੀ ਕਾਨੂੰਨਾਂ ਦਾ ਪਾਲਣ ਕਰਨਾ ਹੋਵੇਗਾ ਅਤੇ ਉਹ ਸਿਰਫ਼ ਕੰਪਨੀ ਦੀ ਗਲੋਬਲ ਪਾਲਿਸੀ ਨਾਲ ਨਹੀਂ ਚੱਲ ਸਕਦੇ। ਅਧਿਕਾਰੀਆਂ ਨੇ ਇਹ ਵੀ ਸਾਫ਼ ਕੀਤਾ ਕਿ ਇਹ ਕਹਿਣਾ ਤੱਥਾਂ ਦੇ ਤੌਰ 'ਤੇ ਗਲਤ ਹੋਵੇਗਾ ਕਿ ਸਰਕਾਰ ਨੇ ਮੇਟਾ ਨੂੰ ਆਪਣੇ ਐਲਗੋਰਿਦਮ 'ਚ ਪੂਰੀ ਤਰ੍ਹਾਂ ਬਦਲਾਅ ਕਰਨ ਦਾ ਨਿਰਦੇਸ਼ ਦਿੱਤਾ ਹੈ। ਸੂਤਰਾਂ ਮੁਤਾਬਕ, ਸਰਕਾਰ ਦਾ ਧਿਆਨ ਇਹ ਯਕੀਨੀ ਬਣਾਉਣ 'ਤੇ ਹੈ ਕਿ ਮੇਟਾ ਦੀ ਕੰਟੈਂਟ ਪਾਲਿਸੀ, ਪਲੇਟਫਾਰਮ ਗਾਈਡਲਾਈਨਜ਼ ਅਤੇ ਮੋਡਰੇਸ਼ਨ ਸਿਸਟਮ ਭਾਰਤੀ ਕਾਨੂੰਨਾਂ ਦੇ ਅਨੁਕੂਲ ਹੋਣ। ਹਾਲਾਂਕਿ ਚਿੰਤਾਵਾਂ ਬਣੀਆਂ ਹੋਈਆਂ ਹਨ ਕਿਉਂਕਿ ਅਧਿਕਾਰੀਆਂ ਨੇ ਕਿਹਾ ਕਿ ਇਨ੍ਹਾਂ ਚਰਚਾਵਾਂ ਦਾ ਮਕਸਦ ਸਿਰਫ਼ ਭਰੋਸਾ ਹਾਸਲ ਕਰਨਾ ਨਹੀਂ, ਸਗੋਂ ਕੰਪਨੀ ਤੋਂ ਠੋਸ ਬਦਲਾਅ ਕਰਵਾਉਣਾ ਹੈ। ਨਿਊਜ਼ ਏਜੰਸੀ ਏ.ਐਨ.ਆਈ. ਨੇ ਸੂਤਰਾਂ ਦੇ ਹਵਾਲੇ ਨਾਲ ਦੱਸਿਆ ਕਿ ਦੇਸ਼ ਤੋਂ ਬਾਹਰ ਕੰਮ ਕਰਨ ਵਾਲੀਆਂ ਟੀਮਾਂ ਭਾਰਤ ਦੇ ਸੱਭਿਆਚਾਰਕ ਮਾਹੌਲ ਨੂੰ ਹਮੇਸ਼ਾ ਪੂਰੀ ਤਰ੍ਹਾਂ ਨਹੀਂ ਸਮਝ ਪਾਉਂਦੀਆਂ। ਉਨ੍ਹਾਂ ਕਿਹਾ ਕਿ ਭਾਰਤ 'ਚ ਕੰਟੈਂਟ ਮੋਡਰੇਸ਼ਨ ਨੂੰ ਬਿਹਤਰ ਬਣਾਉਣ ਲਈ ਮੇਟਾ ਨੂੰ ਜ਼ਿਆਦਾ ਲੋਕਲ ਇਨਪੁਟ ਦੀ ਲੋੜ ਹੈ, ਜਿਸ 'ਚ ਭਾਰਤੀ ਭਾਸ਼ਾਵਾਂ ਅਤੇ ਸੱਭਿਆਚਾਰਕ ਬਾਰੀਕੀਆਂ ਦੀ ਬਿਹਤਰ ਸਮਝ ਸ਼ਾਮਲ ਹੈ।ਇਹ ਤਾਜ਼ਾ ਸਪੱਸ਼ਟੀਕਰਨ ਸ਼ੁੱਕਰਵਾਰ ਨੂੰ ਮੇਟਾ ਦੀ ਟੈਕਨੀਕਲ ਟੀਮ ਅਤੇ ਮੰਤਰਾਲੇ (ਇਲੈਕਟ?ਰਾਨਿਕਸ ਅਤੇ ਸੂਚਨਾ ਤਕਨਾਲੋਜੀ ਮੰਤਰਾਲੇ) ਦੇ ਅਧਿਕਾਰੀਆਂ ਵਿਚਕਾਰ ਹੋਈ ਮੀਟਿੰਗ ਤੋਂ ਬਾਅਦ ਆਇਆ ਹੈ। ਇਸ ਮੀਟਿੰਗ 'ਚ ਕੰਪਨੀ ਨੇ ਆਨਲਾਈਨ ਹਾਨੀਕਾਰਕ ਕੰਟੈਂਟ ਨਾਲ ਨਜਿੱਠਣ ਲਈ ਆਪਣੇ ਮੌਜੂਦਾ ਸਿਸਟਮ ਬਾਰੇ ਦੱਸਿਆ।ਸੂਤਰਾਂ ਮੁਤਾਬਕ, ਦੋਹਾਂ ਧਿਰਾਂ ਵਿਚਕਾਰ ਟੈਕਨੀਕਲ ਗੱਲਬਾਤ ਜਾਰੀ ਹੈ ਅਤੇ ਅਗਲੇ ਹਫ਼ਤੇ ਇੱਕ ਹੋਰ ਦੌਰ ਦੀ ਬੈਠਕ ਹੋਣ ਦੀ ਉਮੀਦ ਹੈ।

# ਕਰੋੜਾਂ ਰੁਪਏ ਦੀ ਲਾਗਤ ਨਾਲ ਤਿਆਰ ਹੋਣ ਵਾਲੇ ਬਾਬਾ ਬੰਦਾ ਸਿੰਘ ਬਹਾਦਰ ਮਿਊਜ਼ੀਅਮ 'ਚ ਸਿੱਖ ਇਤਿਹਾਸ ਕੀਤਾ ਜਾਵੇਗਾ ਸੁਸ਼ੋਭਿਤ : ਐਡਵੋਕੇਟ ਧਾਮੀ

## ਬਾਬਾ ਬੰਦਾ ਸਿੰਘ ਬਹਾਦਰ ਦੇ ਅਧੂਰੇ ਪਏ ਮਿਊਜ਼ੀਅਮ ਦਾ ਕਾਰਜ ਸ਼੍ਰੋਮਣੀ ਕਮੇਟੀ ਪ੍ਰਧਾਨ ਐਡਵੋਕੇਟ ਧਾਮੀ ਨੇ ਮੁੜ ਕਰਵਾਇਆ ਸ਼ੁਰੂ

ਜ਼ਿਕਰ ਪੰਜਾਬ

**ਸ੍ਰੀ ਫ਼ਤਹਿਗੜ੍ਹ ਸਾਹਿਬ** : ਸ਼ਹੀਦਾਂ ਦੇ ਪਵਿੱਤਰ ਅਸਥਾਨ ਗੁਰਦੁਆਰਾ ਸ੍ਰੀ ਫਤਿਹਗੜ੍ਹ ਸਾਹਿਬ ਦੇ ਨਾਲ ਸਥਿਤ ਸਿੱਖ ਕੌਮ ਦੇ ਮਹਾਨ ਸ਼ਹੀਦ ਬਾਬਾ ਬੰਦਾ ਸਿੰਘ ਬਹਾਦਰ ਦੀ ਅਦੁੱਤੀ ਸ਼ਹਾਦਤ ਵਿੱਚ ਬਣਨ ਵਾਲੇ ਮਿਊਜੀਅਮ ਜੋ ਕਰੋੜਾਂ ਦੀ ਲਾਗਤ ਨਾਲ ਤਿਆਰ ਕੀਤਾ ਗਿਆ ਸੀ ਤੇ ਅਧੂਰਾ ਰਹਿਣ ਕਾਰਨ ਅੱਜ ਉਸ ਦੀ ਮੁੜ ਉਸਾਰੀ, ਇਤਿਹਾਸਿਕ ਢਿੱਲੇ ਦੀ ਸੇਵਾ, 16 ਏਕੜ ਪਾਰਕ ਨਿਰਮਾਣ ਦਾ ਕਾਰਜ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਵੱਲੋਂ ਕੀਤਾ ਗਿਆ। ਇਸ ਮੌਕੇ ਬੋਲਦਿਆ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਕਿਹਾ ਕਿ ਕਰੋੜਾਂ ਰੁਪਏ ਦੀ ਲਾਗਤ ਨਾਲ ਪਿਆਰ ਹੋਣ ਦੇ ਬਾਵਜੂਦ ਵੀ ਅਧੂਰੀ ਪਈ ਬਿਲਡਿੰਗ ਖਸਤਾ ਹੁੰਦੀ ਜਾ ਰਹੀ ਸੀ ਜਿਸ ਕਾਰਨ 'ਤੇ ਦੀਵਾਨ ਟੋਡਰਮਲ ਵਿਰਾਸਤੀ ਫਾਊਡੇਸ਼ਨ ਦੇ ਸੀਨੀਅਰ ਆਗੂ ਬਹਾਦਰ ਸਿੰਘ ਅਮਰੀਕਾ, ਨਿਰਮਲ ਸਿੰਘ ਚੰਦੀ, ਜੋਗਾ ਸਿੰਘ ਬਾਠ, ਵਨ ਬੀਟ ਮੈਡੀਕਲ ਗਰੁੱਪ ਸ੍ਰੀ ਚਮਕੌਰ ਸਾਹਿਬ ਦੇ ਚੇਅਰਮੈਨ ਬਹਾਦਰ ਸਿੰਘ, ਅਜੇਪਾਲ ਸਿੰਘ ਬਾਠ, ਅਤੇ ਡਿਜ਼ਾਈਨ ਇੰਜੀਨੀਅਰ ਰਵੀ ਸਿੰਘ ਤੇ ਆਸ਼ੂਤੋਸ਼ ਸਿੰਘ ਦਾ ਵੀ ਵੱਡਾ ਯੋਗਦਾਨ ਰਹੇਗਾ, ਜਿਨਾਂ ਦੇ ਉੱਦਮ ਸਦਕਾ ਇਹ ਕਾਰਜ ਮੁਕੰਮਲ ਕੀਤੇ ਜਾਣਗੇ ਉਹਨਾਂ ਕਿਹਾ ਕਿ ਇਸ ਦੇ ਨਾਲ ਹੀ ਪਾਰਕ ਵਿੱਚ ਇੱਕ ਸਰੋਵਰ ਦਾ ਨਿਰਮਾਣ ਵੀ ਕੀਤਾ ਜਾਵੇਗਾ। ਸ਼੍ਰੋਮਣੀ ਕਮੇਟੀ ਪ੍ਰਧਾਨ ਨੇ ਕਿਹਾ ਕਿ ਕਰੋੜਾਂ ਰੁਪਏ ਦੀ ਲਾਗਤ ਨਾਲ ਤਿਆਰ ਹੋਣ ਵਾਲੇ ਬਾਬਾ ਬੰਦਾ ਸਿੰਘ ਬਹਾਦਰ ਮਿਊਜ਼ੀਅਮ ਵਿੱਚ ਸਿੱਖ ਇਤਿਹਾਸ ਸੁਸ਼ੋਭਿਤ ਕੀਤਾ ਜਾਵੇਗਾ, ਜਿਸ ਨਾਲ ਆਉਣ ਨੌਜਵਾਨ ਪੀੜੀ ਆਪਣੇ ਇਤਿਹਾਸ ਨਾਲ ਜੁੜ ਸਕੇਗੀ।



ਐਡਵੋਕੇਟ ਧਾਮੀ ਨੇ ਕਿਹਾ ਕਿ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵਲੋਂ ਦੀਵਾਨ ਟੋਡਰ ਮੱਲ ਵਿਰਾਸਤੀ ਫਾਊਂਡੇਸ਼ਨ ਦੇ ਸਹਿਯੋਗ ਸਦਕਾ ਕਰੋੜਾਂ ਰੁਪਏ ਦੀ ਲਾਗਤ ਨਾਲ ਸਿੱਖ ਕੌਮ ਦੇ ਮਹਾਨ ਜਰਨੈਲ ਬਾਬਾ ਬੰਦਾ ਸਿੰਘ ਬਹਾਦਰ ਦੀ ਯਾਦ ਵਿਚ ਉਸਾਰੇ ਜਾਣ ਵਾਲੇ ਬਾਬਾ ਬੰਦਾ ਸਿੰਘ ਬਹਾਦਰ ਮਿਊਜ਼ਅਮ ਦਾ ਅੱਜ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਵਲੋਂ ਉਦਘਾਟਨ ਕੀਤਾ ਗਿਆ। ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਦੱਸਿਆ ਕਿ ਇਸ ਮਹਾਨ ਕਾਰਜ ਤੋਂ ਇਲਾਵਾ ਸ੍ਰੀ ਫ਼ਤਹਿਗੜ੍ਹ ਸਾਹਿਬ ਦੀ ਦਿੱਖ ਨੂੰ ਸਵਾਰਨ ਦੇ ਲਈ ਗੁਰਦੁਆਰਾ ਸ੍ਰੀ ਫ਼ਤਹਿਗੜ੍ਹ ਸਾਹਿਬ ਤੋਂ ਗੁਰਦੁਆਰਾ ਸ੍ਰੀ ਜੋਤੀ ਸਰੂਪ ਸਾਹਿਬ ਤੱਕ ਵਿਰਾਸਤੀ ਮਾਰਗ ਦੀ ਕਾਰ ਸੇਵਾ ਵੀ ਜਲਦ ਸ਼ੁਰੂ ਹੋਵੇਗੀ। ਇਸ ਤੋਂ ਇਲਾਵਾ ਗੁਰਦੁਆਰਾ ਸ੍ਰੀ ਫ਼ਤਹਿਗੜ੍ਹ ਸਾਹਿਬ ਤੋਂ ਦੀਵਾਨ ਟੋਡਰ ਮੱਲ ਦੀ ਜਹਾਜੀ ਹਵੇਲੀ ਤਕ ਵੀ ਵਿਰਾਸਤੀ ਮਾਰਗ ਦਾ ਨਿਰਮਾਣ ਕਰਵਾਇਆ ਜਾਵੇਗਾ। ਇਸ ਮੌਕੇ ਰਘਬੀਰ ਸਿੰਘ ਸਹਾਰਨਮਾਜਰਾ ਮੈਂਬਰ, ਸ਼੍ਰੋਮਣੀ ਕਮੇਟੀ,ਸ. ਅਵਤਾਰ ਸਿੰਘ ਰਿਆ ਮੈਂਬਰ, ਸ਼੍ਰੋਮਣੀ ਕਮੇਟੀ, ਸ. ਰਵਿੰਦਰ ਸਿੰਘ ਖਾਲਸਾ ਮੈਂਬਰ, ਸ਼੍ਰੋਮਣੀ ਕਮੇਟੀ, ਬਾਬਾ ਗੁਰਪ੍ਰੀਤ ਸਿੰਘ ਰੰਧਾਵਾ ਮੈਂਬਰ ਸ਼੍ਰੋਮਣੀ ਕਮੇਟੀ, ਸ਼੍ਰੋਮਣੀ ਕਮੇਟੀ ਪ੍ਰਧਾਨ ਨਾਲ ਸ. ਬਲਵਿੰਦਰ ਸਿੰਘ ਕਾਹਲਵਾਂ ਸਕੱਤਰ, ਐਸ.ਜੀ.ਪੀ.ਸੀ., ਸ. ਭਗਵੰਤ ਸਿੰਘ ਧੰਗੇੜਾ ਐਡੀਸ਼ਨਲ ਸਕੱਤਰ, ਐਸ.ਜੀ.ਪੀ.ਸੀ, ਸੁਖਜਿੰਦਰ ਸਿੰਘ ਐਕਸੀਅਨ, ਐਸ.ਜੀ.ਪੀ.ਸੀ, ਮੈਨੇਜਰ ਗੁਰਦੁਆਰਾ ਸ਼੍ਰੀ ਫਤਿਹਗੜ੍ਹ ਸਾਹਿਬ ਸਰਦਾਰ ਗੁਰਦੀਪ ਸਿੰਘ ਕੰਗ ਸ. ਬਲਜੀਤ ਸਿੰਘ ਭੁੱਟਾ ਹਲਕਾ ਇੰਚਾਰਜ ਫਤਿਹਗੜ੍ਹ ਸਾਹਿਬ, ਜ਼ਿਲ੍ਹਾ ਪ੍ਰਧਾਨ ਸ਼ਰਨਜੀਤ ਸਿੰਘ ਚਨਾਰਥਲ, ਸ਼੍ਰੀ ਗੁਰੂ ਗ੍ਰੰਥ ਸਾਹਿਬ ਵਰਲਡ ਯੂਨੀਵਰਸਿਟੀ ਫਤਿਹਗੜ੍ਹ ਸਾਹਿਬ ਤੇ ਵਾਈਸ ਚਾਂਸਲ ਡਾਕਟਰ ਪ੍ਰਿਤਪਾਲ ਸਿੰਘ ਬਾਬਾ ਬੰਦਾ ਸਿੰਘ ਬਹਾਦਰ ਇੰਜੀਨੀਅਰਿੰਗ ਕਾਲਜ ਦੇ ਪ੍ਰਿੰਸੀਪਲ ਡਾਕਟਰ ਲਖਬੀਰ ਸਿੰਘ ਐਡਵੋਕੇਟ ਗਗਨਦੀਪ ਸਿੰਘ ਗੁਰਾਇਆ ਨੇ ਸ਼ਿਰਕਤ ਕੀਤੀ। ਇਸ ਮੌਕੇ ਸੰਬੋਧਨ ਕਰਦਿਆਂ ਵੱਖ-ਵੱਖ ਬੁਲਾਰਿਆਂ ਨੇ ਕਿਹਾ ਕਿ ਮਹਾਨ ਜਰਨੈਲ ਬਾਬਾ ਬੰਦਾ ਸਿੰਘ ਜੀ ਬਹਾਦਰ ਦੀ ਇਤਿਹਾਸਕ ਯਾਦ ਨੂੰ ਸਮਰਪਿਤ ਇਹ ਪ੍ਰੋਜੈਕਟ ਆਉਣ ਵਾਲੀਆਂ ਪੀੜ੍ਹੀਆਂ ਨੂੰ ਸਾਡੇ ਗੌਰਵਮਈ ਵਿਰਸੇ ਅਤੇ ਸ਼ਹਾਦਤਾਂ ਨਾਲ ਜੋੜਨ ਲਈ ਮੀਲ ਦਾ ਪੱਥਰ ਸਾਬਤ ਹੋਵੇਗਾ। 16 ਏਕੜ ਵਿੱਚ ਫੈਲੇ ਇਸ ਖੂਬਸੂਰਤ ਪਾਰਕ ਅਤੇ ਮਿਊਜ਼ੀਅਮ ਨਾਲ ਸੰਗਤਾਂ ਲਈ ਇੱਕ ਵਿਲੱਖਣ ਇਤਿਹਾਸਕ ਅਤੇ ਧਾਰਮਿਕ ਕੇਂਦਰ ਤਿਆਰ ਹੋਵੇਗਾ। ਇਸ ਮੌਕੇ ਵੱਡੀ ਗਿਣਤੀ 'ਚ ਧਾਰਮਿਕ, ਸਮਾਜਿਕ ਅਤੇ ਇਲਾਕੇ ਦੀਆਂ ਸ਼ਖ਼ਸੀਅਤਾਂ ਨੇ ਹਾਜ਼ਰੀ ਭਰੀ।

●----- ਸ.ਫ਼ਾ 1 ਦਾ ਬਾਕੀ -----●

## ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ...

ਕੇਂਦਰ ਵਿੱਚ ਯੋਜਨਾਬੱਧ ਬੁਨਿਆਦੀ ਢਾਂਚੇ ਬਾਰੇ ਵਿਸਥਾਰ ਵਿੱਚ ਦੱਸਦਿਆਂ ਮੁੱਖ ਮੰਤਰੀ ਨੇ ਕਿਹਾ, "ਇਹ ਕੇਂਦਰ 10.4 ਏਕੜ ਰਕਬੇ ਵਿੱਚ ਫੈਲਿਆ ਹੋਵੇਗਾ ਅਤੇ ਕੁੱਲ ਕਵਰਡ ਏਰੀਆ ਲਗਭਗ 96,500 ਵਰਗ ਫੁੱਟ ਹੋਵੇਗਾ। ਕੇਂਦਰ ਵਿੱਚ ਤਿੰਨ-ਮੰਜ਼ਿਲਾ ਪ੍ਰਸ਼ਾਸਨਿਕ ਅਤੇ ਅਧਿਆਪਨ ਬਲਾਕ ਦੇ ਨਾਲ-ਨਾਲ ਲੜਕਿਆਂ ਅਤੇ ਲੜਕੀਆਂ ਲਈ ਤਿੰਨ-ਮੰਜ਼ਿਲਾ ਹੋਸਟਲ ਹੋਣਗੇ, ਜਿਨ੍ਹਾਂ ਵਿੱਚੋਂ ਹਰੇਕ ਵਿੱਚ ਹੋਸਟਲ 54 ਵਿਦਿਆਰਥੀਆਂ ਦੇ ਰਹਿਣ ਦੀ ਸਹੂਲਤ ਹੋਵੇਗੀ। ਅਧਿਆਪਕਾਂ ਅਤੇ ਹੋਰ ਫੈਕਲਟੀ ਮੈਂਬਰਾਂ ਲਈ 1,200 ਵਰਗ ਫੁੱਟ ਵਿੱਚ ਫੈਲਿਆ ਇੱਕ ਦੋ-ਮੰਜ਼ਿਲਾ ਰਿਹਾਇਸ਼ੀ ਬਲਾਕ ਵੀ ਬਣਾਇਆ ਜਾਵੇਗਾ। ਇਸ ਕੇਂਦਰ ਨੂੰ ਗੁਰੂ ਜੀ ਮਹਾਰਾਜ ਦੀਆਂ ਸਿੱਖਿਆਵਾਂ ਦੇ ਅਧਿਐਨ ਅਤੇ ਪ੍ਰਚਾਰ-ਪ੍ਰਸਾਰ ਲਈ ਮਹਾਨ ਸੰਸਥਾ ਵਜੋਂ ਦੇਖਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, "ਇਹ ਕੇਂਦਰ ਸ੍ਰੀ ਗੁਰੂ ਰਵਿਦਾਸ ਜੀ ਮਹਾਰਾਜ ਦੀ ਬਾਣੀ ਦੇ ਵਿਆਪਕ ਅਧਿਐਨ ਅਤੇ ਖੋਜ ਵਿੱਚ ਬਹੁਤ ਸਹਾਈ ਸਿੱਧ ਹੋਵੇਗਾ, ਇਸ ਦੇ ਨਾਲ ਹੀ ਗੁਰੂ ਜੀ ਦੀਆਂ ਸਿੱਖਿਆਵਾਂ ਨੂੰ ਦੁਨੀਆ ਦੇ ਕੋਨੇ-ਕੋਨੇ ਵਿੱਚ ਪਹੁੰਚਾਉਣ ਵਿੱਚ ਅਹਿਮ ਭੂਮਿਕਾ ਨਿਭਾਏਗਾ। ਮੈਨੂੰ ਉਮੀਦ ਹੈ ਕਿ ਇਹ ਕੇਂਦਰ ਸ੍ਰੀ ਗੁਰੂ ਰਵਿਦਾਸ ਜੀ ਮਹਾਰਾਜ ਦੀ ਵਿਚਾਰਧਾਰਾ ਨੂੰ ਅੱਗੇ ਵਧਾਉਣ ਲਈ ਚਾਨਣ ਮੁਨਾਰੇ ਵਜੋਂ ਕੰਮ ਕਰੇਗਾ ਤਾਂ ਜੋ ਸਾਡੀਆਂ ਆਉਣ ਵਾਲੀਆਂ ਪੀੜ੍ਹੀਆਂ ਉਨ੍ਹਾਂ ਦੀ ਬਾਣੀ ਤੋਂ ਪ੍ਰੇਰਨਾ ਲੈ ਸਕਣ। ਇਹ ਕੇਂਦਰ ਗੁਰੂ ਜੀ ਦੇ ਜੀਵਨ ਅਤੇ ਫਲਸਫੇ ਦਾ ਅਧਿਐਨ ਕਰਨ ਵਾਲੇ ਵਿਦਿਆਰਥੀਆਂ ਅਤੇ ਖੋਜਾਰਥੀਆਂ ਨੂੰ ਸ੍ਰੀ ਗੁਰੂ ਰਵਿਦਾਸ ਜੀ ਮਹਾਰਾਜ ਦੀ ਪਵਿੱਤਰ ਬਾਣੀ ਦੇ ਵੱਖ-ਵੱਖ ਪਹਿਲੂਆਂ 'ਤੇ ਅਧਿਐਨ ਕਰਨ ਦੀ ਸਹੂਲਤ ਪ੍ਰਦਾਨ ਕਰਨ ਵਿੱਚ ਕੇਂਦਰੀ ਭੂਮਿਕਾ ਨਿਭਾਏਗਾ। ਇਸ ਉਪਰਾਲੇ ਨੂੰ ਸਿੱਖਿਆ ਦੇ ਖੇਤਰ ਵਿੱਚ ਸੂਬਾ ਸਰਕਾਰ ਦੇ ਵਿਆਪਕ ਯਤਨਾਂ ਨਾਲ ਜੋੜਦਿਆਂ ਉਨ੍ਹਾਂ ਕਿਹਾ, "ਸਾਡੀ ਸਰਕਾਰ ਨੇ ਸਿੱਖਿਆ ਨੂੰ ਤਰਜੀਹ ਦਿੱਤੀ ਹੈ ਅਤੇ ਲੋਕਾਂ ਦੇ ਜੀਵਨ ਨੂੰ ਬਦਲਣ ਲਈ ਸਿੱਖਿਆ ਦੇ ਖੇਤਰ ਵਿੱਚ ਕ੍ਰਾਂਤੀਕਾਰੀ ਪਹਿਲਕਦਮੀਆਂ ਕੀਤੀਆਂ ਹਨ। ਕੋਈ ਵੀ ਮੁਫ਼ਤ ਦੀਆਂ ਸਹੂਲਤਾਂ ਜਾਂ ਰਿਆਇਤੀ ਕਾਰਡ ਸੂਬੇ ਵਿੱਚੋਂ ਗਰੀਬੀ ਜਾਂ ਹੋਰ ਸਮਾਜਿਕ ਬੁਰਾਈਆਂ ਨੂੰ ਖ਼ਤਮ ਨਹੀਂ ਕਰ ਸਕਦੇ, ਪਰ ਸਿੱਖਿਆ ਉਹ ਜ਼ਰੀਆ ਹੈ ਜੋ ਲੋਕਾਂ ਦੇ ਜੀਵਨ ਪੱਧਰ ਨੂੰ ਉੱਚਾ ਚੁੱਕ ਕੇ ਉਨ੍ਹਾਂ ਨੂੰ ਇਸ ਮਾੜੇ ਦੌਰ ਵਿੱਚੋਂ ਬਾਹਰ ਕੱਢ ਸਕਦਾ ਹੈ। ਇਸੇ ਕਰਕੇ ਸਾਡੀ ਸਰਕਾਰ ਆਮ ਲੋਕਾਂ ਨੂੰ ਸਮਰੱਥ ਬਣਾਉਣ ਲਈ ਸਿੱਖਿਆ ਦੇ ਮਿਆਰ ਨੂੰ ਸੁਧਾਰਨ ਲਈ ਅਣਥੱਕ ਯਤਨ ਕਰ ਰਹੀ ਹੈ। ਸਕੂਲੀ ਸਿੱਖਿਆ ਦੇ ਖੇਤਰ ਵਿੱਚ ਪੰਜਾਬ ਦੀਆਂ ਪ੍ਰਾਪਤੀਆਂ 'ਤੇ ਚਾਨਣਾ ਪਾਉਂਦਿਆਂ ਮੁੱਖ ਮੰਤਰੀ ਨੇ ਕਿਹਾ, "ਇਨ੍ਹਾਂ ਯਤਨਾਂ ਸਦਕਾ ਪੰਜਾਬ ਸਕੂਲੀ ਸਿੱਖਿਆ ਦੇ ਖੇਤਰ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰ ਰਿਹਾ ਹੈ ਅਤੇ ਭਾਰਤ ਸਰਕਾਰ ਦੀਆਂ ਪ੍ਰਮੁੱਖ ਸੰਸਥਾਵਾਂ ਵਿੱਚੋਂ ਇੱਕ ਨੀਤੀ ਆਯੋਗ ਨੇ ਨਵੇਂ ਅੰਕੜੇ ਜਾਰੀ ਕੀਤੇ ਹਨ ਜੋ ਦਰਸਾਉਂਦੇ ਹਨ ਕਿ ਪੰਜਾਬ ਨੇ ਪ੍ਰਾਇਮਰੀ ਅਤੇ ਮਿਡਲ ਸਕੂਲ ਸਿੱਖਿਆ ਵਿੱਚ ਕੇਰਲ, ਮਹਾਰਾਸ਼ਟਰ ਅਤੇ ਦਿੱਲੀ ਨੂੰ ਪਛਾੜ ਕੇ ਨੰਬਰ ਇੱਕ ਸਥਾਨ ਹਾਸਲ ਕੀਤਾ ਹੈ। ਸਿੱਖਿਆ ਉਹ ਰੌਸ਼ਨੀ ਹੈ ਜੋ ਹਨੇਰੇ ਨੂੰ ਦੂਰ ਕਰਕੇ ਸੰਸਾਰ ਨੂੰ ਰੌਸ਼ਨ ਕਰਦੀ ਹੈ, ਜਿਸ ਕਾਰਨ ਸੂਬਾ ਸਰਕਾਰ ਇਸ 'ਤੇ ਵਿਸ਼ੇਸ਼ ਜ਼ੋਰ ਦੇ ਰਹੀ ਹੈ। ਸੂਬਾ ਸਰਕਾਰ ਦਾ ਮੰਨਣਾ ਹੈ ਕਿ ਹਰ ਬੱਚੇ ਨੂੰ ਮਿਆਰੀ ਸਿੱਖਿਆ ਮਿਲਣੀ ਚਾਹੀਦੀ ਹੈ, ਚਾਹੇ ਉਸ ਦਾ ਆਰਥਿਕ ਪਿਛੋਕੜ ਕਿਹੋ ਜਿਹਾ ਵੀ ਹੋਵੇ। ਬੱਚਿਆਂ ਨੂੰ ਬਰਾਬਰ ਦੇ ਮੌਕੇ ਪ੍ਰਦਾਨ ਕਰਨ ਲਈ ਸਰਕਾਰ ਦੇ ਯਤਨਾਂ 'ਤੇ ਜ਼ੋਰ ਦਿੰਦਿਆਂ ਉਨ੍ਹਾਂ ਕਿਹਾ, "ਸਾਡੀ ਸਰਕਾਰ ਸਿੱਖਿਆ ਦੇ ਖੇਤਰ ਨੂੰ ਉਤਸ਼ਾਹਤ ਕਰਨ ਲਈ ਲਗਾਤਾਰ ਯਤਨ ਕਰ ਰਹੀ ਹੈ। ਸਰਕਾਰ ਦੀਆਂ ਪਹਿਲਕਦਮੀਆਂ ਦਾ ਮਕਸਦ ਇਹ ਯਕੀਨੀ ਬਣਾਉਣਾ ਹੈ ਕਿ ਆਮ ਪਰਿਵਾਰਾਂ ਦੇ ਬੱਚਿਆਂ ਨੂੰ ਵੀ ਅੱਗੇ ਵਧਣ ਦੇ ਉਹੀ ਮੌਕੇ ਮਿਲਣ ਜੋ ਕਿਸੇ ਹੋਰ ਨੂੰ ਮਿਲਦੇ ਹਨ। ਆਉਣ ਵਾਲੀਆਂ ਪੀੜ੍ਹੀਆਂ ਨੂੰ ਕਾਬਲ ਤੇ ਸਮਰੱਥ ਬਣਾਉਣ ਅਤੇ ਖੁਸ਼ਹਾਲ ਪੰਜਾਬ ਦੀ ਸਿਰਜਣਾ ਲਈ ਸਿੱਖਿਆ ਸਭ ਤੋਂ ਮਜ਼ਬੂਤ ਹਥਿਆਰ ਹੈ ਅਤੇ ਸੂਬਾ ਸਰਕਾਰ ਇਸ ਨੂੰ ਹੋਰ ਮਜ਼ਬੂਤ ਕਰਨ ਲਈ ਕੋਈ ਕਸਰ ਨਹੀਂ ਛੱਡੇਗੀ। ਜਦੋਂ ਮੈਂ ਅਹੁਦਾ ਸੰਭਾਲਿਆ ਸੀ ਤਾਂ ਸੂਬਾ ਸਕੂਲੀ ਸਿੱਖਿਆ ਵਿੱਚ 27ਵੇਂ ਨੰਬਰ 'ਤੇ ਸੀ, ਪਰ ਇਹ ਸਾਡੇ ਲਈ ਬਹੁਤ ਮਾਣ ਅਤੇ ਸੰਤੁਸ਼ਟੀ ਵਾਲੀ ਗੱਲ ਹੈ ਕਿ ਅੱਜ ਪੰਜਾਬ ਇਸ ਖੇਤਰ ਵਿੱਚ ਨੰਬਰ ਇੱਕ 'ਤੇ ਹੈ। ਨੀਟ ਪ੍ਰੀਖਿਆ ਪਾਸ ਕਰਨ ਵਾਲੇ ਸਰਕਾਰੀ ਸਕੂਲਾਂ ਦੇ ਵਿਦਿਆਰਥੀਆਂ ਦੀ ਗਿਣਤੀ ਵਿੱਚ ਹੋਏ ਵਾਧੇ 'ਤੇ ਚਾਨਣਾ ਪਾਉਂਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, "ਜਿੱਥੇ 2021 ਵਿੱਚ ਸਰਕਾਰੀ ਸਕੂਲਾਂ ਦੇ ਸਿਰਫ਼ 80 ਵਿਦਿਆਰਥੀਆਂ ਨੇ ਨੀਟ ਪ੍ਰੀਖਿਆ ਪਾਸ ਕੀਤੀ ਸੀ, ਉੱਥੇ ਹੀ 2026 ਵਿੱਚ ਇਹ ਗਿਣਤੀ ਵੱਧ ਕੇ 881 ਵਿਦਿਆਰਥੀ ਹੋ ਗਈ ਹੈ, ਜੋ ਕਿ ਪੰਜਾਬ ਦੇ ਸਰਕਾਰੀ ਸਕੂਲਾਂ ਦੀ ਹੁਣ ਤੱਕ ਦੀ ਸਭ ਤੋਂ ਵੱਡੀ ਪ੍ਰਾਪਤੀ ਹੈ। ਪਿਛਲੀਆਂ ਸਰਕਾਰਾਂ ਨੇ ਪੂਰੇ ਸੂਬੇ ਦੇ ਸਕੂਲਾਂ ਨੂੰ ਸਿਰਫ਼ 'ਮਿਡ ਡੇ ਮੀਲ' ਕੇਂਦਰਾਂ ਵਿੱਚ ਬਦਲ ਕੇ ਰੱਖ ਦਿੱਤਾ ਸੀ, ਪਰ ਹੁਣ ਇਹ ਸਕੂਲ ਸਿੱਖਿਆ ਦੇ ਧੁਰੇ ਵਜੋਂ ਬਦਲ ਚੁੱਕੇ ਹਨ। ਪੰਜਾਬ ਸਰਕਾਰ ਸੂਬੇ ਵਿੱਚ ਸਿੱਖਿਆ ਨੂੰ ਹੁਲਾਰਾ ਦੇਣ ਅਤੇ ਗਰੀਬ ਵਿਦਿਆਰਥੀਆਂ ਲਈ ਮਿਆਰੀ ਸਿੱਖਿਆ ਤੱਕ ਪਹੁੰਚ ਯਕੀਨੀ ਬਣਾਉਣ ਦੇ ਮਿਸ਼ਨ 'ਤੇ ਕੰਮ ਕਰ ਰਹੀ ਹੈ। ਸ੍ਰੀ ਗੁਰੂ ਰਵਿਦਾਸ ਜੀ ਮਹਾਰਾਜ ਦੀਆਂ ਸਿੱਖਿਆਵਾਂ ਬਾਰੇ ਬੋਲਦਿਆਂ ਮੁੱਖ ਮੰਤਰੀ ਨੇ ਕਿਹਾ, "ਸ੍ਰੀ ਗੁਰੂ ਰਵਿਦਾਸ ਜੀ ਮਹਾਰਾਜ ਨੇ ਸਮੁੱਚੀ ਮਨੁੱਖਤਾ ਦੀ ਭਲਾਈ ਅਤੇ ਸਮਾਜ ਦੇ ਸਾਰੇ ਵਰਗਾਂ ਦੀ ਬਰਾਬਰੀ ਦਾ ਸੰਦੇਸ਼ ਦਿੱਤਾ ਤਾਂ ਕਿ ਸਮਾਨਤਾਵਾਦੀ ਕਦਰਾਂ-ਕੀਮਤਾਂ 'ਤੇ ਆਧਾਰਿਤ ਸਮਾਜ ਦੀ ਸਿਰਜਣਾ ਹੋਵੇ। ਸ੍ਰੀ ਗੁਰੂ ਰਵਿਦਾਸ ਜੀ ਮਹਾਰਾਜ ਨੇ ਇੱਕ ਅਜਿਹੇ ਆਦਰਸ਼ ਸਮਾਜ ਦੀ ਪਰਿਕਲਪਨਾ ਕੀਤੀ ਜਿੱਥੇ ਕੋਈ ਵੀ ਕਿਸੇ ਕਿਸਮ ਦਾ ਦੁੱਖ ਨਾ ਭੋਗੇ। ਆਪਣੀਆਂ ਸਿੱਖਿਆਵਾਂ ਰਾਹੀਂ ਸ੍ਰੀ ਗੁਰੂ ਰਵਿਦਾਸ ਜੀ ਮਹਾਰਾਜ ਨੇ ਜਾਤ-ਪਾਤ ਦੇ ਵਿਤਕਰੇ ਅਤੇ ਸਮਾਜਿਕ ਨਾ-ਬਰਾਬਰੀ ਦੇ ਖ਼?ਲਾਫ਼ ਜ਼ੋਰਦਾਰ ਆਵਾਜ਼ ਬੁਲੰਦ ਕੀਤੀ ਅਤੇ ਮਾਨਵਤਾ ਨੂੰ ਇਨਸਾਨੀਅਤ, ਹਮਦਰਦੀ, ਬਰਾਬਰੀ ਅਤੇ ਮਾਣ-ਸਤਿਕਾਰ ਦਾ ਰਾਹ ਦਿਖਾਇਆ। ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, "ਸ੍ਰੀ ਗੁਰੂ ਰਵਿਦਾਸ ਜੀ ਮਹਾਰਾਜ ਦਾ ਜਨਮ ਉਸ ਸਮੇਂ ਹੋਇਆ ਸੀ ਜਦੋਂ ਸਮਾਜ ਜਾਤ-ਪਾਤ ਵਿੱਚ ਬੁਰੀ ਤਰ੍ਹਾਂ ਉਲਝਿਆ ਹੋਇਆ ਸੀ ਅਤੇ ਉਚ-ਨੀਚ ਦੇ ਕੱਟੜ ਵਿਚਾਰਾਂ ਵਿੱਚ ਵੰਡਿਆ ਹੋਇਆ ਸੀ। ਸਮਾਜ ਨੂੰ ਵੰਡਣ ਵਾਲੀਆਂ ਤਾਕਤਾਂ ਦੇ ਖ਼?ਲਾਫ਼ ਅੰਦੋਲਨ ਚੱਲਿਆ, ਜਿਸ ਨੂੰ ਬਾਅਦ ਵਿੱਚ 'ਭਗਤੀ ਅੰਦੋਲਨ' ਵਜੋਂ ਜਾਣਿਆ ਗਿਆ। ਆਪਣੀ ਬਾਣੀ ਰਾਹੀਂ ਸ੍ਰੀ ਗੁਰੂ ਰਵਿਦਾਸ ਜੀ ਮਹਾਰਾਜ ਨੇ ਵਰਗ-ਰਹਿਤ ਸਮਾਜ ਦੀ ਕਲਪਨਾ ਕੀਤੀ ਜਿਸ ਵਿੱਚ ਕੋਈ ਵੀ ਵਿਅਕਤੀ ਦੁੱਖ, ਦਰਦ ਜਾਂ ਅਲਹਿਦਗੀ ਦਾ ਸ਼ਿਕਾਰ ਨਾ ਹੋਵੇ। ਸ੍ਰੀ ਗੁਰੂ ਰਵਿਦਾਸ ਜੀ ਮਹਾਰਾਜ ਨੇ ਮਨੁੱਖਾਂ ਵਿੱਚ ਸਮਾਜਿਕ ਅਸਮਾਨਤਾਵਾਂ ਦੇ ਭਰਮ-ਭੁਲੇਖਿਆਂ ਅਤੇ ਵਿਤਕਰਿਆਂ ਨੂੰ ਦੂਰ ਕਰਨ ਲਈ ਆਪਣੀ ਬਾਣੀ ਰਾਹੀਂ ਅਧਿਆਤਮਿਕ ਗਿਆਨ ਬਖ਼ਸ਼ਿਆ। ਸੂਬਾ ਸਰਕਾਰ ਸ੍ਰੀ ਗੁਰੂ ਰਵਿਦਾਸ ਜੀ ਮਹਾਰਾਜ ਦੀ ਸੋਚ ਅਨੁਸਾਰ ਬਰਾਬਰੀ ਵਾਲੇ ਸਮਾਜ ਦੀ ਸਿਰਜਣਾ ਲਈ ਵਚਨਬੱਧ ਹੈ। 650ਵੇਂ ਪ੍ਰਕਾਸ਼ ਪੁਰਬ ਸਮਾਗਮਾਂ ਬਾਰੇ ਬੋਲਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, "ਮੈਂ ਬਹੁਤ ਭਾਗਾਂ ਵਾਲਾ ਹਾਂ ਕਿ ਮੈਨੂੰ ਸ੍ਰੀ ਗੁਰੂ ਰਵਿਦਾਸ ਜੀ ਮਹਾਰਾਜ ਦਾ 650ਵਾਂ ਪ੍ਰਕਾਸ਼ ਪੁਰਬ ਇੰਨੇ ਵੱਡੇ ਪੱਧਰ 'ਤੇ ਮਨਾਉਣ ਦਾ ਸੁਭਾਗ ਮਿਲਿਆ ਹੈ। ਸੂਬਾ ਸਰਕਾਰ ਸ੍ਰੀ ਗੁਰੂ ਰਵਿਦਾਸ ਜੀ ਦੇ 650ਵੇਂ ਪ੍ਰਕਾਸ਼ ਪੁਰਬ ਨੂੰ ਬੇਮਿਸਾਲ ਢੰਗ ਨਾਲ ਮਨਾਉਣ ਲਈ ਕੋਈ ਕਸਰ ਨਹੀਂ ਛੱਡੇਗੀ। ਗੁਰੂ ਜੀ ਦੇ ਸੰਦੇਸ਼ ਨੂੰ ਦੁਨੀਆ ਭਰ ਵਿੱਚ ਫੈਲਾਉਣਾ ਸਾਡਾ ਸਾਰਿਆਂ ਦਾ ਸਾਂਝਾ ਫਰਜ਼ ਹੈ। ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਨੇ ਹਰ ਤਰ੍ਹਾਂ ਦੇ ਵਿਤਕਰੇ ਤੋਂ ਮੁਕਤ ਸਮਾਨਤਾਵਾਦੀ ਸਮਾਜ ਦੀ ਕਲਪਨਾ ਕੀਤੀ ਸੀ ਅਤੇ ਸ੍ਰੀ ਗੁਰੂ ਰਵਿਦਾਸ ਜੀ ਮਹਾਰਾਜ ਦੇ 650ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਸਾਲ ਭਰ ਚੱਲਣ ਵਾਲੇ ਸਮਾਗਮ ਉਲੀਕੇ ਗਏ ਹਨ। ਉਨ੍ਹਾਂ ਕਿਹਾ, "ਸ੍ਰੀ ਗੁਰੂ ਰਵਿਦਾਸ ਜੀ ਮਹਾਰਾਜ ਦਾ 650ਵਾਂ ਪ੍ਰਕਾਸ਼ ਪੁਰਬ ਬਹੁਤ ਹੀ ਧੂਮਧਾਮ ਨਾਲ ਮਨਾਇਆ ਜਾ ਰਿਹਾ ਹੈ ਅਤੇ ਇਸ ਮਕਸਦ ਲਈ ਬਜਟ ਵਿੱਚ 100 ਕਰੋੜ ਰੁਪਏ ਰੱਖੇ ਗਏ ਹਨ। ਸ੍ਰੀ ਗੁਰੂ ਰਵਿਦਾਸ ਜੀ ਮਹਾਰਾਜ ਦੇ ਪ੍ਰੇਰਨਾਦਾਇਕ ਜੀਵਨ, ਫਲਸਫੇ ਅਤੇ ਪਵਿੱਤਰ ਸਿੱਖਿਆਵਾਂ ਨੂੰ ਘਰ-ਘਰ ਪਹੁੰਚਾਉਣ ਲਈ ਵਿਸ਼ੇਸ਼ ਡਾਕੂਮੈਂਟਰੀ ਸ਼ੋਅ ਕਰਵਾਏ ਜਾ ਰਹੇ ਹਨ। ਇਹ ਡਾਕੂਮੈਂਟਰੀਆਂ ਦਿਖਾਉਣ ਲਈ ਮੋਬਾਈਲ ਵੈਨਾਂ ਨੂੰ ਹਰੀ ਝੰਡੀ ਦੇ ਕੇ ਰਵਾਨਾ ਕੀਤਾ ਗਿਆ ਹੈ, ਜੋ ਪਿੰਡ-ਪਿੰਡ ਜਾ ਰਹੀਆਂ ਹਨ। ਇਹ ਵੈਨਾਂ ਪੰਜਾਬ ਦੇ ਸਾਰੇ 23 ਜ਼ਿਲ੍ਹਿਆਂ ਦੇ ਲਗਭਗ 13,000 ਪਿੰਡਾਂ ਦਾ ਦੌਰਾ ਕਰਨਗੀਆਂ ਅਤੇ ਇਸ ਨੇਕ ਕਾਰਜ ਲਈ ਕੋਈ ਕਸਰ ਬਾਕੀ ਨਹੀਂ ਛੱਡੀ ਜਾਵੇਗੀ। ਸੰਤ ਸਮਾਜ ਨਾਲ ਹੋਈ ਗੱਲਬਾਤ ਬਾਰੇ ਬੋਲਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, "ਮੈਂ ਖੁਦ ਨੂੰ ਵਡਭਾਗਾ ਸਮਝਦਾ ਹਾਂ ਕਿ ਮੈਨੂੰ ਪਦਮ ਸ੍ਰੀ ਸੰਤ ਨਿਰੰਜਨ ਦਾਸ ਜੀ ਦਾ ਆਸ਼ੀਰਵਾਦ ਪ੍ਰਾਪਤ ਹੋਇਆ ਹੈ, ਜਿਨ੍ਹਾਂ ਨੂੰ ਹਾਲ ਹੀ ਵਿੱਚ ਪਦਮ ਸ੍ਰੀ ਐਵਾਰਡ ਨਾਲ ਨਵਾਜਿਆ ਗਿਆ ਹੈ ਅਤੇ ਜੋ ਅੱਜ ਸਾਡੇ ਸਾਰਿਆਂ ਦੇ ਵਿਚਕਾਰ ਮੌਜੂਦ ਹਨ। ਇਸ ਤੋਂ ਪਹਿਲਾਂ ਕੈਬਨਿਟ ਮੰਤਰੀ ਹਰਪਾਲ ਸਿੰਘ ਚੀਮਾ ਅਤੇ ਵਿਧਾਇਕ ਬਲਕਾਰ ਸਿੰਘ ਨੇ ਇਸ ਪਵਿੱਤਰ ਮੌਕੇ 'ਤੇ ਆਈਆਂ ਸ਼ਖਸੀਅਤਾਂ ਦਾ ਸਵਾਗਤ ਕੀਤਾ।

## ਸਾਬਕਾ ਸੀਐੱਮ ਮਮਤਾ ਬੈਨਰਜੀ ਦੇ ਕਾਫਲੇ...

ਪ੍ਰਦਰਸ਼ਨਾਂ ਦਾ ਸਾਹਮਣਾ ਕਰਦੇ ਹੋਏ, ਉਨ੍ਹਾਂ ਨੇ ਪ੍ਰਸ਼ਾਸਨ ਅਤੇ ਸੁਵੇਂਦੂ ਅਧਿਕਾਰੀ ਦੀ ਅਗਵਾਈ ਵਾਲੀ ਸਰਕਾਰ ਵਿਰੁੱਧ ਆਪਣਾ ਗੁੱਸਾ ਕੱਢਿਆ। ਭਾਜਪਾ ਦਾ ਇਲਜ਼ਾਮ ਹੈ ਕਿ ਸਾਬਕਾ ਮੁੱਖ ਮੰਤਰੀ ਮਮਤਾ ਬੈਨਰਜੀ ਗੜਬੜ ਪੈਦਾ ਕਰਨ ਆਈ ਸੀ ਅਤੇ ਆਮ ਲੋਕਾਂ ਨੇ ਇਸਦਾ ਵਿਰੋਧ ਕੀਤਾ। ਦੂਜੇ ਪਾਸੇ, ਮਮਤਾ ਨੇ ਰਾਜ ਸਰਕਾਰ 'ਤੇ ਤਿੱਖਾ ਹਮਲਾ ਕੀਤਾ ਅਤੇ ਸੁਵੇਂਦੂ ਅਧਿਕਾਰੀ ਨੂੰ ਨਿਸ਼ਾਨਾ ਬਣਾਇਆ। ਟੀਐਮਸੀ ਮੁਖੀ ਮਮਤਾ ਨੇ ਭਾਜਪਾ 'ਤੇ ਇਨ੍ਹਾਂ ਕੰਮਾਂ ਲਈ ਗੁੰਡਿਆਂ ਦੀ ਵਰਤੋਂ ਕਰਨ ਦਾ ਇਲਜ਼ਾਮ ਲਗਾਇਆ। ਉਨ੍ਹਾਂ ਕਿਹਾ, ਸੁਰੱਖਿਆ ਨੂੰ ਭੁੱਲ ਜਾਓ ਪੁਲਿਸ ਗੁੰਡਿਆਂ ਨੂੰ ਬਚਾ ਰਹੀ ਹੈ! ਬੰਗਾਲ ਗੁੰਡਿਆਂ ਦੇ ਹੱਥਾਂ ਵਿੱਚ ਆ ਗਿਆ ਹੈ। ਅਸੀਂ ਕੇਸ ਦਰਜ ਕਰਾਂਗੇ। ਤਿੰਨ ਵਾਰ ਮੁੱਖ ਮੰਤਰੀ ਰਹੀ ਮਮਤਾ ਨੇ ਇਲਜ਼ਾਮ ਲਗਾਇਆ ਕਿ ਉਨ੍ਹਾਂ ਦੀ ਗੱਡੀ 'ਤੇ ਵੱਡੀਆਂ ਇੱਟਾਂ ਸੁੱਟੀਆਂ ਗਈਆਂ। ਤ੍ਰਿਣਮੂਲ ਵਰਕਰ ਬਿਰਜੂ ਕੀਤ ਦੀ ਪਤਨੀ ਅਤੇ ਕੰਚਰਾਪਾਰਾ ਨਗਰਪਾਲਿਕਾ ਦੇ ਵਾਰਡ ਨੰਬਰ 23 ਦੀ ਸਾਬਕਾ ਕੌਂਸਲਰ ਜੈਨੀ ਸ਼ਰਮਾ ਕੀਤ ਨੇ ਇਲਜ਼ਾਮ ਲਗਾਇਆ ਹੈ ਕਿ ਉਨ੍ਹਾਂ ਦੇ ਪਤੀ ਦੀ ਮੌਤ ਹਿਰਾਸਤ ਦੇ ਅੰਦਰ ਪੁਲਿਸ ਦੁਆਰਾ ਕੁੱਟਮਾਰ ਤੋਂ ਬਾਅਦ ਹੋਈ। ਇਸ ਘਟਨਾ ਬਾਰੇ ਪੁਲਿਸ ਵੱਲੋਂ ਕੋਈ ਜਵਾਬ ਨਹੀਂ ਦਿੱਤਾ ਗਿਆ ਹੈ। ਪਰਿਵਾਰ ਨਾਲ ਮੁਲਾਕਾਤ ਤੋਂ ਬਾਅਦ, ਮਮਤਾ ਬੈਨਰਜੀ ਨੇ ਕਿਹਾ ਇਸ ਰਾਜ ਵਿੱਚ ਕੋਈ ਕਾਨੂੰਨ ਵਿਵਸਥਾ ਨਹੀਂ ਬਚੀ ਹੈ।

## ਲੁਧਿਆਣਾ ਦੇ ਆਰਕੀਟੈਕਟਸ ਵੱਲੋਂ ਪੈਨਲ...

ਆਰਕੀਟੈਕਟਸ ਨੂੰ ਇੰਡੀਅਨ ਇੰਸਟੀਚਿਊਟ ਆਫ਼ ਆਰਕੀਟੈਕਟਸ (ਆਈਆਈਏ) ਵਿੱਚ ਸਰਗਰਮੀ ਨਾਲ ਹਿੱਸਾ ਲੈਣ ਲਈ ਪ੍ਰੇਰਿਤ ਕੀਤਾ। ਉਨ੍ਹਾਂ ਕਿਹਾ ਕਿ ਆਈਆਈਏ 108 ਸਾਲਾਂ ਤੋਂ ਵੱਧ ਦੀ ਸ਼ਾਨਦਾਰ ਵਿਰਾਸਤ ਵਾਲੀ ਇੱਕ ਪ੍ਰਮੁੱਖ ਪੇਸ਼ੇਵਰ ਸੰਸਥਾ ਹੈ ਅਤੇ ਵਿਸ਼ਵ ਪੱਧਰ 'ਤੇ ਇਸ ਦੀ ਸਨਮਾਨਯੋਗ ਪਛਾਣ ਹੈ। ਉਨ੍ਹਾਂ ਨੇ ਸਾਂਝੇ ਵਿਕਾਸ, ਪੇਸ਼ੇਵਰ ਨੈਤਿਕਤਾ ਅਤੇ ਨਿਰੰਤਰ ਸਿੱਖਣ ਦੀ ਮਹੱਤਤਾ 'ਤੇ ਵੀ ਜ਼ੋਰ ਦਿੱਤਾ ਅਤੇ ਨੌਜਵਾਨ ਆਰਕੀਟੈਕਟਸ ਨੂੰ ਸੰਸਥਾ ਨਾਲ ਸਰਗਰਮੀ ਨਾਲ ਜੁੜਨ ਦਾ ਸੱਦਾ ਦਿੱਤਾ। ਆਯੋਜਕਾਂ ਨੇ ਪ੍ਰੋਗਰਾਮ ਨੂੰ ਸਫਲ ਬਣਾਉਣ ਵਿੱਚ ਸਹਿਯੋਗ ਦੇਣ ਲਈ ਵਿਨੋਦ ਫਰਨੀਸ਼ਰਜ਼ ਅਤੇ ਵੁੱਡਡਿਜ਼ਾਈਨ ਦਾ ਵੀ ਧੰਨਵਾਦ ਕੀਤਾ। ਇਹ ਦੋਵੇਂ ਉੱਤਰੀ ਭਾਰਤ, ਖ਼ਾਸ ਕਰਕੇ ਪੰਜਾਬ ਵਿੱਚ ਪ੍ਰੀਮੀਅਮ ਫਰਨੀਚਰ ਅਤੇ ਸਜਾਵਟੀ ਵਸਤੂਆਂ ਲਈ ਜਾਣੇ ਜਾਂਦੇ ਪ੍ਰਮੁੱਖ ਬ੍ਰਾਂਡ ਹਨ। ਆਯੋਜਕਾਂ ਨੇ ਕਿਹਾ ਕਿ ਸਪਾਂਸਰਾਂ ਦੇ ਸਹਿਯੋਗ ਨਾਲ ਪ੍ਰੋਗਰਾਮ ਨੂੰ ਸ਼ਾਨਦਾਰ ਅਤੇ ਸਫਲ ਬਣਾਉਣ ਵਿੱਚ ਮਹੱਤਵਪੂਰਨ ਮਦਦ ਮਿਲੀ। ਪ੍ਰੋਗਰਾਮ ਦਾ ਸਮਾਪਨ ਲਾਈਵ ਸੰਗੀਤ, ਰਾਤ ਦੇ ਭੋਜਨ ਅਤੇ ਨੈੱਟਵਰਕਿੰਗ ਨਾਲ ਉਤਸ਼ਾਹਪੂਰਨ ਮਾਹੌਲ ਵਿੱਚ ਹੋਇਆ। ਇਸ ਮੌਕੇ ਭਾਗੀਦਾਰਾਂ ਨੇ ਇੱਕ-ਦੂਜੇ ਨਾਲ ਵਿਚਾਰ ਅਤੇ ਤਜਰਬੇ ਸਾਂਝੇ ਕੀਤੇ ਅਤੇ ਭਵਿੱਖ ਵਿੱਚ ਵੀ ਇਸ ਤਰ੍ਹਾਂ ਦੇ ਸਾਰਥਕ ਸੰਵਾਦ ਅਤੇ ਪੇਸ਼ੇਵਰ ਸਮਾਗਮਾਂ ਵਿੱਚ ਭਾਗ ਲੈਣ ਦੀ ਉਮੀਦ ਪ੍ਰਗਟਾਈ।

## ਟੋਰਾਂਟੋ ਭਾਰਤੀ ਮੂਲ ਦੀ ਹਿਮਾਂਸ਼ੀ ਖੁਰਾਨਾ ਕਤਲ...

ਪੁਸ਼ਟੀ ਕੀਤੀ ਕਿ ਹਿਮਾਂਸ਼ੀ ਅਤੇ ਸ਼ੱਕੀ ਇੱਕ ਦੂਜੇ ਨੂੰ ਜਾਣਦੇ ਸਨ। ਬਾਅਦ ਵਿੱਚ ਇਸ ਕੇਸ ਨੂੰ ਕਤਲ ਵਜੋਂ ਦਰਜ ਕੀਤਾ ਗਿਆ, ਜਿਸਨੂੰ ਪੁਲਿਸ ਨੇ ਨਜ਼ਦੀਕੀ ਸਾਥੀ ਹਿੰਸਾ ਦਾ ਮਾਮਲਾ ਦੱਸਿਆ। ਅਬਦੁਲ ਗਫੂਰੀ ਹਿਮਾਂਸ਼ੀ ਦੇ ਕਤਲ ਲਈ ਕੈਨੇਡਾ ਭਰ ਵਿੱਚ ਵਾਰੰਟ ਅਧੀਨ ਲੋੜੀਂਦਾ ਸੀ। ਹੁਣ, ਉਸਦੀ ਗ੍ਰਿਫਤਾਰੀ ਤੋਂ ਬਾਅਦ, ਉਸਦੇ ਵਿਰੁੱਧ ਕਾਨੂੰਨੀ ਕਾਰਵਾਈ ਸ਼ੁਰੂ ਕਰ ਦਿੱਤੀ ਗਈ ਹੈ। ਕੈਨੇਡਾ ਵਿੱਚ ਫਸਟ-ਡਿਗਰੀ ਕਤਲ ਇੱਕ ਗੰਭੀਰ ਅਪਰਾਧ ਹੈ ਅਤੇ ਦੋਸ਼ੀ ਠਹਿਰਾਏ ਜਾਣ 'ਤੇ ਉਮਰ ਕੈਦ ਦੀ ਸਜ਼ਾ ਹੋ ਸਕਦੀ ਹੈ। ਹਿਮਾਂਸ਼ੀ ਦੀ ਮੌਤ ਤੋਂ ਬਾਅਦ, ਟੋਰਾਂਟੋ ਸਥਿਤ ਭਾਰਤੀ ਕੌਂਸਲੇਟ ਨੇ ਸੋਗ ਪ੍ਰਗਟ ਕੀਤਾ। ਦੂਤਾਵਾਸ ਨੇ ਕਿਹਾ ਕਿ ਉਹ ਸਥਿਤੀ ਦੀ ਨਿਗਰਾਨੀ ਕਰ ਰਿਹਾ ਹੈ ਅਤੇ ਹਿਮਾਂਸ਼ੀ ਦੇ ਪਰਿਵਾਰ ਨੂੰ ਹਰ ਸੰਭਵ ਸਹਾਇਤਾ ਪ੍ਰਦਾਨ ਕਰਨ ਲਈ ਕੈਨੇਡੀਅਨ ਅਧਿਕਾਰੀਆਂ ਨਾਲ ਤਾਲਮੇਲ ਕਰ ਰਿਹਾ ਹੈ। ਇਸ ਵੇਲੇ ਮੁਲਜ਼ਮਾਂ ਖ਼ਿਲਾਫ਼ ਕਾਨੂੰਨੀ ਕਾਰਵਾਈ ਚੱਲ ਰਹੀ ਹੈ ਅਤੇ ਦੋਸ਼ਾਂ ਨਾਲ ਸੰਬੰਧਤ ਤੱਥਾਂ ਦਾ ਫੈਸਲਾ ਮਾਮਲੇ ਦੀ ਅਗਲੀ ਸੁਣਵਾਈ ਦੌਰਾਨ ਕੀਤਾ ਜਾਵੇਗਾ।

## 'ਆਪ' ਆਗਾਮੀ ਪੰਜਾਬ ਵਿਧਾਨ ਸਭਾ ਚੋਣਾਂ...

ਨੇ ਜਥੇਬੰਦਕ ਸਾਥੀਆਂ ਅਤੇ ਕਾਰਜਕਰਤਾਵਾਂ ਨਾਲ ਬੈਠਕ ਕੀਤੀ, ਜਿੱਥੇ ਆਗਾਮੀ ਤਿਆਰੀਆਂ 'ਤੇ ਖੁੱਲ੍ਹ ਕੇ ਗੱਲਬਾਤ ਹੋਈ। ਪਾਰਟੀ ਕਾਰਜਕਰਤਾਵਾਂ ਨਾਲ ਆਪਣੇ ਲਗਾਓ ਨੂੰ ਚੇਤੇ ਕਰਦਿਆਂ ਮਨੀਸ਼ ਸਿਸੋਦੀਆ ਨੇ ਕਿਹਾ ਆਪਣੇ ਸਾਥੀਆਂ ਵਿਚਕਾਰ ਬੈਠਣਾ ਇੱਕ ਅੱਡਰਾ ਹੀ ਤਜਰਬਾ ਸੀ, ਜਿਸ ਨਾਲ ਪੁਰਾਣੀਆਂ ਯਾਦਾਂ ਤਾਜ਼ਾ ਹੋ ਗਈਆਂ ਅਤੇ ਅੱਗੇ ਦੇ ਸਫ਼ਰ ਲਈ ਉਤਸ਼ਾਹ ਦੁੱਗਣਾ ਹੋ ਗਿਆ। ਪਾਰਟੀ ਦੀਆਂ ਜਥੇਬੰਦਕ ਟੀਮਾਂ ਨੂੰ ਪਿਛਲੇ 4.5 ਸਾਲਾਂ ਦੌਰਾਨ ਭਗਵੰਤ ਮਾਨ ਸਰਕਾਰ ਵੱਲੋਂ ਕੀਤੇ ਗਏ ਕੰਮਾਂ ਨੂੰ ਸਿੱਧੇ ਤੌਰ 'ਤੇ ਲੋਕਾਂ ਤੱਕ ਪਹੁੰਚਾਉਣ ਲਈ ਤਿਆਰ ਕੀਤਾ ਜਾ ਰਿਹਾ ਹੈ। ਮੁਹਿੰਮ ਦਾ ਮੁੱਖ ਧਿਆਨ ਸਰਕਾਰ ਦੇ ਅਹਿਮ ਉਪਰਾਲਿਆਂ ਨੂੰ ਘਰ-ਘਰ ਪਹੁੰਚਾਉਣ 'ਤੇ ਹੋਵੇਗਾ, ਜਿਨ੍ਹਾਂ ਵਿੱਚ ਮੁੱਖ ਮੰਤਰੀ ਸਿਹਤ ਯੋਜਨਾ, 300 ਯੂਨਿਟ ਮੁਫ਼ਤ ਬਿਜਲੀ ਸਕੀਮ, ਖੇਤੀਬਾੜੀ ਲਈ ਨਹਿਰੀ ਪਾਣੀ ਅਤੇ 'ਮਾਵਾਂ-ਧੀਆਂ ਸਤਿਕਾਰ ਯੋਜਨਾ' ਤਹਿਤ ਔਰਤਾਂ ਨੂੰ ਦਿੱਤੀ ਜਾ ਰਹੀ ਵਿੱਤੀ ਸਹਾਇਤਾ ਸ਼ਾਮਲ ਹੈ। ਚੱਲ ਰਹੇ ਅਭਿਆਸ ਦੇ ਹਿੱਸੇ ਵਜੋਂ ਪਟਿਆਲਾ ਵਿਖੇ ਵੀ ਬੂਥ ਇੰਚਾਰਜਾਂ ਦੀ ਬੈਠਕ ਹੋਈ, ਜਿਸ ਵਿੱਚ ਕੈਬਨਿਟ ਮੰਤਰੀ ਡਾ. ਬਲਬੀਰ ਸਿੰਘ ਅਤੇ ਪਾਰਟੀ ਦੇ ਸੀਨੀਅਰ ਆਗੂਆਂ ਨੇ ਸ਼ਿਰਕਤ ਕੀਤੀ। ਇਸੇ ਤਰ੍ਹਾਂ ਭਦੌੜ ਵਿਖੇ ਵੀ ਬੂਥ ਇੰਚਾਰਜ ਬੈਠਕ ਕੀਤੀ ਗਈ, ਜਿਸ ਵਿੱਚ ਵਿਧਾਇਕ ਲਾਭ ਸਿੰਘ ਉਗੋਕੇ ਅਤੇ ਪਾਰਟੀ ਦੇ ਸੀਨੀਅਰ ਆਗੂ ਸ਼ਾਮਲ ਹੋਏ। ਇਨ੍ਹਾਂ ਬੈਠਕਾਂ ਰਾਹੀਂ 'ਆਪ' ਆਪਣੇ ਬੂਥ ਪੱਧਰੀ ਸੰਗਠਨ ਨੂੰ ਮਜ਼ਬੂਤ ਕਰ ਰਹੀ ਹੈ ਅਤੇ ਆਗਾਮੀ ਪੰਜਾਬ ਵਿਧਾਨ ਸਭਾ ਚੋਣਾਂ ਦੀਆਂ ਤਿਆਰੀਆਂ ਵਜੋਂ ਆਪਣੇ ਕਾਰਜਕਰਤਾਵਾਂ ਅਤੇ ਵਲੰਟੀਅਰਾਂ ਨੂੰ ਸਾਰੇ 117 ਵਿਧਾਨ ਸਭਾ ਹਲਕਿਆਂ ਵਿੱਚ ਲੋਕਾਂ ਨਾਲ ਜੁੜੇ ਰਹਿਣ ਅਤੇ ਪੰਜਾਬ ਸਰਕਾਰ ਦੇ ਪਿਛਲੇ 4.5 ਸਾਲਾਂ ਦੇ ਕੰਮਾਂ ਨੂੰ ਘਰ-ਘਰ ਪਹੁੰਚਾਉਣ ਲਈ ਤਿਆਰ ਕਰ ਰਹੀ ਹੈ।

## ਸੜਕ ਹਾਦਸੇ 'ਚ ਤਿੰਨ ਕਾਂਵੜੀਆਂ ਦੀ ਮੌਤ

ਸ਼ਰਧਾਲੂਆਂ ਨਾਲ ਵਾਪਰੇ ਦਰਦਨਾਕ ਸੜਕ ਹਾਦਸੇ ਵਿੱਚ ਹੋਈ ਤਿੰਨ ਵਿਅਕਤੀਆਂ ਦੀ ਮੌਤ 'ਤੇ ਡੂੰਘੇ ਦੁੱਖ ਪ੍ਰਗਟਾਵਾ ਕੀਤਾ ਹੈ। ਇਸ ਹਾਦਸੇ ਵਿੱਚ ਇੱਕ ਸ਼ਰਧਾਲੂ ਜ਼ਖ਼ਮੀ ਹੋਇਆ ਹੈ, ਚਾਰੇ ਸ਼ਰਧਾਲੂਆਂ ਦੀ ਪਹਿਚਾਣ ਜ਼ਿਲ੍ਹਾ ਫ਼ਰੀਦਕੋਟ ਦੇ ਕੋਟਕਪੂਰਾ ਨਾਲ ਹੋਈ ਹੈ। ਸਪੀਕਰ ਕੁਲਤਾਰ ਸਿੰਘ ਸੰਧਵਾਂ ਨੇ ਪੀੜਤ ਪਰਿਵਾਰਾਂ ਨਾਲ ਹਮਦਰਦੀ ਪ੍ਰਗਟ ਕਰਦਿਆਂ ਕਿਹਾ ਕਿ ਇਸ ਦੁੱਖ ਦੀ ਘੜੀ ਵਿੱਚ ਪੰਜਾਬ ਸਰਕਾਰ ਪੀੜਤ ਪਰਿਵਾਰਾਂ ਦੇ ਨਾਲ ਖੜ੍ਹੀ ਹੈ। ਉਨ੍ਹਾਂ ਹਾਦਸੇ ਵਿੱਚ ਜਾਨ ਗਵਾਉਣ ਵਾਲੇ ਤਿੰਨੋਂ ਵਿਅਕਤੀਆਂ ਦੇ ਪਰਿਵਾਰਾਂ ਨੂੰ ਮੁੱਖ ਮੰਤਰੀ ਰਿਲੀਫ਼ ਫੰਡ ਵਿੱਚੋਂ 2-2 ਲੱਖ ਰੁਪਏ ਦੀ ਵਿੱਤੀ ਸਹਾਇਤਾ ਦੇਣ ਦਾ ਐਲਾਨ ਕੀਤਾ ਅਤੇ ਜ਼ਖ਼ਮੀ ਹੋਏ ਵਿਅਕਤੀ ਦਾ ਪੰਜਾਬ ਸਰਕਾਰ ਦੀ ਤਰਫ਼ੋਂ ਮੁਫ਼ਤ ਇਲਾਜ ਕਰਵਾਇਆ ਜਾਵੇਗਾ ਅਤੇ ਲੋੜੀਂਦੀ ਹਰ ਸੰਭਵ ਡਾਕਟਰੀ ਸਹਾਇਤਾ ਮੁਹੱਈਆ ਕਰਵਾਈ ਜਾਵੇਗੀ। ਸ. ਸੰਧਵਾਂ ਨੇ ਕਿਹਾ ਕਿ ਤਿੰਨ ਕੀਮਤੀ ਜਾਨਾਂ ਦਾ ਚਲੇ ਜਾਣਾ ਬੇਹੱਦ ਦੁਖਦਾਈ ਹੈ। ਉਨ੍ਹਾਂ ਪਰਮਾਤਮਾ ਅੱਗੇ ਵਿਛੜੀਆਂ ਰੂਹਾਂ ਨੂੰ ਆਪਣੇ ਚਰਨਾਂ ਵਿੱਚ ਨਿਵਾਸ ਬਖ਼ਸ਼ਣ ਅਤੇ ਦੁਖੀ ਪਰਿਵਾਰਾਂ ਨੂੰ ਇਹ ਅਸਹਿ ਦੁੱਖ ਸਹਿਣ ਦਾ ਬਲ ਦੇਣ ਲਈ ਅਰਦਾਸ ਕੀਤੀ। ਉਨ੍ਹਾਂ ਜ਼ਖ਼ਮੀ ਸ਼ਰਧਾਲੂ ਦੇ ਜਲਦ ਸਿਹਤਯਾਬ ਹੋਣ ਦੀ ਕਾਮਨਾ ਕੀਤੀ। ਸਪੀਕਰ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਪੀੜਤ ਪਰਿਵਾਰਾਂ ਦੀ ਹਰ ਸੰਭਵ ਮਦਦ ਕੀਤੀ ਜਾਵੇਗੀ ਅਤੇ ਜ਼ਖ਼ਮੀ ਦੇ ਇਲਾਜ ਵਿੱਚ ਕਿਸੇ ਕਿਸਮ ਦੀ ਕਮੀ ਨਹੀਂ ਆਉਣ ਦਿੱਤੀ ਜਾਵੇਗੀ। ਉਨ੍ਹਾਂ ਲੋਕਾਂ ਨੂੰ ਵੀ ਅਪੀਲ ਕੀਤੀ ਕਿ ਕਾਵੜ ਯਾਤਰਾ ਦੌਰਾਨ ਸੜਕ ਸੁਰੱਖਿਆ ਨਿਯਮਾਂ ਦੀ ਪਾਲਣਾ ਕਰਨ ਅਤੇ ਆਪਣੀ ਤੇ ਹੋਰਨਾਂ ਦੀ ਸੁਰੱਖਿਆ ਨੂੰ ਪਹਿਲ ਦੇਣ। ਇਸ ਐੱਸ.ਐੱਸ.ਪੀ. ਸ਼ੁਭਮ ਅਗਰਵਾਲ ਨੇ ਦੱਸਿਆ ਕਿ ਡੀ.ਐੱਸ.ਪੀ. ਕੁਲਬੀਰ ਸਿੰਘ ਸੰਧੂ ਅਤੇ ਐੱਸ.ਐੱਚ.ਓ. ਸਰਹਿੰਦ ਰਾਜਵੰਤ ਸਿੰਘ ਦੀ ਅਗਵਾਈ ਹੇਠ ਗਠਿਤ ਪੁਲਿਸ ਟੀਮਾਂ ਨੇ ਲੁਧਿਆਣਾ ਦੇ ਪੱਖੋਵਾਲ ਰੋਡ ਦੇ ਰਹਿਣ ਵਾਲੇ ਤ੍ਰਿਲੋਚਨ ਸਿੰਘ ਨੂੰ ਗ੍ਰਿਫ਼ਤਾਰ ਕਰ ਲਿਆ ਅਤੇ ਹਾਦਸਾਗ੍ਰਸਤ ਵਾਹਨ ਜ਼ਬਤ ਕਰ ਲਿਆ। ਇਸ ਮੌਕੇ ਵਿਧਾਇਕ ਫ਼ਤਹਿਗੜ੍ਹ ਸਾਹਿਬ ਐਡਵੋਕੇਟ ਲਖਬੀਰ ਸਿੰਘ ਰਾਏ, ਐਸ ਐਸ ਪੀ ਸ਼ੁਭਮ ਅਗਰਵਾਲ ਸਮੇਤ ਹੋਰ ਆਗੂ ਅਤੇ ਅਧਿਕਾਰੀ ਹਾਜ਼ਰ ਸਨ।


## ਪਿੰਡਾਂ ਦੇ ਵਿਕਾਸ ਲਈ ਪੰਜਾਬ ਸਰਕਾਰ ਵੱਲੋਂ ਫੰਡਾਂ...

ਰੁਪਏ ਅਤੇ ਨਵਾਂ ਪਾਰਕ ਤੇ ਟਰੈਕ ਬਣਾਉਣ ਲਈ 5 ਲੱਖ ਰੁਪਏ ਦੀ ਰਾਸ਼ੀ ਜਾਰੀ ਕੀਤੀ ਗਈ ਹੈ। ਇਸੇ ਤਰ੍ਹਾਂ ਝਾੜੋਂ ਵਿਖੇ ਸ੍ਰੀ ਵਾਲਮੀਕਿ ਧਰਮਸ਼ਾਲਾ ਵਿੱਚ ਕਮਰਾ ਬਣਾਉਣ ਲਈ 4 ਲੱਖ ਰੁਪਏ ਅਤੇ ਆਂਗਣਵਾੜੀ ਕੇਂਦਰ ਵਿੱਚ ਦੀਵਾਰ, ਗੇਟ ਅਤੇ ਫ਼ਰਸ਼ ਬਣਾਉਣ ਲਈ 2.50 ਲੱਖ ਰੁਪਏ ਦਿੱਤੇ ਗਏ ਹਨ। ਕੋਟੜਾ ਅਮਰੂ ਵਿਖੇ ਸਟੀਲ ਵਾਟਰ ਟੈਂਕਰ ਲਈ 3.25 ਲੱਖ ਰੁਪਏ ਅਤੇ ਹਰਜਸ ਧਰਮਸ਼ਾਲਾ ਵਿੱਚ ਕਮਰੇ ਦਾ ਲੈਂਟਰ ਪਾਉਣ ਲਈ 5 ਲੱਖ ਰੁਪਏ ਦੀ ਗ੍ਰਾਂਟ ਦਿੱਤੀ ਗਈ ਹੈ। ਇਸ ਤੋਂ ਇਲਾਵਾ ਭਗਵਾਨਪੁਰਾ ਵਿਖੇ ਗਲੀ ਦੇ ਨਿਰਮਾਣ ਲਈ 2.30 ਲੱਖ ਰੁਪਏ ਅਤੇ ਮਿਰਜ਼ਾ ਪੱਤੀ ਵਿਖੇ ਜੰਡੀ ਵਿਹੜੇ ਦੀ ਐੱਸ.ਸੀ. ਧਰਮਸ਼ਾਲਾ, ਮਜ਼?ਹਬੀ ਸਿੱਖ ਧਰਮਸ਼ਾਲਾ ਅਤੇ ਅੱਡੇ ਕੋਲ ਸਥਿਤ ਐੱਸ.ਸੀ. ਧਰਮਸ਼ਾਲਾ ਵਿੱਚ ਇੰਟਰਲਾਕ ਟਾਈਲਾਂ ਲਗਾਉਣ ਲਈ 4.75 ਲੱਖ ਰੁਪਏ ਦੀ ਗ੍ਰਾਂਟ ਦਿੱਤੀ ਗਈ ਹੈ। ਕੈਬਨਿਟ ਮੰਤਰੀ ਨੇ ਕਿਹਾ ਕਿ ਪਿੰਡਾਂ ਵਿੱਚ ਖੇਡ ਸਹੂਲਤਾਂ ਵਿਕਸਿਤ ਕਰਨ ਦਾ ਮਕਸਦ ਨੌਜਵਾਨਾਂ ਨੂੰ ਖੇਡਾਂ ਨਾਲ ਜੋੜਨਾ ਅਤੇ ਉਨ੍ਹਾਂ ਨੂੰ ਨਸ਼ਿਆਂ ਤੋਂ ਦੂਰ ਰੱਖਣਾ ਹੈ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਨੌਜਵਾਨਾਂ ਦੀ ਊਰਜਾ ਨੂੰ ਸਹੀ ਦਿਸ਼ਾ ਦੇਣ ਲਈ ਖੇਡ ਮੈਦਾਨਾਂ, ਪਾਰਕਾਂ ਅਤੇ ਹੋਰ ਜਨਤਕ ਸਹੂਲਤਾਂ ਦੇ ਵਿਕਾਸ ਵੱਲ ਵਿਸ਼ੇਸ਼ ਧਿਆਨ ਦੇ ਰਹੀ ਹੈ। ਉਨ੍ਹਾਂ ਕਿਹਾ ਕਿ ਪਿੰਡਾਂ ਵਿੱਚ ਧਰਮਸ਼ਾਲਾਵਾਂ, ਕਮਿਊਨਿਟੀ ਹਾਲਾਂ ਅਤੇ ਆਂਗਣਵਾੜੀ ਕੇਂਦਰਾਂ ਦਾ ਨਵੀਨੀਕਰਨ ਲੋਕਾਂ ਦੀਆਂ ਰੋਜ਼ਾਨਾ ਲੋੜਾਂ ਨੂੰ ਧਿਆਨ ਵਿੱਚ ਰੱਖ ਕੇ ਕੀਤਾ ਜਾ ਰਿਹਾ ਹੈ।

ਸੰਪਾਦਕੀ

# 'ਸਮਾਰਟ' ਸਿਟੀ ਦੀਆਂ 'ਅਗਲੀ' ਸੜਕਾਂ

ਲੁਧਿਆਣਾ 'ਚ ਪਿਛਲੇ ਹਫ਼ਤੇ ਸੋਮਵਾਰ ਸ਼ਾਮ ਨੂੰ ਪਏ ਭਾਰੀ ਮੀਂਹ ਤੋਂ ਕੁਝ ਘੰਟਿਆਂ ਬਾਅਦ ਹੀ ਕਿਚਲੂ ਨਗਰ ਇਲਾਕੇ 'ਚ ਲਾਇਲਪੁਰ ਸਵੀਟਸ ਨੇੜੇ 25 ਫੁੱਟ ਡੂੰਘੀ ਸੜਕ ਧੱਸਣ ਦੀ ਘਟਨਾ ਨੇ ਇੱਕ ਵਾਰ ਫਿਰ ਲੁਧਿਆਣਾ ਸ਼ਹਿਰ ਦੇ ਸਮਾਰਟ ਸਿਟੀ ਟੈਗ ਉਪਰ ਧੱਬਾ ਲਾ ਦਿੱਤਾ ਹੈ। ਇਸ ਹਾਦਸੇ ਤੋਂ ਬਾਅਦ ਲੋਕ ਸਮਾਰਟ ਸਿਟੀ ਦੀਆਂ ਸੜਕਾਂ ਨੂੰ ਅਗਲੀ (ugly) ਸੜਕਾਂ ਦਾ ਨਾਮ ਦੇ ਰਹੇ ਹਨ ਕਿਉਂਕਿ ਪਿਛਲੇ ਕਈ ਮਹੀਨਿਆਂ ਤੋਂ ਸ਼ਹਿਰ ਦੇ ਕਈ ਹੋਰ ਇਲਾਕਿਆਂ ਦੀਆਂ ਟੁੱਟੀਆਂ ਸੜਕਾਂ ਮੁਰੰਮਤ ਦੀ ਉਡੀਕ ਵਿੱਚ ਹਨ। ਉਧਰ ਕਿਚਲੂ ਨਗਰ 'ਚ ਸੜਕ ਧੱਸਣ ਦੀ ਇਸ ਘਟਨਾ ਨਾਲ ਇਲਾਕੇ ਦੇ ਲੋਕਾਂ ਅਤੇ ਆਉਣ-ਜਾਣ ਵਾਲਿਆਂ 'ਚ ਦਹਿਸ਼ਤ ਫੈਲ ਗਈ। ਸ਼ੁਰੂਆਤੀ ਜਾਂਚ 'ਚ ਸਾਹਮਣੇ ਆਇਆ ਹੈ ਕਿ ਸੜਕ ਦੇ ਹੇਠਾਂ ਲੰਘਦੀ 40 ਸਾਲ ਪੁਰਾਣੀ 'ਡਾਟ' ਸੀਵਰੇਜ ਲਾਈਨ ਨੂੰ ਨੁਕਸਾਨ ਪਹੁੰਚਿਆ ਹੈ। ਨਗਰ ਨਿਗਮ ਦੇ ਸੁਪਰਿੰਟੈਂਡਿੰਗ ਇੰਜੀਨੀਅਰ ਨੇ ਵੀ ਪੁਰਾਣੀ ਸੀਵਰੇਜ ਸਿਸਟਮ ਨੂੰ ਨੁਕਸਾਨ ਦਾ ਸ਼ੱਕ ਜਤਾਇਆ। ਨਿਗਮ ਨੇ ਹਾਦਸੇ ਵਾਲੀ ਜਗ?ਹਾ ਨੂੰ ਘੇਰ ਕੇ ਆਵਾਜਾਈ ਬੰਦ ਕਰ ਦਿੱਤੀ। ਨਿਗਮ ਦੀ ਬੀਐਂਡਆਰ ਅਤੇ ਓਐਂਡਐਮ ਵਿੰਗ ਦੀਆਂ ਟੀਮਾਂ ਮੌਕੇ 'ਤੇ ਪਹੁੰਚੀਆਂ ਅਤੇ ਮੁਰੰਮਤ ਤੇ ਬਚਾਅ ਕਾਰਜ ਸ਼ੁਰੂ ਕਰ ਦਿੱਤਾ। ਨਗਰ ਨੂੰ ਪੁਰਾਣੀ ਖਰਾਬ ਸੀਵਰੇਜ ਲਾਈਨ ਬਦਲਣੀ ਚਾਹੀਦੀ ਹੈ ਤਾਂ ਜੋ ਭਵਿੱਖ 'ਚ ਅਜਿਹੇ ਹਾਦਸੇ ਨਾ ਹੋਣ। ਲੋਕਾਂ ਨੇ ਵੀ ਸ਼ਹਿਰ ਦੀਆਂ ਪੁਰਾਣੀਆਂ ਸੀਵਰੇਜ ਲਾਈਨਾਂ ਦਾ ਵਿਆਪਕ ਸਰਵੇਖਣ ਕਰਨ ਦੀ ਮੰਗ ਕੀਤੀ ਹੈ। ਨਗਰ ਨਿਗਮ ਦੀਆਂ ਟੀਮਾਂ ਨੇ ਮੌਕੇ ਦਾ ਨਿਰੀਖਣ ਕਰ ਲਿਆ ਹੈ ਅਤੇ ਨੁਕਸਾਨ ਦੇ ਸਹੀ ਬਿੰਦੂ ਦੀ ਪਛਾਣ ਕੀਤੀ ਜਾ ਰਹੀ ਹੈ। ਜਿਵੇਂ ਹੀ ਨੁਕਸਾਨ ਦਾ ਸਹੀ ਬਿੰਦੂ ਪਤਾ ਲੱਗੇਗਾ, ਮੁਰੰਮਤ ਦਾ ਕੰਮ ਸ਼ੁਰੂ ਕਰ ਦਿੱਤਾ ਜਾਵੇਗਾ। ਇਹ ਪਹਿਲੀ ਵਾਰ ਨਹੀਂ ਹੈ। 2013 'ਚ ਵੀ ਧਾਮੀ ਆਈ ਹਸਪਤਾਲ ਕੋਲ ਕਿਚਲੂ ਨਗਰ ਦੀ ਸੜਕ 90 ਫੁੱਟ ਲੰਬਾ ਅਤੇ 8 ਫੁੱਟ ਡੂੰਘਾ ਟੋਇਆ ਪੈ ਗਿਆ ਸੀ। ਉਸ ਸਮੇਂ ਵੀ ਕਿਹਾ ਗਿਆ ਸੀ ਕਿ 45 ਸਾਲ ਪੁਰਾਣੀ ਸੀਵਰੇਜ ਲਾਈਨ (ਪਾਈਪਾਂ) ਸਿਰਫ ਇਕ ਫੁੱਟ ਹੇਠਾਂ ਸੀ ਅਤੇ ਇੱਟਾਂ ਦੀ ਬਣੀ ਹੋਈ ਸੀ। ਨਿਗਮ ਨੇ ਉਦੋਂ ਨਵੇਂ ਪਾਈਪ ਲਾਉਣ ਦੀ ਗੱਲ ਕਹੀ ਸੀ। ਕਿਚਲੂ ਨਗਰ 'ਚ ਇਹ ਮਸਲਾ ਵਾਰ-ਵਾਰ ਆ ਰਿਹਾ ਹੈ। ਹਾਲ ਹੀ 'ਚ ਵਰਲਡ ਬੈਂਕ ਫੰਡ ਵਾਲੇ 24x7 ਪਾਣੀ ਸਪਲਾਈ ਪ੍ਰੋਜੈਕਟ ਲਈ ਪਾਈਪ ਲਾਈਨਾਂ ਪਾਉਣ ਤੋਂ ਬਾਅਦ ਵੀ ਕਿਚਲੂ ਨਗਰ ਰੋਡ ਦੀ ਮੁਰੰਮਤ ਨਹੀਂ ਹੋਈ ਸੀ। ਮੇਅਰ ਨੇ 20 ਦਿਨਾਂ 'ਚ ਸੜਕਾਂ ਪੱਧਰੀਆਂ ਕਰਨ ਦੇ ਹੁਕਮ ਵੀ ਦਿੱਤੇ ਸਨ ਪਰ ਜ਼ਮੀਨੀ ਪੱਧਰ 'ਤੇ ਹਾਲਾਤ ਨਹੀਂ ਸੁਧਰੇ। ਹਾਲਾਂਕਿ ਸਹੀ ਜਗ?ਹਾ ਦੀ ਪਛਾਣ ਤੋਂ ਬਾਅਦ ਜਲਦੀ ਮੁਰੰਮਤ ਸ਼ੁਰੂ ਕਰਨ ਦੀ ਗੱਲ ਕਹੀ ਜਾ ਰਹੀ ਹੈ ਪਰ ਲੋਕਾਂ ਦੀ ਮੰਗ ਹੈ ਕਿ ਸਿਰਫ ਪੈਚ ਨਾ ਲਗਾਇਆ ਜਾਵੇ, ਸਗੋਂ 40 ਸਾਲ ਪੁਰਾਣੀ ਸੀਵਰੇਜ ਲਾਈਨ ਨੂੰ ਪੂਰੀ ਤਰ੍ਹਾਂ ਬਦਲਿਆ ਜਾਵੇ ਤਾਂ ਹੀ ਇਸ ਸਮੱਸਿਆ ਦਾ ਕੋਈ ਸਥਾਈ ਹੱਲ ਨਿਕਲੇਗਾ।



**- ਅਸ਼ਵਨੀ ਜੇਤਲੀ**

# ਆਤਮਨਿਰਭਰ ਮੈਡੀਕਲ ਤਕਨਾਲੋਜੀ: ਕਿਫਾਇਤੀ ਸਿਹਤ ਸੇਵਾਵਾਂ ਅਤੇ ਵਿਕਸਿਤ ਭਾਰਤ ਦੀ ਮਜ਼ਬੂਤ ਨੀਂਹ

ਜ਼ਿਕਰ ਪੰਜਾਬ

ਭਾਰਤ ਨੇ ਪਿਛਲੇ ਇੱਕ ਦਹਾਕੇ ਵਿੱਚ ਸਿਹਤ ਸਹੂਲਤਾਂ ਦੇ ਖੇਤਰ ਵਿੱਚ ਬੇਮਿਸਾਲ ਵਿਸਥਾਰ ਕੀਤਾ ਹੈ। ਸਰਕਾਰੀ ਅਤੇ ਨਿੱਜੀ ਖੇਤਰ ਵਿੱਚ ਹਸਪਤਾਲਾਂ, ਪ੍ਰਾਇਮਰੀ ਸਿਹਤ ਕੇਂਦਰਾਂ, ਜਾਂਚ ਕੇਂਦਰਾਂ ਅਤੇ ਮੈਡੀਕਲ ਕਾਲਜਾਂ ਦੀ ਗਿਣਤੀ ਤੇਜ਼ੀ ਨਾਲ ਵਧੀ ਹੈ। ਸ਼ਹਿਰਾਂ ਦੇ ਨਾਲ-ਨਾਲ ਗ੍ਰਾਮੀਣ ਖੇਤਰਾਂ ਵਿੱਚ ਵੀ ਸਿਹਤ ਸਹੂਲਤਾਂ ਦਾ ਵਿਸਥਾਰ ਹੋਇਆ ਹੈ। ਇਹ ਸਰਕਾਰ ਦੀਆਂ ਅਜਿਹੀਆਂ ਨੀਤੀਆਂ ਨੂੰ ਦਰਸਾਉਂਦਾ ਹੈ, ਜਿਨ੍ਹਾਂ ਦੇ ਕੇਂਦਰ ਵਿੱਚ ਆਮ ਨਾਗਰਿਕ ਦੀ ਸਿਹਤ ਸੁਰੱਖਿਆ ਹੈ। ਪ੍ਰਧਾਨ ਮੰਤਰੀ ਨਰੇਂਦਰ ਮੋਦੀ ਦੀ ਅਗਵਾਈ ਹੇਠ ਸਰਕਾਰ ਨੇ ਮਿਆਰੀ ਸਿਹਤ ਸੇਵਾਵਾਂ ਨੂੰ ਹਰ ਨਾਗਰਿਕ ਤੱਕ ਪਹੁੰਚਾਉਣ ਲਈ ਕੰਮ ਕੀਤਾ ਹੈ। ਇੰਨਾ ਲਗਾਤਾਰ ਕੀਤੇ ਗਏ ਯਤਨਾਂ ਦਾ ਨਤੀਜਾ ਹੈ ਕਿ ਦੇਸ਼ ਵਿੱਚ ਲੋਕਾਂ ਦੁਆਰਾ ਆਪਣੀ ਜੇਬ?ਹ ਵਿੱਚੋਂ ਸਿਹਤ ਸੇਵਾਵਾਂ 'ਤੇ ਕੀਤੇ ਜਾਣ ਵਾਲੇ ਖਰਚੇ ਵਿੱਚ ਪਿਛਲੇ ਕੁਝ ਵਰ੍ਹਿਆ ਵਿੱਚ ਵੱਡੀ ਕਮੀ ਆਈ ਹੈ। ਇਹ ਖਰਚਾ ਪਹਿਲਾਂ 65 ਪ੍ਰਤੀਸ਼ਤ ਤੱਕ ਸੀ, ਜੋ ਹੁਣ ਘੱਟ ਕੇ 43 ਪ੍ਰਤੀਸ਼ਤ ਰਹਿ ਗਿਆ ਹੈ।

ਜ਼ਿਲ੍ਹਾ ਹਸਪਤਾਲ ਵਿੱਚ ਜਨਮ ਲੈਣ ਵਾਲੇ ਨਵਜੰਮੇ ਬੱਚੇ ਤੋਂ ਲੈ ਕੇ ਵੱਡੇ ਹਸਪਤਾਲ ਵਿੱਚ ਇਲਾਜ ਕਰਵਾ ਰਹੇ ਕੈਂਸਰ ਦੇ ਮਰੀਜ਼ ਤੱਕ, ਆਧੁਨਿਕ ਸਿਹਤ ਪ੍ਰਣਾਲੀ ਵਿੱਚ ਭਰੋਸੇਯੋਗ, ਚੰਗੀ ਗੁਣਵੱਤਾ ਵਾਲੇ ਅਤੇ ਕਿਫਾਇਤੀ ਮੈਡੀਕਲ ਉਪਕਰਣ ਅਤਿ-ਜ਼ਰੂਰੀ ਹੋ ਗਏ ਹਨ। 'ਪ੍ਰਧਾਨ ਮੰਤਰੀ ਆਯੁਸ਼ਮਾਨ ਭਾਰਤ ਸਿਹਤ ਬੁਨਿਆਦੀ ਢਾਂਚਾ ਮਿਸ਼ਨ' ਦੇ ਤਹਿਤ ਸਰਕਾਰ ਗ੍ਰਾਮੀਣ ਅਤੇ ਸ਼ਹਿਰੀ ਦੋਵਾਂ ਖੇਤਰਾਂ ਦੀ ਜਨਤਕ ਸਿਹਤ ਪ੍ਰਣਾਲੀ ਨੂੰ ਮਜ਼ਬੂਤ ਕਰ ਰਹੀ ਹੈ। ਇਸ ਦੇ ਲਈ ਲੈਬਾਂ ਨੂੰ ਬਿਹਤਰ ਬਣਾਉਣ, ਗੰਭੀਰ ਮਰੀਜ਼ਾਂ ਦੇ ਇਲਾਜ ਦੀਆਂ ਸਹੂਲਤਾਂ ਵਧਾਉਣ, ਬਿਮਾਰੀਆਂ ਦੀ ਨਿਗਰਾਨੀ ਪ੍ਰਣਾਲੀ ਨੂੰ ਮਜ਼ਬੂਤ ਕਰਨ ਅਤੇ ਐਮਰਜੈਂਸੀ ਸਥਿਤੀ ਨਾਲ ਨਜਿੱਠਣ ਦੀ ਸਮਰੱਥਾ ਵਧਾਉਣ 'ਤੇ ਨਿਵੇਸ਼ ਕੀਤਾ ਜਾ ਰਿਹਾ ਹੈ। ਜਿਵੇਂ-ਜਿਵੇਂ ਭਾਰਤ 2047 ਤੱਕ 'ਵਿਕਸਿਤ ਭਾਰਤ' ਬਣਨ ਦੀ ਦਿਸ਼ਾ ਵਿੱਚ ਅੱਗੇ ਵਧ ਰਿਹਾ ਹੈ, ਹੁਣ ਧਿਆਨ ਇੱਕ 'ਆਤਮਨਿਰਭਰ ਮੈਡੀਕਲ ਤਕਨਾਲੋਜੀ ਖੇਤਰ' ਤਿਆਰ ਕਰਨ 'ਤੇ ਹੈ। ਇਸ ਦਾ ਉਦੇਸ਼ ਸਿਹਤ ਸੇਵਾਵਾਂ ਨੂੰ ਹੋਰ ਸਸਤਾ, ਅਸਾਨੀ ਨਾਲ ਉਪਲਬਧ ਅਤੇ ਕਿਸੇ ਵੀ ਸੰਕਟ ਦੇ ਸਮੇਂ ਮਜ਼ਬੂਤ ਬਣਾਉਣਾ ਹੈ।

ਪਹਿਲਾਂ, ਭਾਰਤ ਕਈ ਆਧੁਨਿਕ ਅਤੇ ਜਟਿਲ ਮੈਡੀਕਲ ਉਪਕਰਣਾਂ ਲਈ ਕਾਫ਼ੀ ਹੱਦ ਤੱਕ ਦੂਜੇ ਦੇਸ਼ਾਂ ਤੋਂ ਹੋਣ ਵਾਲੇ ਇੰਪੋਰਟ 'ਤੇ ਨਿਰਭਰ ਸੀ। ਇਨ੍ਹਾਂ ਤਕਨਾਲੋਜੀਆਂ ਨਾਲ ਸਿਹਤ ਸੇਵਾਵਾਂ ਵਿੱਚ ਸੁਧਾਰ ਤਾਂ ਹੋਇਆ, ਪਰ ਇਸ ਨਾਲ ਇਲਾਜ ਦੀ ਲਾਗਤ ਵਧੀ, ਸਪਲਾਈ ਵਿਵਸਥਾ 'ਤੇ ਬਾਹਰੀ ਨਿਰਭਰਤਾ ਬਣੀ ਰਹੀ ਅਤੇ ਇਨ੍ਹਾਂ ਉਪਕਰਣਾਂ ਦੀ ਪਹੁੰਚ ਸੀਮਤ ਰਹੀ। ਇਸੇ ਜ਼ਰੂਰਤ ਨੂੰ ਦੇਖਦਿਆਂ ਰਾਸ਼ਟਰੀ ਮੈਡੀਕਲ ਉਪਕਰਣ ਨੀਤੀ, 2023 ਵਿੱਚ ਦੇਸ਼ ਦੇ ਅੰਦਰ ਆਧੁਨਿਕ ਮੈਡੀਕਲ ਉਪਕਰਣ ਬਣਾਉਣ ਦੀ ਸਮਰੱਥਾ ਵਧਾਉਣ 'ਤੇ ਜ਼ੋਰ ਦਿੱਤਾ ਗਿਆ। ਇਸ ਦਾ ਉਦੇਸ਼ ਮੈਡੀਕਲ ਉਪਕਰਣਾਂ ਨੂੰ ਸਸਤਾ ਬਣਾਉਣਾ ਅਤੇ ਜਾਂਚ ਦੀ ਲਾਗਤ ਘਟਾਉਣਾ ਹੈ। ਸਰਕਾਰ ਨੇ ਮੈਡੀਕਲ ਉਪਕਰਣਾਂ ਦੇ ਪੂਰੇ ਖੇਤਰ ਨੂੰ ਮਜ਼ਬੂਤ ਕਰਨ ਲਈ ਕਈ ਯੋਜਨਾਵਾਂ ਸ਼ੁਰੂ ਕੀਤੀਆਂ ਹਨ। ਇੰਨਾ ਵਿੱਚ ਉਤਪਾਦਨ ਨਾਲ ਜੁੜੀ ਪ੍ਰੋਤਸਾਹਨ ਯੋਜਨਾ, ਮੈਡੀਕਲ ਉਪਕਰਣ ਪਾਰਕ ਅਤੇ ਦਵਾਈਆਂ ਅਤੇ ਮੈਡੀਕਲ ਤਕਨਾਲੋਜੀ ਦੇ ਖੇਤਰ ਵਿੱਚ ਖੋਜ ਅਤੇ ਨਵੀਨਤਾ ਨੂੰ ਹੁਲਾਰਾ ਦੇਣ ਵਾਲੀਆਂ ਯੋਜਨਾਵਾਂ ਸ਼ਾਮਲ ਹਨ। ਇਨ੍ਹਾਂ ਪਹਿਲਕਦਮੀਆਂ ਨਾਲ ਦੇਸ਼ ਵਿੱਚ ਮੈਡੀਕਲ ਉਪਕਰਣਾਂ ਦੇ ਨਿਰਮਾਣ, ਨਵੀਂ ਖੋਜ, ਨਿਵੇਸ਼ ਅਤੇ ਵਿਸ਼ਵ ਪੱਧਰ 'ਤੇ ਪ੍ਰਤੀਯੋਗਿਤਾ ਲਈ ਇੱਕ ਬਿਹਤਰ ਮਾਹੌਲ ਤਿਆਰ ਹੋ ਰਿਹਾ ਹੈ। ਨਤੀਜੇ ਉਤਸ਼ਾਹ ਵਧਾਉਣ ਵਾਲੇ ਹਨ। ਉਤਪਾਦਨ ਨਾਲ ਜੁੜੀ ਪ੍ਰੋਤਸਾਹਨ ਯੋਜਨਾ ਤਹਿਤ 50 ਤੋਂ ਵੱਧ ਆਧੁਨਿਕ ਮੈਡੀਕਲ ਉਪਕਰਣਾਂ ਦਾ ਦੇਸ਼ ਵਿੱਚ ਉਤਪਾਦਨ ਸ਼ੁਰੂ ਹੋ ਚੁੱਕਾ ਹੈ। ਇਸ ਦੇ ਨਾਲ ਹੀ ਇਸ ਖੇਤਰ ਵਿੱਚ



ਵਿਦੇਸ਼ੀ ਨਿਵੇਸ਼ ਲਗਾਤਾਰ ਵਧ ਰਿਹਾ ਹੈ, ਜੋ ਵਿਸ਼ਵਵਿਆਪੀ ਨਿਵੇਸ਼ਕਾਂ ਦੇ ਵਧਦੇ ਵਿਸ਼ਵਾਸ ਨੂੰ ਦਰਸਾਉਂਦਾ ਹੈ। ਇਹ ਉਪਲਬਧੀਆਂ ਦਰਸਾਉਂਦੀਆਂ ਹਨ ਕਿ ਭਾਰਤ ਹੌਲੀ-ਹੌਲੀ ਦੁਨੀਆ ਦੇ ਮੈਡੀਕਲ ਤਕਨਾਲੋਜੀ ਖੇਤਰ ਵਿੱਚ ਇੱਕ ਭਰੋਸੇਯੋਗ ਭਾਈਵਾਲ ਵਜੋਂ ਉੱਭਰ ਰਿਹਾ ਹੈ। ਸਿਰਫ਼ ਮੈਡੀਕਲ ਉਪਕਰਣਾਂ ਦਾ ਮੈਨੂਫੈਕਚਰਿੰਗ ਹੱਬ ਬਣਨ ਤੋਂ ਇਲਾਵਾ, ਭਾਰਤ ਤੇਜ਼ੀ ਨਾਲ ਆਧੁਨਿਕ ਮੈਡੀਕਲ ਤਕਨਾਲੋਜੀਆਂ ਨੂੰ ਅਪਣਾ ਵੀ ਰਿਹਾ ਹੈ, ਤਾਂ ਜੋ ਲੋਕਾਂ ਦਾ ਜੀਵਨ ਬਿਹਤਰ ਬਣਾਇਆ ਜਾ ਸਕੇ। ਆਧੁਨਿਕ ਜਾਂਚ ਸਹੂਲਤਾਂ, ਸਰੀਰ ਦੀ ਅੰਦਰੂਨੀ ਤਸਵੀਰ ਲੈਣ ਵਾਲੀਆਂ ਮਸ਼ੀਨਾਂ (ਇਮੇਜਿੰਗ ਸਿਸਟਮ), ਸਰੀਰ ਵਿੱਚ ਲਗਾਏ ਜਾਣ ਵਾਲੇ ਮੈਡੀਕਲ ਉਪਕਰਣਾਂ, ਗੰਭੀਰ ਦੇਖਭਾਲ (ਇੰਟੈਂਸਿਵ ਕੇਅਰ) ਦੀਆਂ ਮਸ਼ੀਨਾਂ ਅਤੇ ਡਿਜੀਟਲ ਸਿਹਤ ਸੇਵਾਵਾਂ ਨੂੰ ਕਿਫਾਇਤੀ ਦਰਾਂ 'ਤੇ ਉਪਲਬਧ ਕਰਵਾਉਣ ਨਾਲ ਮਰੀਜ਼ਾਂ 'ਤੇ ਇਲਾਜ ਦਾ ਆਰਥਿਕ ਬੋਝ ਘਟਦਾ ਹੈ। ਨਾਲ ਹੀ ਇਲਾਜ ਦੀ ਗੁਣਵੱਤਾ ਅਤੇ ਸਮੇਂ ਸਿਰ ਇਲਾਜ ਮਿਲਣ ਵਿੱਚ ਵੀ ਸੁਧਾਰ ਹੁੰਦਾ ਹੈ। ਦੇਸ਼ ਵਿੱਚ ਹੀ ਮੈਡੀਕਲ ਉਪਕਰਣ ਬਣਨ ਨਾਲ ਵਿਦੇਸ਼ਾਂ ਤੋਂ ਇੰਪੋਰਟ 'ਤੇ ਨਿਰਭਰਤਾ ਘਟਦੀ ਹੈ, ਸਪਲਾਈ ਵਿਵਸਥਾ ਮਜ਼ਬੂਤ ਹੁੰਦੀ ਹੈ ਅਤੇ ਲਾਗਤ ਘੱਟ ਕਰਨ ਦੇ ਮੌਕੇ ਵਧਦੇ ਹਨ। ਭਾਰਤ ਦਾ ਵਿਸ਼ਵ ਪੱਧਰ 'ਤੇ ਪਛਾਣ ਬਣਾ ਚੁੱਕਾ ਦਵਾਈ ਉਦਯੋਗ (ਫਾਰਮਾਸਿਊਟੀਕਲ ਉਦਯੋਗ), ਮਜ਼ਬੂਤ ਇੰਜੀਨੀਅਰਿੰਗ ਸਮਰੱਥਾ, ਤੇਜ਼ੀ ਨਾਲ ਫੈਲ ਰਿਹਾ ਡਿਜੀਟਲ ਢਾਂਚਾ, ਤੇਜ਼ੀ ਨਾਲ ਵਧ ਰਿਹਾ ਨਵੇਂ ਉੱਦਮਾਂ ਦਾ ਖੇਤਰ ਅਤੇ ਕੁਸ਼ਲ ਮਨੁੱਖੀ ਸਰੋਤ ਅਗਲੀ ਪੀੜ੍ਹੀ ਦੀ ਮੈਡੀਕਲ ਤਕਨਾਲੋਜੀ ਵਿਕਸਿਤ ਕਰਨ ਲਈ ਮਜ਼ਬੂਤ ਅਧਾਰ ਪ੍ਰਦਾਨ ਕਰਦੇ ਹਨ। ਆਰਟੀਫਿਸ਼ੀਅਲ ਇੰਟੈਲੀਜੈਂਸ, ਮੈਡੀਕਲ ਉਪਕਰਣ ਦੇ ਰੂਪ ਵਿੱਚ ਵਰਤੇ ਜਾਣ ਵਾਲੇ ਸਾਫਟਵੇਅਰ (ਐੱਸਐੱਮਡੀ), ਇੰਟਰਨੈੱਟ ਨਾਲ ਜੁੜੇ ਮੈਡੀਕਲ ਉਪਕਰਣ, ਰੋਬੋਟਿਕ ਤਕਨਾਲੋਜੀ ਅਤੇ ਦੂਰ ਤੋਂ ਜਾਂਚ (ਰਿਮੋਟ ਡਾਇਗਨੌਸਟਿਕਸ) ਵਰਗੀਆਂ ਨਵੀਆਂ ਤਕਨਾਲੋਜੀਆਂ ਵਿੱਚ ਭਾਰਤ ਕੋਲ ਦੇਸ਼ ਅਤੇ ਦੁਨੀਆ ਦੀਆਂ ਸਿਹਤ ਜ਼ਰੂਰਤਾਂ ਲਈ ਨਵੇਂ ਹੱਲ ਵਿਕਸਿਤ ਕਰਨ ਦੇ ਵੱਡੇ ਮੌਕੇ ਹਨ।

ਜਿਵੇਂ-ਜਿਵੇਂ ਭਾਰਤੀ ਕੰਪਨੀਆਂ ਦੁਨੀਆ ਦੇ ਬਜ਼ਾਰ ਵਿੱਚ ਵਿਸਥਾਰ ਕਰ ਰਹੀਆਂ ਹਨ, ਗੁਣਵੱਤਾ ਵੀ ਭਾਰਤ ਵਿੱਚ ਬਣੇ ਮੈਡੀਕਲ ਉਪਕਰਣਾਂ ਦੀ ਸਭ ਤੋਂ ਵੱਡੀ ਪਛਾਣ ਬਣਦੀ ਜਾ ਰਹੀ ਹੈ। ਸਰਕਾਰ ਰੈਗੂਲੇਟਰੀ ਸਿਸਟਮ ਨੂੰ ਮਜ਼ਬੂਤ ਕਰਨ, ਮਾਨਤਾ ਪ੍ਰਾਪਤ ਜਾਂਚ ਸਹੂਲਤਾਂ ਦਾ ਵਿਸਥਾਰ ਕਰਨ, ਮੈਡੀਕਲ ਉਪਕਰਣਾਂ ਦੇ ਪ੍ਰਭਾਵ ਨਾਲ ਜੁੜੇ ਵਿਗਿਆਨਿਕ ਸਬੂਤ ਤਿਆਰ ਕਰਨ ਅਤੇ ਅੰਤਰਰਾਸ਼ਟਰੀ ਮਾਪਦੰਡਾਂ ਦੇ ਅਨੁਕੂਲ ਵਿਵਸਥਾ ਵਿਕਸਿਤ ਕਰਨ 'ਤੇ ਜ਼ੋਰ ਦੇ ਰਹੀ ਹੈ। ਇਸ ਨਾਲ ਮਰੀਜ਼ਾਂ ਦੀ ਸੁਰੱਖਿਆ ਵਧੇਗੀ ਅਤੇ ਵਿਸ਼ਵਵਿਆਪੀ ਬਜ਼ਾਰ ਵਿੱਚ ਭਾਰਤ ਦੀ ਪ੍ਰਤੀਯੋਗਤਾ ਸਮਰੱਥਾ ਵੀ ਮਜ਼ਬੂਤ ਹੋਵੇਗੀ।

ਵਿਸ਼ਵਵਿਆਪੀ ਪੱਧਰ 'ਤੇ ਪ੍ਰਤੀਯੋਗੀ ਮੈਡੀਕਲ ਤਕਨਾਲੋਜੀ ਖੇਤਰ ਤਿਆਰ ਕਰਨ ਲਈ ਸਰਕਾਰ, ਉਦਯੋਗ, ਸਿੱਖਿਆ ਸੰਸਥਾਵਾਂ, ਸਿਹਤ ਸੇਵਾ ਪ੍ਰਦਾਤਾਵਾਂ, ਨਵੇਂ ਉੱਦਮਾਂ ਅਤੇ ਨਿਵੇਸ਼ਕਾਂ ਵਿਚਕਾਰ ਮਜ਼ਬੂਤ ਸਹਿਯੋਗ ਜ਼ਰੂਰੀ ਹੈ। ਜਦੋਂ ਲੈਬਾਂ ਵਿੱਚ ਤਿਆਰ ਵਿਚਾਰ ਆਸਾਨੀ ਨਾਲ ਕਾਰਖਾਨਿਆਂ ਤੱਕ ਅਤੇ ਉੱਥੋਂ ਮਰੀਜ਼ਾਂ ਤੱਕ ਪਹੁੰਚਦੇ ਹਨ, ਉਦੋਂ ਹੀ ਨਵੇਂ ਆਵਿਸ਼ਕਾਰਾਂ ਨੂੰ ਅਸਲ ਲਾਭ ਵਿੱਚ ਬਦਲਿਆ ਜਾ ਸਕਦਾ ਹੈ। ਸਰਕਾਰ ਅਜਿਹੀਆਂ ਸਥਿਰ ਅਤੇ ਪਾਰਦਰਸ਼ੀ ਨੀਤੀਆਂ ਬਣਾਉਣ ਲਈ ਵਚਨਬੱਧ ਹੈ, ਜਿਨ੍ਹਾਂ ਨਾਲ ਖੋਜ , ਨਿਵੇਸ਼, ਤਕਨੀਕੀ ਭਾਈਵਾਲੀ ਅਤੇ ਈਜ਼ ਆਫ਼ ਡੂਇੰਗ ਬਿਜ਼ਨਸ ਹੋਵੇ।



ਜਗਤ ਪ੍ਰਕਾਸ਼ ਨੱਡਾ

ਭਾਰਤ ਜਿਵੇਂ-ਜਿਵੇਂ ਵਿਕਸਿਤ ਰਾਸ਼ਟਰ ਬਣਨ ਦੀ ਦਿਸ਼ਾ ਵਿੱਚ ਅੱਗੇ ਵਧ ਰਿਹਾ ਹੈ, ਸਿਹਤ ਅਤੇ ਆਰਥਿਕ ਵਿਕਾਸ ਇੱਕ-ਦੂਜੇ ਨੂੰ ਹੋਰ ਮਜ਼ਬੂਤ ਕਰਨਗੇ। ਇੱਕ ਮਜ਼ਬੂਤ ਮੈਡੀਕਲ ਉਪਕਰਣ ਉਦਯੋਗ ਉੱਚ ਮੁੱਲ ਵਾਲੇ ਉਤਪਾਦਨ, ਕੁਸ਼ਲ ਰੁਜ਼ਗਾਰ, ਐਕਸਪੋਰਟ ਅਤੇ ਤਕਨੀਕੀ ਸਮਰੱਥਾ ਨੂੰ ਹੁਲਾਰਾ ਦੇਵੇਗਾ। ਨਾਲ ਹੀ ਇਸ ਨਾਲ ਸਿਹਤ ਸੇਵਾਵਾਂ ਵਧੇਰੇ ਕਿਫਾਇਤੀ, ਆਸਾਨੀ ਨਾਲ ਉਪਲਬਧ ਅਤੇ ਕਿਸੇ ਵੀ ਸੰਕਟ ਦੇ ਸਮੇਂ ਵਧੇਰੇ ਮਜ਼ਬੂਤ ਬਣਨਗੀਆਂ।

ਭਾਰਤ ਦਾ ਮੈਡੀਕਲ ਤਕਨਾਲੋਜੀ ਖੇਤਰ ਏਸ਼ੀਆ ਦਾ ਚੌਥਾ ਸਭ ਤੋਂ ਵੱਡਾ ਬਜ਼ਾਰ ਹੈ ਅਤੇ ਦੁਨੀਆ ਦੇ ਟੌਪ ਦੇ 20 ਬਜ਼ਾਰਾਂ ਵਿੱਚ ਸ਼ਾਮਲ ਹੈ। ਫਿਲਹਾਲ ਇਸ ਦਾ ਆਕਾਰ 15 ਤੋਂ 16 ਅਰਬ ਡਾਲਰ ਹੈ ਅਤੇ ਇਹ ਲਗਭਗ 12 ਪ੍ਰਤੀਸ਼ਤ ਦੀ ਸਾਲਾਨਾ ਦਰ ਤੋਂ ਵਧ ਰਿਹਾ ਹੈ। ਇਸ ਵਜ?ਹਾ ਕਰਕੇ ਇਹ ਦੇਸ਼ ਦੇ ਸਭ ਤੋਂ ਤੇਜ਼ੀ ਨਾਲ ਵਧ ਰਹੇ ਮੈਨੂਫੈਕਚਰਿੰਗ ਖੇਤਰਾਂ ਵਿੱਚੋਂ ਇੱਕ ਬਣ ਗਿਆ ਹੈ।

ਵਿਕਸਿਤ ਭਾਰਤ' ਦਾ ਟੀਚਾ ਗੁਣਵੱਤਾ, ਨਵੀਆਂ ਖੋਜਾਂ ਅਤੇ ਸਭ ਨੂੰ ਨਾਲ ਲੈ ਕੇ ਚੱਲਣ ਦੇ ਅਧਾਰ 'ਤੇ ਦੁਨੀਆ ਵਿੱਚ ਅਗਵਾਈ ਕਰਨ 'ਤੇ ਜ਼ੋਰ ਦਿੰਦਾ ਹੈ। ਸਰਕਾਰ ਇਹ ਯਕੀਨੀ ਬਣਾਉਣ ਲਈ ਕੰਮ ਕਰ ਰਹੀ ਹੈ ਕਿ ਨਵੀਆਂ ਮੈਡੀਕਲ ਤਕਨਾਲੋਜੀਆਂ ਭਾਰਤ ਦੀਆਂ ਮੁੱਖ ਸਿਹਤ ਜ਼ਰੂਰਤਾਂ ਨੂੰ ਪੂਰਾ ਕਰਨ। ਇਨ੍ਹਾਂ ਵਿੱਚ ਮਾਵਾਂ ਅਤੇ ਬੱਚਿਆਂ ਦੀ ਸਿਹਤ, ਗੈਰ-ਸੰਚਾਰੀ ਬਿਮਾਰੀਆਂ, ਐਮਰਜੈਂਸੀ ਦੇਖਭਾਲ, ਕੈਂਸਰ, ਦਿਲ ਦੇ ਰੋਗ ਅਤੇ ਗ੍ਰਾਮੀਣ ਖੇਤਰਾਂ ਤੱਕ ਸਿਹਤ ਸੇਵਾਵਾਂ ਦੀ ਪਹੁੰਚ ਸ਼ਾਮਲ ਹੈ। ਪ੍ਰਧਾਨ ਮੰਤਰੀ ਨਰੇਂਦਰ ਮੋਦੀ ਦੀ ਦੂਰਅੰਦੇਸ਼ੀ ਅਗਵਾਈ ਹੇਠ ਭਾਰਤ ਲਗਾਤਾਰ ਇੱਕ 'ਆਤਮਨਿਰਭਰ ਮੈਡੀਕਲ ਤਕਨਾਲੋਜੀ ਵਿਵਸਥਾ' ਤਿਆਰ ਕਰ ਰਿਹਾ ਹੈ। ਇਸ ਦਾ ਉਦੇਸ਼ ਸਿਰਫ਼ ਭਾਰਤ ਵਿੱਚ ਮੈਡੀਕਲ ਉਪਕਰਣ ਬਣਾਉਣਾ ਨਹੀਂ ਹੈ, ਸਗੋਂ ਹਰ ਨਾਗਰਿਕ ਨੂੰ ਸਮੇਂ ਸਿਰ ਚੰਗੀਆਂ ਅਤੇ ਗੁਣਵੱਤਾਪੂਰਨ ਸਿਹਤ ਸੇਵਾਵਾਂ ਉਪਲਬਧ ਕਰਵਾਉਣਾ, ਦੇਸ਼ ਦੀ ਸਿਹਤ ਸੁਰੱਖਿਆ ਨੂੰ ਮਜ਼ਬੂਤ ਕਰਨਾ ਅਤੇ ਬਿਹਤਰ ਸਿਹਤ ਲਈ ਭਾਰਤ ਨੂੰ ਦੁਨੀਆ ਦੇ ਇੱਕ ਭਰੋਸੇਯੋਗ ਭਾਈਵਾਲ ਵਜੋਂ ਸਥਾਪਿਤ ਕਰਨਾ ਹੈ।

**ਲੇਖਕ ਭਾਰਤ ਸਰਕਾਰ ਵਿੱਚ ਕੇਂਦਰੀ ਸਿਹਤ ਅਤੇ ਪਰਿਵਾਰ ਭਲਾਈ ਮੰਤਰੀ ਅਤੇ ਰਸਾਇਣ ਅਤੇ ਖਾਦ ਮੰਤਰੀ ਹਨ।)**

# ਮਾਨਸਿਕ ਤ੍ਰਿਪਤੀ ਲਈ ਕਿਤਾਬਾਂ ਦੀ ਅਹਿਮੀਅਤ

ਜ਼ਿਕਰ ਪੰਜਾਬ

ਇਕ ਵਿਦਵਾਨ ਦਾ ਕਥਨ ਹੈ ਕਿ ਕਿਤਾਬਾਂ ਪੜ੍ਹਨ ਵਾਲੇ ਔਸਤਨ ਲੋਕਾਂ ਨਾਲੋਂ ਜ਼ਿਆਦਾ ਲੰਮੀ ਉਮਰ ਭੋਗਦੇ ਹਨ। ਟਾਈਮ ਰਿਸਾਲੇ ਦੀ ਰਿਪੋਰਟ ਅਨੁਸਾਰ ਜੇਕਰ ਅਸੀਂ ਰੋਜ਼ਾਨਾ ਸਿਰਫ਼ 25 ਮਿੰਟ ਪੜ੍ਹਨ ਦੀ ਆਦਤ ਬਣਾ ਲਈਏ ਤਾਂ ਇੱਕ ਸਾਲ ਵਿਚ ਕੁੱਲ 9125 ਮਿੰਟ ਅਰਥਾਤ 152 ਘੰਟੇ ਪੜ੍ਹ ਚੁੱਕੇ ਹੋਵਾਂਗੇ। ਹੁਣ ਸੋਚ ਕੇ ਦੇਖੋ ਕਿ ਇੰਨੇਂ ਸਮੇਂ ਵਿੱਚ ਅਸੀਂ ਕਿੰਨੀਆਂ ਕਿਤਾਬਾਂ ਪੜ੍ਹ ਸਕਦੇ ਹਾਂ। ਚੰਗੀਆਂ ਕਿਤਾਬਾਂ, ਚੰਗਾ ਤੇ ਨਰੋਆ ਸਮਾਜ ਸਿਰਜਣ ਦੀ ਤਾਕਤ ਰੱਖਦੀਆਂ ਹਨ। ਸਮਾਜ ਨੂੰ ਚੰਗਾ ਤੇ ਨਰੋਆ ਬਣਾਉਣਾ ਸਾਡੀ ਸਭ ਦੀ ਜ਼ਿੰਮੇਵਾਰੀ ਹੈ, ਕਿਉਂਕਿ ਸਮਾਜ ਸਭ ਨਾਗਰਿਕਾਂ ਲਈ ਜ਼ਰੂਰੀ ਹੈ। ਕਿਤਾਬਾਂ ਦਾ ਸਾਡੇ ਜੀਵਨ ਵਿੱਚ ਬਹੁਤ ਮਹੱਤਵ ਹੈ। ਕਿਤਾਬਾਂ ਪੜ੍ਹ ਕੇ ਅਨੇਕਾਂ ਲੋਕਾਂ ਦੇ ਜੀਵਨ ਵਿੱਚ ਅਜਿਹੇ ਬਦਲਾਅ ਆਏ ਹਨ ਕਿ ਉਨ੍ਹਾਂ ਨੇ ਦੁਨੀਆਂ ਦੇ ਜੀਉਣ ਦੇ ਤੌਰ ਤਰੀਕੇ ਹੀ ਬਦਲ ਦਿੱਤੇ। ਜਿਹੜੇ ਲੋਕਾਂ ਨੂੰ ਕਿਤਾਬਾਂ ਪੜ੍ਹਨ ਦੀ ਆਦਤ ਨਹੀਂ ਹੈ, ਜੇਕਰ ਇਸ ਨੂੰ ਉਨ੍ਹਾਂ ਦੀ ਜ਼ਿੰਦਗੀ ਦਾ ਇੱਕ ਵੱਡਾ ਔਗੁਣ ਮੰਨ ਲਈਏ ਤਾਂ ਇਹ ਗ਼ਲਤ ਨਹੀਂ ਹੋਵੇਗਾ।? ਜੇਕਰ ਕਿਸੇ ਵੀ ਪਰਿਵਾਰ ਵਿੱਚ ਆਧੁਨਿਕ ਜ਼ਮਾਨੇ ਦੀਆਂ ਸਭ ਸੁੱਖ ਸਹੂਲਤਾਂ ਹੋਣ, ਪਰੰਤੂ ਘਰ ਵਿੱਚ ਕੋਈ ਕਿਤਾਬਾਂ ਪੜ੍ਹਨ ਦਾ ਸ਼ੌਕੀਨ ਨਾ ਹੋਵੇ ਤਾਂ ਅਜਿਹੇ ਘਰ ਨੂੰ ਬੌਧਿਕ ਤੌਰ 'ਤੇ ਸੱਖਣਾ ਕਹਿਣ ਵਿੱਚ ਕੋਈ ਅਤਿਕਥਨੀ ਨਹੀਂ ਹੋਵੇਗੀ। ਅਸੀਂ ਪੱਛਮੀ ਸੱਭਿਆਚਾਰ ਦੀ ਖਾਣ-ਪੀਣ, ਰਹਿਣ-ਸਹਿਣ ਅਤੇ ਪਹਿਰਾਵੇ ਤੱਕ ਦੀ ਤਾਂ ਰੀਸ ਕਰਦੇ ਹਾਂ, ਪਰੰਤੂ ਉਨ੍ਹਾਂ ਦੀ ਸਾਹਿਤ ਨੂੰ ਪਿਆਰ ਕਰਨ ਦੀ ਪਿਆਰੀ ਆਦਤ ਵੱਲ ਕਦੇ ਧਿਆਨ ਹੀ ਨਹੀਂ ਦਿੱਤਾ। ਉਨ੍ਹਾਂ ਦੇਸ਼ਾਂ ਵਿੱਚ ਕਿਸੇ ਵੀ ਖ਼ੁਸ਼ੀ ਦੇ ਮੌਕੇ 'ਤੇ, ਤਿਉਹਾਰਾਂ ਸਮੇਂ ਜਾਂ ਕਿਸੇ ਨੂੰ ਰਸਮੀ ਤੌਰ 'ਤੇ ਪਹਿਲੀ ਵਾਰੀ ਮਿਲਣ ਸਮੇਂ ਉਹ ਤੋਹਫ਼ੇ ਦੇ ਤੌਰ 'ਤੇ ਕਿਤਾਬਾਂ ਦਾ ਹੀ ਆਦਾਨ ਪ੍ਰਦਾਨ ਕਰਦੇ ਹਨ। ਉਨ੍ਹਾਂ ਲੋਕਾਂ ਦੇ ਘਰ ਬੇਸ਼ੱਕ ਛੋਟੇ ਹੋਣ ਜਾਂ ਵੱਡੇ ਹੋਣ, ਪਰੰਤੂ ਹਰ ਘਰ ਵਿੱਚ ਇੱਕ ਛੋਟੀ ਜਾਂ ਵੱਡੀ ਲਾਇਬਰੇਰੀ ਜ਼ਰੂਰ ਬਣਾਈ ਗਈ ਹੈ। ਇਹ ਉਨ੍ਹਾਂ ਲੋਕਾਂ ਦਾ ਕਿਤਾਬਾਂ ਪ੍ਰਤੀ ਅਥਾਹ ਸਨੇਹ ਅਤੇ ਪਿਆਰ ਹੈ। ਕਿਤਾਬਾਂ ਸਾਨੂੰ ਦੁਨੀਆਂ ਭਰ ਦੇ ਵਿਦਵਾਨਾਂ ਦੇ ਅਨੁਭਵਾਂ ਅਤੇ ਦੇਸ਼ ਦੁਨੀਆਂ ਦੇ ਹਰ ਪੱਖ ਤੋਂ ਹਰ ਵਿਸ਼ੇ 'ਤੇ ਭਰਪੂਰ ਗਿਆਨ ਦੇ ਕੇ ਜ਼ਿੰਦਗੀ ਜੀਊਣ ਦੇ ਢੰਗ ਦੱਸਦੀਆਂ ਹਨ। ਇੱਕ ਵਾਰ ਅੰਗਰੇਜ਼ੀ ਦੇ ਵਿਦਵਾਨ ਰਾਬਰਟ ਸਾਊਥੇ ਨੇ ਕਿਹਾ ਸੀ- 'ਪੁਸਤਕਾਂ ਮੇਰੀਆਂ ਸਭ ਤੋਂ ਚੰਗੀਆਂ ਦੋਸਤ ਹਨ, ਜੋ ਹਮੇਸ਼ਾਂ ਦੁੱਖ ਵਿੱਚ ਮੈਨੂੰ ਸਹਾਰਾ ਦੇ ਕੇ ਦਰਦ ਵਿੱਚ ਆਰਾਮ ਦਾ ਅਹਿਸਾਸ ਕਰਾਉਂਦੀਆਂ ਹਨ।' ਪੱਛਮੀ ਸੱਭਿਆਚਾਰ ਦੇ ਮੁਕਾਬਲੇ ਜੇਕਰ ਅਸੀਂ ਆਪਣੇ ਭਾਰਤੀ ਵਿਸ਼ੇਸ਼ ਤੌਰ 'ਤੇ ਪੰਜਾਬੀ ਸਮਾਜ ਦੀ ਗੱਲ ਕਰੀਏ ਤਾਂ ਅਸੀਂ ਤਾਂ ਆਪਣੀ ਕਿਤਾਬਾਂ ਪੜ੍ਹਨ ਦੀ ਰੁਚੀ ਨੂੰ ਪੈਦਾ ਹੀ ਨਹੀਂ ਹੋਣ ਦਿੰਦੇ। ਇੱਥੋਂ ਤੱਕ ਕਿ ਸਾਡੇ ਸਕੂਲਾਂ ਕਾਲਜਾਂ ਵਿੱਚ ਪੜ੍ਹਦੇ ਵਿਦਿਆਰਥੀ ਆਪਣੇ ਸਿਲੇਬਸ ਦੀਆਂ ਕਿਤਾਬਾਂ ਪੜ੍ਹਨ ਲਈ ਬਹੁਤ ਔਖ ਮਹਿਸੂਸ ਕਰਦੇ ਹਨ। ਫ਼?ਰ ਸਿਲੇਬਸ ਤੋਂ ਬਾਹਰ ਦੀਆਂ ਕਿਤਾਬਾਂ ਪੜ੍ਹਨਾ ਤਾਂ ਉਨ੍ਹਾਂ ਦੇ ਵੱਸ ਦੀ ਗੱਲ ਹੀ ਨਹੀਂ ਹੈ। ਇਹੋ ਕਾਰਨ ਹੈ ਕਿ ਪੰਜਾਬੀ ਸੱਭਿਆਚਾਰ ਨਾਲ ਸੰਬੰਧਿਤ ਇਲਾਕਿਆਂ ਵਿੱਚ ਲਾਇਬਰੇਰੀਆਂ ਦੀ ਸੰਖਿਆ ਬਹੁਤ ਨਿਗੂਣੀ ਜਿਹੀ ਹੈ। ਪੰਜਾਬੀ ਵਾਰਤਕ ਲੇਖਕ ਸ੍ਰ. ਗੁਰਬਖ਼ਸ਼ ਸਿੰਘ ਪ੍ਰੀਤਲੜੀ ਨੇ ਬੜਾ ਸੁੰਦਰ ਲਿਖਿਆ ਹੈ- 'ਕਾਨੂੰਨ, ਥਾਣੇ, ਅਦਾਲਤਾਂ, ਜੇਲ੍ਹਾਂ ਆਦਿ ਮਨੁੱਖ ਦੀ ਜਹਾਲਤ ਅਤੇ ਮੂਰਖਤਾ 'ਚੋਂ ਉਪਜੀਆਂ ਸੰਸਥਾਵਾਂ ਹਨ। ਸਹੀ ਅਰਥਾਂ ਵਿੱਚ ਸਾਡਾ ਸਮਾਜ ਉਦੋਂ ਉੱਨਤੀ ਕਰੇਗਾ ਜਦੋਂ ਅਦਾਲਤਾਂ, ਥਾਣਿਆਂ, ਜੇਲ੍ਹਾਂ ਨਾਲੋਂ ਸਾਡੀਆਂ ਲਾਇਬਰੇਰੀਆਂ ਵੱਡੀਆਂ ਅਤੇ ਵਧੇਰੇ ਗਿਣਤੀ ਵਿੱਚ ਹੋਣਗੀਆਂ।' ਹੁਣ ਲਾਇਬਰੇਰੀਆਂ ਤਦ ਹੀ ਵੱਡੀਆਂ ਹੋਣਗੀਆਂ, ਜਦੋਂ ਪੜ੍ਹਨ ਵਾਲਿਆਂ ਦੀ ਵੱਡੀ ਗਿਣਤੀ ਹੋਵੇਗੀ। ਕਿਤਾਬਾਂ ਸੰਬੰਧੀ ਬਾਲ ਗੰਗਾਧਰ ਤਿਲਕ ਨੇ ਇੱਕ ਵਾਰ ਕਿਹਾ ਸੀ- 'ਮੈਂ ਨਰਕ ਵਿੱਚ ਵੀ ਚੰਗੀਆਂ ਕਿਤਾਬਾਂ ਦਾ ਸੁਆਗਤ ਕਰਾਂਗਾ, ਕਿਉਂਕਿ ਉਨ੍ਹਾਂ ਵਿੱਚ ਇਹ ਸ਼ਕਤੀ ਹੈ ਕਿ ਇਹ ਜਿੱਥੇ ਵੀ ਹੋਣਗੀਆਂ, ਉੱਥੇ ਹੀ ਸਵਰਗ ਬਣ ਜਾਵੇਗਾ।' ਪ੍ਰੰਤੂ ਪੰਜਾਬੀਆਂ ਦੇ ਘਰਾਂ ਵਿੱਚ ਹੁਣ ਅਖ਼ਬਾਰ ਵੀ ਕੋਈ ਵਿਰਲਾ ਟਾਵਾਂ ਹੀ ਪੜ੍ਹਦਾ ਹੈ। ਸੰਸਾਰ ਭਰ ਵਿੱਚ ਪੁਸਤਕ ਸਭਿਆਚਾਰ ਨੂੰ ਪ੍ਰਫੁੱਲਿਤ ਕਰਨ ਲਈ ਯੂਨੈਸਕੋ ਨੇ 1995 ਈਸਵੀ ਤੋਂ 23 ਅਪਰੈਲ ਨੂੰ ਵਿਸ਼ਵ ਪੁਸਤਕ ਦਿਵਸ ਜਾਂ ਪੁਸਤਕ ਪ੍ਰਕਾਸ਼ਨ ਅਧਿਕਾਰ ਦੇ ਤੌਰ 'ਤੇ ਮਨਾਉਣਾ ਸ਼ੁਰੂ ਕੀਤਾ ਹੈ। ਉਂਝ ਪਹਿਲੀ ਵਾਰੀ ਪੁਸਤਕ ਦਿਹਾੜਾ 23 ਅਪਰੈਲ, 1923 ਈਸਵੀ ਨੂੰ ਸਪੇਨ ਵਿੱਚ ਮਨਾਇਆ ਗਿਆ ਸੀ। ਇਸ ਤੋਂ ਪਹਿਲਾਂ 23 ਅਪਰੈਲ ਦਾ ਦਿਨ ਗ਼ੁਲਾਬ ਦਿਵਸ ਵਜੋਂ ਮਨਾਇਆ ਜਾਂਦਾ ਸੀ। ਇਸ ਦਿਨ ਲੋਕ ਇੱਕ ਦੂਜੇ ਨੂੰ ਗ਼ੁਲਾਬ ਦਾ ਫ਼ੁੱਲ ਭੇਂਟ ਕਰਦੇ ਸਨ। ਜਦੋਂ 23 ਅਪਰੈਲ ਨੂੰ ਸਪੇਨ ਦੇ ਪ੍ਰਸਿੱਧ ਸਾਹਿਤਕਾਰ ਮਿਗੁਏਲ ਦੇ ਸਰਵਾਂਤੇਸ ਦੀ ਮੌਤ ਹੋਈ ਤਾਂ ਸਪੇਨ ਦੇ ਲੋਕਾਂ ਨੇ ਆਪਣੇ ਮਹਾਨ ਸਾਹਿਤਕਾਰ ਨੂੰ ਸ਼ਰਧਾਂਜਲੀ ਅਤੇ ਸਤਿਕਾਰ ਅਰਪਿਤ ਕਰਨ ਲਈ 23 ਅਪਰੈਲ ਨੂੰ ਇੱਕ ਦੂਜੇ ਨੂੰ ਪੁਸਤਕਾਂ ਦੇ ਕੇ ਮਨਾਇਆ ਸੀ। ਜੋ ਬਾਅਦ ਵਿੱਚ ਸੰਸਾਰ ਭਰ ਵਿੱਚ ਵਿਸ਼ਵ ਪੁਸਤਕ ਦਿਵਸ ਮਨਾਉਣ ਦਾ ਪ੍ਰੇਰਨਾ ਸਰੋਤ ਬਣ ਗਿਆ। ਹੁਣ ਵਿਸ਼ਵ ਪੁਸਤਕ ਦਿਵਸ ਕਿਤਾਬਾਂ ਪੜ੍ਹਨ ਅਤੇ ਪੁਸਤਕ ਸਭਿਆਚਾਰ ਨੂੰ ਉਤਸ਼ਾਹਿਤ ਕਰਨ ਲਈ ਸੌ ਤੋਂ ਵੱਧ ਦੇਸ਼ਾਂ ਵਿੱਚ ਮਨਾਇਆ ਜਾਂਦਾ ਹੈ। ਪਿਆਰੇ ਦੋਸਤੋ! ਚੰਗੀ ਕਿਤਾਬ, ਰੂਹ ਦੀ ਖ਼ੁਰਾਕ ਹੁੰਦੀ ਹੈ। ਬੇਸ਼ੱਕ ਅੱਜਕੱਲ੍ਹ ਇੰਟਰਨੈੱਟ ਦੇ ਦੌਰ ਵਿੱਚ ਹਰ ਵਿਸ਼ੇ 'ਤੇ ਭਰਪੂਰ ਜਾਣਕਾਰੀ ਪ੍ਰਾਪਤ ਕਰਨਾ ਬੜਾ ਸੌਖਾ ਹੋ ਗਿਆ ਹੈ, ਪਰੰਤੂ ਫ਼ੇਰ ਵੀ ਪੁਸਤਕ ਪੜ੍ਹਨ ਦਾ ਇੱਕ ਆਪਣਾ ਹੀ ਆਨੰਦ ਅਤੇ ਸੁਆਦ ਹੈ। ਪੁਸਤਕਾਂ ਸਾਨੂੰ ਬਹੁਰੰਗੀ ਦੁਨੀਆਂ ਦੇ ਰੂਬਰੂ ਕਰਵਾਉਂਦੀਆਂ ਹਨ। ਕਿਤਾਬਾਂ ਨਾਲ? ਜੁੜਨ ਲਈ ਚਾਰ ਗੱਲਾਂ ਧਿਆਨ ਵਿੱਚ ਰੱਖੀਆਂ ਜਾ ਸਕਦੀਆਂ ਹਨ- ਹਮੇਸ਼ਾਂ ਜਾਣਕਾਰੀ ਭਰਪੂਰ ਨਵੀਆਂ ਪੁਰਾਣੀਆਂ ਦਿਲਚਸਪ ਕਿਤਾਬਾਂ ਪੜ੍ਹਨ ਨੂੰ ਤਰਜੀਹ ਦਿਉ। ਸਫ਼ਰ ਕਰਦੇ ਸਮੇਂ ਆਪਣੇ ਕੋਲ ਕੋਈ ਛੋਟੀ ਕਿਤਾਬ ਜਾਂ ਈ ਬੁੱਕ ਆਪਣੇ ਮੋਬਾਇਲ ਵਿੱਚ ਜ਼ਰੂਰ ਰੱਖੋ ਤਾਂ ਕਿ ਜਦ ਵੀ ਥੋੜ੍ਹੀ ਵਿਹਲ ਮਿਲੇ ਤਾਂ ਤੁਸੀਂ ਉਸ ਨੂੰ ਪੜ੍ਹ ਸਕੋ। ਤੁਹਾਡਾ ਮਨ ਕਵਿਤਾ, ਕਹਾਣੀ, ਨਾਵਲ ਜਾਂ ਕੁਝ ਵੀ ਪੜ੍ਹਨ ਲਈ ਕਰੇ ਤਾਂ ਹਮੇਸ਼ਾਂ ਉਹੀ ਪੜ੍ਹੋ, ਪਰ ਪੜ੍ਹਨ ਦੀ ਆਦਤ ਜ਼ਰੂਰ ਪਾਉ। ਕਿਤਾਬ ਪੜ੍ਹਨ ਦੀ ਸ਼ੁਰੂਆਤ ਕਰਨ ਲਈ ਕਿਸੇ ਵਿਸ਼ਾ ਮਾਹਿਰ ਦੀ ਸਲਾਹ ਲੈਣ ਵਿੱਚ ਕੋਈ ਹਰਜ ਨਹੀਂ ਹੈ। ਸੋ ਆਉ! ਕੋਸ਼ਿਸ਼ ਕਰੀਏ ਕਿ ਆਪਣੇ ਮਨਪਸੰਦ ਵਿਸ਼ੇ ਦੀ ਕੋਈ ਵੀ ਕਿਤਾਬ ਖ਼ਰੀਦ ਕੇ ਪੜ੍ਹਨਾ ਸ਼ੁਰੂ ਕਰੀਏ, ਕਿਉਂਕਿ ਮਾਨਸਿਕ ਆਨੰਦ ਹਾਸਲ ਕਰਨ ਲਈ ਅਤੇ ਰੂਹ ਦੀ ਤ੍ਰਿਪਤੀ ਲਈ ਇਹ ਬਹੁਤ ਜ਼ਰੂਰੀ ਹੈ।

**ਡਾ. ਇਕਬਾਲ ਸਿੰਘ ਸਕਰੌਦੀ**
**ਮੋ. 84276-85020**

# ਹਰਭਜਨ ਹਲਵਾਰਵੀ ਨੂੰ ਮਿਲੇ ਨਿੱਜੀ ਖ਼ਤਾਂ ਦਾ ਅਖੁੱਟ ਭੰਡਾਰ ਪ੍ਰਕਾਸ਼ਿਤ

ਜ਼ਿਕਰ ਪੰਜਾਬ

ਹਰਭਜਨ ਹਲਵਾਰਵੀ ਨੂੰ ਮਿਲੇ ਖ਼ਤਾ ਚਿੱਠੀਆਂ ਦਾ ਖ਼ਜ਼ਾਨਾ ਇੱਕ ਜਿਲਦ ਵਿੱਚ ਉਨ੍ਹਾਂ ਦੇ ਨਿੱਕੇ ਵੀਰ ਤੇ ਪੰਜਾਬੀ ਯੂਨੀਵਰਸਿਟੀ ਪਟਿਆਲਾ ਦੇ ਇਤਿਹਾਸ ਵਿਭਾਗ ਵਿੱਚੋਂ ਸੇਵਾਮੁਕਤ ਹੋਏ ਪ੍ਰੋਫੈਸਰ ਤੇ ਮੁਖੀ ਨੇ ਬੜੀ ਮਿਹਨਤ ਨਾਲ ਸੰਪਾਦਿਤ ਕੀਤੀ ਹੈ।



1004 ਪੰਨਿਆਂ ਦੀ ਇਸ ਕਿਤਾਬ ਦੀ ਭੂਮਿਕਾ ਬੜੀ ਮੁੱਲਵਾਨ ਹੈ ਕਿਉਂਕਿ ਨਵਤੇਜ ਦੇ ਕਹਿਣ ਮੁਤਾਬਕ ਚਿੱਠੀ ਪੱਤਰ ਸਿਰਫ਼ ਵਿਚਾਰਾਂ ਦਾ ਆਦਾਨ ਪ੍ਰਦਾਨ ਹੀ ਨਹੀਂ ਹੁੰਦਾ ਸਗੋਂ ਆਪਣੇ ਸਮਾਂਕਾਲ ਦਾ ਇਤਿਹਾਸ ਵੀ ਹੁੰਦਾ ਹੈ। ਯੂਨੀਸਟਾਰ ਵੱਲੋਂ ਪ੍ਰਕਾਸ਼ਿਤ ਇਸ ਪੁਸਤਕ ਦੀਆਂ ਲਗਪਗ 80ਫੀ ਸਦੀ ਚਿੱਠੀਆਂ ਤਾਂ ਬਿਲਕੁਲ ਸਾਫ਼ ਪੜ੍ਹੀਆਂ ਜਾਂਦੀਆਂ ਹਨ ਪਰ ਬਾਕੀ ਜਾਂ ਤਾਂ ਧੁੰਦਲੀਆਂ ਹਨ ਤੇ ਕੁਝ ਕੁ ਕਾਲ?ਿਆਂ ਹੋ ਗਈਆਂ ਹਨ। ਨਵਤੇਜ ਸਿੰਘ ਨੇ ਇਸ ਪੁਸਤਕ ਦਾ ਨਾਮ "ਨਿੱਜੀ ਖ਼ਤ- ਪ੍ਰਸਥਿਤੀਆ ਅਤੇ ਇਤਿਹਾਸ ਰੱਖਿਆ ਹੈ। ਨਾਮਕਰਨ ਵਿੱਚੋਂ ਹੀ ਕਿਤਾਬ ਦੇ ਆਭਾ ਮੰਡਲ ਦਾ ਪਤਾ ਲੱਗਦਾ ਹੈ। ਇਸ ਕਿਤਾਬ ਵਿੱਚ ਲਗਪਗ ਚਾਰ ਸੌ ਲੇਖਕਾਂ/ਪਾਠਕਾਂ ਤੇ ਕਦਰਦਾਨਾਂ ਦੇ ਪੱਤਰ ਹਨ ਪਰ ਬਹੁਤੇ ਪੱਤਰ ਵਰਿਆਮ ਸਿੰਘ ਸੰਧੂ, ਪਾਸ਼,ਸਵਰਗੀ ਹਰਜੀਤ ਸਿੰਘ ਮਾਂਗਟ,ਅਮਰ ਜਯੋਤੀ, ਅਜਮੇਰ ਰੋਡੇ, ਦੇਵ, ਕਰਨੈਲ ਸਿੰਘ ਸੋਮਲ ਤੋਂ ਇਲਾਵਾ ਇਕਬਾਲ ਰਾਮੂਵਾਲੀਆ, ਭੂਸ਼ਨ ਧਿਆਨਪੁਰੀ, ਗੁਰਦਿਆਲ ਸਿੰਘ ਤੇ ਰਾਮ ਸਰੂਪ ਅਣਖੀ ਜੀ ਦੇ ਹਨ। ਇਸ ਕਿਤਾਬ ਦੀ ਵਿਲੱਖਣਤਾ ਇਸ ਗੱਲ ਵਿੱਚ ਹੈ ਕਿ ਇਹ ਮੌਲਿਕ ਹੱਥ ਲਿਖਤਾਂ ਵਾਲੀ ਕਿਤਾਬ ਹੈ। ਪੰਜਾਬੀ ਵਿੱਚ ਸ਼ਾਇਦ ਇਹ ਪਹਿਲੀ ਵੱਡ ਆਕਾਰੀ ਕਿਤਾਬ ਹੋਵੇ ਜਿਸ ਵਿੱਚ ਏਨੇ ਲਿਖਾਰੀਆਂ ਦੀਆਂ ਹੱਥ ਲਿਖਤਾਂ ਸੰਭਾਲੀਆਂ ਗਈਆਂ ਹੋਣ।

ਪਾਸ਼ ਦੀ ਚਿੱਟੀ ਤੋਂ ਹੀ ਮੈਨੂੰ ਪਹਿਲੀ ਵਾਰ ਪਤਾ ਲੱਗਾ ਹੈ ਕਿ ਆਰਥਿਕ ਤੰਗ-ਦਸਤੀ ਕਾਰਨ ਉਹ ਪੰਜਾਬੀ ਟ੍ਰਿਊਨ ਦਾ ਦੋਨਾ ਇਲਾਕੇ ਤੋਂ ਪੱਤਰਕਾਰ ਬਣਨਾ ਚਾਹੁੰਦਾ ਸੀ ਤਾਂ ਜੋ ਹਰ ਮਹੀਨੇ 100-50 ਰੁਪਏ ਮਿਲ ਸਕਣ। ਟਿਊਸ਼ਨਾਂ ਤਾਂ ਪੜ੍ਹਾਉਂਦਾ ਸੀ ਪਰ ਉਹ ਕੰਮ ਮੌਸਮੀ ਸੀ। ਉਹ ਅਤਿਅੰਤ ਭਾਵੁਕਤਾ ਵਿੱਚ ਇਹ ਵੀ ਲਿਖ ਗਿਆ ਕਿ ਕਈ ਵਾਰ ਤਾਂ ਪੈਸਿਆਂ ਲਈ ਪੁਲਸ ਦਾ ਟਾਊਟ ਬਣਨ ਨੂੰ ਦਿਲ ਕਰਦਾ ਹੈ। ਪਾਸ਼ ਦਾ ਇਹ ਦੁੱਖ ਮੈਂ ਵੀ ਪਹਿਲੀ ਵਾਰ ਜਾਣਿਆ। ਇਸ ਵਿੱਚ ਹੋਰ ਵੀ ਕਈ ਚਿਹਰੇ ਸਿਰਫ਼ ਅਖਬਾਰ ਵਿੱਚ ਛਪਣ ਲਈ ਬੇਪਰਦ ਹੁੰਦੇ ਨੇ। ਹਰਭਜਨ ਹਲਵਾਰਵੀ ਨੂੰ ਲਿਖੇ ਖ਼ਤਾਂ ਤੇ ਚਿੱਠੀਆਂ ਦਾ ਪ੍ਰਕਾਸ਼ਨ ਕਰਕੇ ਨਵਤੇਜ ਸਿੰਘ ਨੇ ਬਹੁਤ ਮੁੱਲਵਾਨ ਕਾਰਜ ਕੀਤਾ ਹੈ। ਇਹ ਗੱਲ ਕੁਝ ਕੁ ਅੱਖਰਦੀ ਹੈ ਕਿ ਹਰਭਨ ਹਲਵਾਰਵੀ ਜੀ ਦੇ ਕਰੜੇ ਸੰਘਰਸ਼ ਵੇਲੇ ਦੀ ਇੱਕ ਵੀ ਚਿੱਠੀ ਇੱਸ ਵਿੱਚ ਸ਼ਾਮਲ ਨਹੀਂ ਹੈ। ਹੋ ਸਕਦਾ ਹੈ ਪੁਲੀਸ ਜਬਰ ਵੇਲੇ ਦੀ ਡਾਕ ਘਰ ਵਿੱਚ ਸੁਰੇਖਤ ਨਾ ਰਹੀ ਹੋਵੇ।

**– ਗੁਰਭਜਨ ਗਿੱਲ**

# ਉੱਚ ਸਿੱਖਿਆ ਕੈਂਪਸਾਂ 'ਚ ਵਧ ਰਹੇ ਐੱਚਆਈਵੀ ਮਾਮਲੇ: ਹੁਣ ਚੁੱਪ ਨਹੀਂ, ਗੱਲਬਾਤ ਜ਼ਰੂਰੀ ਹੈ

ਜ਼ਿਕਰ ਪੰਜਾਬ

ਕਿਸੇ ਦੇਸ਼ ਦਾ ਭਵਿੱਖ ਉਸ ਦੇ ਨੌਜਵਾਨਾਂ ਦੁਆਰਾ ਨਿਰਧਾਰਤ ਕੀਤਾ ਜਾਂਦਾ ਹੈ, ਅਤੇ ਯੁਵਾ ਸ਼ਕਤੀ ਦੇ ਸਭ ਤੋਂ ਵੱਡੇ ਕੇਂਦਰ ਸਾਡੇ ਸਕੂਲ, ਕਾਲਜ ਅਤੇ ਯੂਨੀਵਰਸਿਟੀਆਂ ਹਨ। ਇਸ ਲਈ, ਜੇਕਰ ਕਿਸੇ ਰਾਜ ਤੋਂ ਖ਼ਬਰਾਂ ਆਉਂਦੀਆਂ ਹਨ ਕਿ ਵੱਡੀ ਗਿਣਤੀ ਵਿੱਚ ਵਿਦਿਆਰਥੀਆਂ ਨੇ ਐੱਚਆਈਵੀ ਲਈ ਸਕਾਰਾਤਮਕ ਟੈਸਟ ਕੀਤਾ ਹੈ, ਤਾਂ ਸਰਕਾਰ ਨੂੰ ਉੱਚ ਸਿੱਖਿਆ ਸੰਸਥਾਵਾਂ ਵਿੱਚ ਇੱਕ ਵਿਆਪਕ ਟੈਸਟਿੰਗ ਮੁਹਿੰਮ ਸ਼ੁਰੂ ਕਰਨ ਲਈ ਮਜਬੂਰ ਹੋਣਾ ਪੈਂਦਾ ਹੈ, ਤਾਂ ਇਹ ਹੁਣ ਸਿਰਫ਼ ਸਿਹਤ ਵਿਭਾਗ ਲਈ ਮਾਮਲਾ ਨਹੀਂ ਹੈ। ਇਹ ਸਿੱਖਿਆ, ਸਮਾਜ, ਪਰਿਵਾਰਾਂ, ਨੀਤੀ ਨਿਰਮਾਤਾਵਾਂ ਅਤੇ ਪੂਰੇ ਦੇਸ਼ ਲਈ ਇੱਕ ਗੰਭੀਰ ਚੇਤਾਵਨੀ ਹੈ। ਇਹ ਡਰ ਫੈਲਾਉਣ ਦਾ ਸਮਾਂ ਨਹੀਂ ਹੈ, ਸਗੋਂ ਇਸ ਚੁਣੌਤੀ ਦਾ ਸਾਹਮਣਾ ਵਿਗਿਆਨਕ ਪਹੁੰਚ, ਸੰਵੇਦਨਸ਼ੀਲਤਾ ਅਤੇ ਵਿਆਪਕ ਜਾਗਰੂਕਤਾ ਨਾਲ ਕਰਨ ਦਾ ਸਮਾਂ ਹੈ। ਐੱਚਆਈਵੀ, ਜਾਂ ਹਿਊਮਨ ਇਮਯੂਨੋਡਫੀਸ਼ੀਐਂਸੀ ਵਾਇਰਸ, ਸਰੀਰ ਦੀ ਇਮਿਊਨ ਸਿਸਟਮ 'ਤੇ ਹਮਲਾ ਕਰਦਾ ਹੈ। ਜੇਕਰ ਇਸਦਾ ਤੁਰੰਤ ਪਤਾ ਨਾ ਲਗਾਇਆ ਜਾਵੇ ਅਤੇ ਇਲਾਜ ਨਾ ਕੀਤਾ ਜਾਵੇ, ਤਾਂ ਇਹ ਏਡਜ਼ ਨਾਮਕ ਇੱਕ ਗੰਭੀਰ ਬਿਮਾਰੀ ਦਾ ਕਾਰਨ ਬਣ ਸਕਦਾ ਹੈ। ਹਾਲਾਂਕਿ, ਡਾਕਟਰੀ ਵਿਗਿਆਨ ਵਿੱਚ ਤਰੱਕੀ ਨੇ ਇਸਨੂੰ ਇੱਕ ਪ੍ਰਬੰਧਨਯੋਗ ਬਿਮਾਰੀ ਬਣਾ ਦਿੱਤਾ ਹੈ। ਐਂਟੀਰੇਟਰੋਵਾਇਰਲ ਥੈਰੇਪੀ (ਏਆਰਟੀ) ਦੀ ਮਦਦ ਨਾਲ, ਸੰਕਰਮਿਤ ਵਿਅਕਤੀ ਇੱਕ ਆਮ ਅਤੇ ਲੰਬੀ ਜ਼ਿੰਦਗੀ ਜੀ ਸਕਦੇ ਹਨ। ਇਸ ਲਈ, ਜਲਦੀ ਪਤਾ ਲਗਾਉਣਾ, ਨਿਯਮਤ ਇਲਾਜ ਅਤੇ ਲਾਗ ਦੀ ਰੋਕਥਾਮ ਬਹੁਤ ਜ਼ਰੂਰੀ ਹੈ। ਨੌਜਵਾਨਾਂ ਵਿੱਚ ਐੱਚਆਈਵੀ ਦੀ ਲਾਗ ਦੀਆਂ ਖ਼ਬਰਾਂ ਕਈ ਗੰਭੀਰ ਸਵਾਲ ਖੜ੍ਹੇ ਕਰਦੀਆਂ ਹਨ। ਕੀ ਸਾਡੇ ਵਿਦਿਅਕ ਅਦਾਰਿਆਂ ਵਿੱਚ ਸਿਹਤ ਅਤੇ ਸੈਕਸ ਸਿੱਖਿਆ ਕਾਫ਼ੀ ਹੈ? ਕੀ ਨੌਜਵਾਨਾਂ ਨੂੰ ਸੁਰੱਖਿਅਤ ਵਿਵਹਾਰ, ਲਾਗ ਦੇ ਕਾਰਨਾਂ ਅਤੇ ਰੋਕਥਾਮ ਦੇ ਉਪਾਵਾਂ ਬਾਰੇ ਵਿਗਿਆਨਕ ਜਾਣਕਾਰੀ ਮਿਲ ਰਹੀ ਹੈ? ਕੀ ਪਰਿਵਾਰ ਅਤੇ ਸਮਾਜ ਇਸ ਵਿਸ਼ੇ 'ਤੇ ਖੁੱਲ੍ਹ ਕੇ ਗੱਲਬਾਤ ਕਰਨ ਲਈ ਤਿਆਰ ਹਨ? ਜੇਕਰ ਇਨ੍ਹਾਂ ਸਵਾਲਾਂ ਦਾ ਜਵਾਬ 'ਨਹੀਂ" ਹੈ, ਤਾਂ ਸਾਨੂੰ ਇਹ ਸਵੀਕਾਰ ਕਰਨਾ ਪਵੇਗਾ ਕਿ ਸਮੱਸਿਆ ਸਿਰਫ਼ ਸਿਹਤ ਦੀ ਨਹੀਂ ਹੈ, ਸਗੋਂ ਸਾਡੀ ਸਮਾਜਿਕ ਮਾਨਸਿਕਤਾ ਅਤੇ ਸਿੱਖਿਆ ਪ੍ਰਣਾਲੀ ਦੀ ਵੀ ਹੈ। ਅੱਜ ਵੀ, ਭਾਰਤੀ ਸਮਾਜ ਜਿਨਸੀ ਸਿਹਤ ਬਾਰੇ ਖੁੱਲ੍ਹ ਕੇ ਚਰਚਾ ਕਰਨਾ ਆਰਾਮਦਾਇਕ ਨਹੀਂ ਸਮਝਦਾ। ਮਾਪੇ ਝਿਜਕਦੇ ਹਨ, ਅਧਿਆਪਕ ਅਕਸਰ ਵਿਸ਼ੇ ਤੋਂ ਬਚਦੇ ਹਨ, ਅਤੇ ਵਿਦਿਆਰਥੀ ਅਕਸਰ ਇੰਟਰਨੈੱਟ ਜਾਂ ਦੋਸਤਾਂ ਤੋਂ ਅਧੂਰੀ ਜਾਂ ਗੁੰਮਰਾਹਕੁੰਨ ਜਾਣਕਾਰੀ ਪ੍ਰਾਪਤ ਕਰਦੇ ਹਨ। ਇਸ ਦੇ ਨਤੀਜੇ ਵਜੋਂ ਮਿੱਥਾਂ, ਗਲਤ ਧਾਰਨਾਵਾਂ ਅਤੇ ਗਲਤ ਧਾਰਨਾਵਾਂ ਪੈਦਾ ਹੁੰਦੀਆਂ ਹਨ। ਹਾਲਾਂਕਿ, ਵਿਗਿਆਨਕ ਜਾਣਕਾਰੀ ਇਸ ਬਿਮਾਰੀ ਨੂੰ ਰੋਕਣ ਦਾ ਸਭ ਤੋਂ ਪ੍ਰਭਾਵਸ਼ਾਲੀ ਸਾਧਨ ਹੈ। ਇਹ ਸਮਝਣਾ ਵੀ ਮਹੱਤਵਪੂਰਨ ਹੈ ਕਿ ਐੱਚਆਈਵੀ ਦੀ ਲਾਗ ਨਾ ਸਿਰਫ਼ ਅਸੁਰੱਖਿਅਤ ਸੈਕਸ ਰਾਹੀਂ ਫੈਲ ਸਕਦੀ ਹੈ, ਸਗੋਂ ਸੰਕਰਮਿਤ ਖੂਨ ਚੜ੍ਹਾਉਣ, ਦੂਸ਼ਿਤ ਸੂਈਆਂ ਦੀ ਵਰਤੋਂ ਅਤੇ ਸੰਕਰਮਿਤ ਮਾਂ ਤੋਂ ਉਸਦੇ ਬੱਚੇ ਤੱਕ ਵੀ ਫੈਲ ਸਕਦੀ ਹੈ। ਹਾਲਾਂਕਿ, ਐੱਚਆਈਵੀ ਹੱਥ ਮਿਲਾਉਣ, ਇਕੱਠੇ ਬੈਠਣ, ਭੋਜਨ ਸਾਂਝਾ ਕਰਨ, ਜੱਫੀ ਪਾਉਣ, ਛਿੱਕਣ ਜਾਂ ਮੱਛਰ ਦੇ ਕੱਟਣ ਨਾਲ ਨਹੀਂ ਫੈਲਦਾ। ਬਦਕਿਸਮਤੀ ਨਾਲ, ਅੱਜ ਵੀ, ਸਮਾਜ ਦਾ ਇੱਕ ਵੱਡਾ ਹਿੱਸਾ ਇਨ੍ਹਾਂ ਤੱਥਾਂ ਤੋਂ ਅਣਜਾਣ ਹੈ। ਇਹ ਅਗਿਆਨਤਾ ਸੰਕਰਮਿਤ ਵਿਅਕਤੀਆਂ ਵਿਰੁੱਧ ਵਿਤਕਰਾ ਅਤੇ ਸਮਾਜਿਕ ਅਲਹਿਦਗੀ ਵੱਲ ਲੈ ਜਾਂਦੀ ਹੈ। ਉੱਚ ਸਿੱਖਿਆ ਸੰਸਥਾਵਾਂ ਵਿੱਚ ਪੜ੍ਹ ਰਹੇ ਨੌਜਵਾਨ ਆਪਣੇ ਜੀਵਨ ਦੇ ਇੱਕ ਅਜਿਹੇ ਸਮੇਂ 'ਤੇ ਹੁੰਦੇ ਹਨ ਜਦੋਂ ਉਨ੍ਹਾਂ ਵਿੱਚ ਆਜ਼ਾਦੀ, ਉਤਸੁਕਤਾ ਅਤੇ ਨਵੇਂ ਤਜ਼ਰਬਿਆਂ ਦੀ ਇੱਛਾ ਹੁੰਦੀ ਹੈ। ਉਨ੍ਹਾਂ ਨੂੰ ਸਹੀ ਦਿਸ਼ਾ ਵਿੱਚ ਅਗਵਾਈ ਕਰਨਾ ਨਾ ਸਿਰਫ਼ ਪਰਿਵਾਰਾਂ ਦੀ ਜ਼ਿੰਮੇਵਾਰੀ ਹੈ, ਸਗੋਂ ਯੂਨੀਵਰਸਿਟੀਆਂ ਅਤੇ ਸਰਕਾਰ ਦੀ ਵੀ। ਹਰੇਕ ਕਾਲਜ ਅਤੇ ਯੂਨੀਵਰਸਿਟੀ ਵਿੱਚ ਇੱਕ ਸਿਹਤ ਸਲਾਹ ਕੇਂਦਰ, ਸਿਖਲਾਈ ਪ੍ਰਾਪਤ ਸਲਾਹਕਾਰ, ਗੁਪਤ ਜਾਂਚ ਸਹੂਲਤਾਂ ਅਤੇ ਨਿਯਮਤ ਜਾਗਰੂਕਤਾ ਪ੍ਰੋਗਰਾਮ ਹੋਣੇ ਚਾਹੀਦੇ ਹਨ। ਵਿਦਿਆਰਥੀਆਂ ਨੂੰ ਭਰੋਸਾ ਦਿੱਤਾ ਜਾਣਾ ਚਾਹੀਦਾ ਹੈ ਕਿ ਜੇਕਰ ਉਹ ਸਿਹਤ ਸੰਬੰਧੀ ਚਿੰਤਾਵਾਂ ਨਾਲ ਅੱਗੇ ਆਉਂਦੇ ਹਨ ਤਾਂ ਉਨ੍ਹਾਂ ਦੀ ਨਿੱਜਤਾ ਅਤੇ ਮਾਣ-ਸਨਮਾਨ ਦੀ ਪੂਰੀ ਤਰ੍ਹਾਂ ਰੱਖਿਆ ਕੀਤੀ ਜਾਵੇਗੀ। ਜੇਕਰ ਕੋਈ ਰਾਜ ਉੱਚ ਸਿੱਖਿਆ ਸੰਸਥਾਵਾਂ ਵਿੱਚ ੪੧੭ ਟੈਸਟਿੰਗ ਮੁਹਿੰਮ ਸ਼ੁਰੂ ਕਰਨ ਦਾ ਫੈਸਲਾ ਕਰਦਾ ਹੈ, ਤਾਂ ਇਸਦਾ ਉਦੇਸ਼ ਸਿਰਫ਼ ਸੰਕਰਮਿਤ ਵਿਅਕਤੀਆਂ ਦੀ ਪਛਾਣ ਕਰਨਾ ਨਹੀਂ ਹੋਣਾ ਚਾਹੀਦਾ। ਸਲਾਹ, ਮਾਨਸਿਕ ਸਿਹਤ ਸਹਾਇਤਾ, ਇਲਾਜ ਅਤੇ ਜਾਗਰੂਕਤਾ ਨੂੰ ਬਰਾਬਰ ਮਹੱਤਵ ਦਿੱਤਾ ਜਾਣਾ ਚਾਹੀਦਾ ਹੈ। ਟੈਸਟਿੰਗ ਤਾਂ ਹੀ ਸਫਲ ਹੋਵੇਗੀ ਜੇਕਰ ਵਿਦਿਆਰਥੀ ਇਸਨੂੰ ਡਰ ਜਾਂ ਸ਼ਰਮ ਦੇ ਸਰੋਤ ਦੀ ਬਜਾਏ ਇੱਕ ਆਮ ਸਿਹਤ ਸੁਰੱਖਿਆ ਉਪਾਅ ਵਜੋਂ ਸਮਝਦੇ ਹਨ। ਮੀਡੀਆ ਦੀ ਭੂਮਿਕਾ ਵੀ ਇੱਥੇ ਮਹੱਤਵਪੂਰਨ ਬਣ ਜਾਂਦੀ ਹੈ। ਕਿਸੇ ਵੀ ਡੇਟਾ ਜਾਂ ਘਟਨਾ ਨੂੰ ਸਨਸਨੀਖੇਜ਼ ਬਣਾਉਣ ਨਾਲ ਸਮਾਜ ਵਿੱਚ ਡਰ ਅਤੇ ਭੰਬਲਭੂਸਾ ਪੈਦਾ ਹੁੰਦਾ ਹੈ। ਇਸ ਦੇ ਉਲਟ, ਜੇਕਰ ਮੀਡੀਆ ਵਿਗਿਆਨਕ ਤੱਥਾਂ, ਮਾਹਰ ਰਾਏ ਅਤੇ ਜਾਗਰੂਕਤਾ ਦੇ ਆਧਾਰ 'ਤੇ ਸੰਵਾਦ ਨੂੰ ਉਤਸ਼ਾਹਿਤ ਕਰਦਾ ਹੈ, ਤਾਂ ਸਮਾਜ ਵਧੇਰੇ ਜ਼ਿੰਮੇਵਾਰ ਅਤੇ ਸੰਵੇਦਨਸ਼ੀਲ ਬਣ ਸਕਦਾ ਹੈ। ਬਿਮਾਰੀ ਨੂੰ ਅਪਰਾਧ ਜਾਂ ਚਰਿੱਤਰ ਨਾਲ ਜੋੜਨ ਦੀ ਪ੍ਰਵਿਰਤੀ ਨੂੰ ਖਤਮ ਕਰਨਾ ਵੀ ਜ਼ਰੂਰੀ ਹੈ। ਨਸ਼ਿਆਂ ਦੀ ਵਧਦੀ ਆਦਤ ਵੀ ਚਿੰਤਾ ਦਾ ਵਿਸ਼ਾ ਹੈ। ਨਸ਼ਿਆਂ ਦੀ ਦੁਰਵਰਤੋਂ, ਖਾਸ ਕਰਕੇ ਸੰਕਰਮਿਤ ਸੂਈਆਂ ਦੀ ਸਾਂਝੀ ਵਰਤੋਂ, ਐੱਚਆਈਵੀ ਦੀ ਲਾਗ ਦੇ ਜੋਖਮ ਨੂੰ ਵੀ ਵਧਾਉਂਦੀ ਹੈ। ਇਸ ਲਈ, ਨਸ਼ਾ ਛੁਡਾਊ ਮੁਹਿੰਮਾਂ ਅਤੇ ਐੱਚਆਈਵੀ ਜਾਗਰੂਕਤਾ ਪ੍ਰੋਗਰਾਮਾਂ ਨੂੰ ਏਕੀਕ੍ਰਿਤ ਕਰਨ ਦੀ ਲੋੜ ਹੈ। ਪ੍ਰਭਾਵਸ਼ਾਲੀ ਲਾਗ ਨਿਯੰਤਰਣ ਨਾ ਸਿਰਫ਼ ਇਲਾਜ ਰਾਹੀਂ, ਸਗੋਂ ਜੋਖਮ ਭਰੇ ਵਿਵਹਾਰਾਂ ਨੂੰ ਘਟਾ ਕੇ ਵੀ ਪ੍ਰਾਪਤ ਕੀਤਾ ਜਾਂਦਾ ਹੈ। ਭਾਰਤ ਨੇ ਆਪਣੇ ਰਾਸ਼ਟਰੀ ਏਡਜ਼ ਕੰਟਰੋਲ ਪ੍ਰੋਗਰਾਮ ਰਾਹੀਂ ਪਿਛਲੇ ਸਾਲਾਂ ਦੌਰਾਨ ਸ਼ਾਨਦਾਰ ਸਫਲਤਾ ਪ੍ਰਾਪਤ ਕੀਤੀ ਹੈ। ਨਵੇਂ ਇਨਫੈਕਸ਼ਨਾਂ ਵਿੱਚ ਕਮੀ ਆਈ ਹੈ, ਅਤੇ ਲੱਖਾਂ ਸੰਕਰਮਿਤ ਵਿਅਕਤੀਆਂ ਨੂੰ ਇਲਾਜ ਪ੍ਰਦਾਨ ਕੀਤਾ ਗਿਆ ਹੈ। ਹਾਲਾਂਕਿ, ਜੇਕਰ ਨੌਜਵਾਨਾਂ ਵਿੱਚ ਇਨਫੈਕਸ਼ਨਾਂ ਦੀ ਗਿਣਤੀ ਚਿੰਤਾ ਦਾ ਕਾਰਨ ਹੈ, ਤਾਂ ਇਹ ਪੁਰਾਣੇ ਜਾਗਰੂਕਤਾ ਤਰੀਕਿਆਂ ਦੀ ਸਮੀਖਿਆ ਕਰਨ ਅਤੇ ਉਨ੍ਹਾਂ ਨੂੰ ਵਧੇਰੇ ਪ੍ਰਭਾਵਸ਼ਾਲੀ, ਆਧੁਨਿਕ ਅਤੇ ਨੌਜਵਾਨ-ਅਨੁਕੂਲ ਬਣਾਉਣ ਦੀ ਜ਼ਰੂਰਤ ਨੂੰ ਦਰਸਾਉਂਦਾ ਹੈ। ਇਸ ਪੂਰੇ ਮਾਮਲੇ ਵਿੱਚ ਪਰਿਵਾਰ ਦੀ ਭੂਮਿਕਾ ਬਹੁਤ ਮਹੱਤਵਪੂਰਨ ਹੈ। ਬੱਚਿਆਂ ਅਤੇ ਕਿਸ਼ੋਰਾਂ ਨਾਲ ਭਰੋਸੇਮੰਦ ਸੰਚਾਰ, ਸਹੀ ਜਾਣਕਾਰੀ ਅਤੇ ਭਾਵਨਾਤਮਕ ਸਹਾਇਤਾ ਉਨ੍ਹਾਂ ਨੂੰ ਜੋਖਮ ਭਰੀਆਂ ਸਥਿਤੀਆਂ ਤੋਂ ਬਚਾ ਸਕਦੀ ਹੈ। ਜੇਕਰ ਪਰਿਵਾਰ ਖੁਦ ਇਸ ਵਿਸ਼ੇ ਨੂੰ ਵਰਜਿਤ ਕਰਦੇ ਹਨ, ਤਾਂ ਨੌਜਵਾਨ ਅਣਉਚਿਤ ਸਰੋਤਾਂ ਤੋਂ ਜਾਣਕਾਰੀ ਲੈਣ ਲਈ ਮਜਬੂਰ ਹੋਣਗੇ। ਚੁੱਪ ਕਦੇ ਵੀ ਜਵਾਬ ਨਹੀਂ ਹੁੰਦਾ; ਸਹੀ ਸਮੇਂ 'ਤੇ ਢੁਕਵਾਂ ਸੰਚਾਰ ਸੁਰੱਖਿਆ ਦੀ ਨੀਂਹ ਹੈ। ਸਾਨੂੰ ਇਹ ਵੀ ਯਾਦ ਰੱਖਣਾ ਚਾਹੀਦਾ ਹੈ ਕਿ ਐੱਚਆਈਵੀ ਨਾਲ ਜੀ ਰਿਹਾ ਵਿਅਕਤੀ ਸਾਡੇ ਵਾਂਗ ਹੀ ਇੱਕ ਆਮ ਨਾਗਰਿਕ ਹੈ। ਉਨ੍ਹਾਂ ਨੂੰ ਇਲਾਜ, ਸਤਿਕਾਰ ਅਤੇ ਸਹਾਇਤਾ ਦੀ ਲੋੜ ਹੈ, ਨਾ ਕਿ ਬਦਨਾਮੀ ਦੀ। ਜਿੰਨਾ ਜ਼ਿਆਦਾ ਸੰਵੇਦਨਸ਼ੀਲ ਸਮਾਜ ਹੋਵੇਗਾ, ਓਨੇ ਹੀ ਲੋਕ ਬਿਨਾਂ ਕਿਸੇ ਡਰ ਦੇ ਟੈਸਟਿੰਗ ਅਤੇ ਇਲਾਜ ਲਈ ਅੱਗੇ ਆਉਣਗੇ। ਇਹ ਲਾਗ ਨੂੰ ਰੋਕਣ ਦਾ ਸਭ ਤੋਂ ਪ੍ਰਭਾਵਸ਼ਾਲੀ ਤਰੀਕਾ ਵੀ ਹੈ। ਅੱਜ ਲੋੜ ਇਸ ਗੱਲ ਦੀ ਹੈ ਕਿ ਉੱਚ ਸਿੱਖਿਆ ਕੈਂਪਸਾਂ ਨੂੰ ਸਿਰਫ਼ ਗਿਆਨ ਦੇ ਕੇਂਦਰਾਂ ਵਿੱਚ ਹੀ ਨਹੀਂ, ਸਗੋਂ ਸਿਹਤ, ਜਾਗਰੂਕਤਾ ਅਤੇ ਜੀਵਨ ਹੁਨਰਾਂ ਦੇ ਕੇਂਦਰਾਂ ਵਿੱਚ ਵੀ ਬਦਲਿਆ ਜਾਵੇ। ਵਿਗਿਆਨਕ ਸੋਚ, ਜ਼ਿੰਮੇਵਾਰ ਵਿਵਹਾਰ, ਨਿਯਮਤ ਸਿਹਤ ਜਾਂਚ ਅਤੇ ਇੱਕ ਸੰਵੇਦਨਸ਼ੀਲ ਸਮਾਜਿਕ ਵਾਤਾਵਰਣ ਹੀ ਇਸ ਚੁਣੌਤੀ ਦਾ ਹੱਲ ਕਰ ਸਕਦੇ ਹਨ। ਅੰਤ ਵਿੱਚ, ਐੱਚਆਈਵੀ ਦੀ ਚੁਣੌਤੀ ਸਾਨੂੰ ਸਿਖਾਉਂਦੀ ਹੈ ਕਿ ਆਧੁਨਿਕ ਸਿੱਖਿਆ ਸਿਰਫ ਡਿਗਰੀਆਂ ਤੱਕ ਸੀਮਤ ਨਹੀਂ ਹੋ ਸਕਦੀ। ਜੀਵਨ ਬਚਾਉਣ ਵਾਲਾ ਗਿਆਨ ਵੀ ਓਨਾ ਹੀ ਜ਼ਰੂਰੀ ਹੈ। ਜੇਕਰ ਅਸੀਂ ਅੱਜ ਚੁੱਪੀ ਤੋੜਦੇ ਹਾਂ ਅਤੇ ਜਾਗਰੂਕਤਾ, ਸੰਵਾਦ ਅਤੇ ਵਿਗਿਆਨਕ ਪਹੁੰਚ ਅਪਣਾਉਂਦੇ ਹਾਂ, ਤਾਂ ਨਾ ਸਿਰਫ ਲਾਗ ਦੀ ਰੋਕਥਾਮ ਸੰਭਵ ਹੋਵੇਗੀ, ਸਗੋਂ ਅਸੀਂ ਇੱਕ ਅਜਿਹਾ ਸਮਾਜ ਵੀ ਬਣਾਵਾਂਗੇ ਜੋ ਲੋਕਾਂ ਨੂੰ ਬਿਮਾਰੀਆਂ ਦੇ ਰੂਪ ਵਿੱਚ ਨਹੀਂ, ਸਗੋਂ ਮਨੁੱਖਾਂ ਦੇ ਰੂਪ ਵਿੱਚ ਦੇਖਦਾ ਹੈ। ਇਹ ਸਮੇਂ ਦੀ ਲੋੜ ਹੈ ਅਤੇ ਇੱਕ ਸਿਹਤਮੰਦ, ਸੁਰੱਖਿਅਤ ਅਤੇ ਹਮਦਰਦ ਭਾਰਤ ਵੱਲ ਸਭ ਤੋਂ ਮਹੱਤਵਪੂਰਨ ਕਦਮ ਹੈ।

**ਡਾ. ਸਤਿਆਵਾਨ ਸੌਰਭ (ਪੀਐਚਡੀ (ਰਾਜਨੀਤੀ ਵਿਗਿਆਨ), ਇੱਕ ਕਵੀ ਅਤੇ ਸਮਾਜਿਕ ਚਿੰਤਕ ਹਨ।)**

# ਗੁਰੂ ਨਾਨਕ ਇੰਟਰਨੈਸ਼ਨਲ ਪਬਲਿਕ ਸਕੂਲ ਵਿੱਚ ਇੰਟਰ-ਸੈਕਸ਼ਨ ਹਿੰਦੀ ਕਵਿਤਾ ਉਚਾਰਨ ਮੁਕਾਬਲਾ ਕਰਵਾਇਆ



**ਲੁਧਿਆਣਾ/ਤਮੰਨਾ ਬੇਦੀ**

ਗੁਰੂ ਨਾਨਕ ਇੰਟਰਨੈਸ਼ਨਲ ਪਬਲਿਕ ਸਕੂਲ, ਮਾਡਲ ਟਾਊਨ ਵਿਖੇਦੂਜੀ ਜਮਾਤ ਦੇ ਵਿਦਿਆਰਥੀਆਂ ਲਈ ਇੰਟਰ-ਸੈਕਸ਼ਨ ਹਿੰਦੀ ਕਵਿਤਾ ਉਚਾਰਨ ਮੁਕਾਬਲਾ ਆਯੋਜਿਤ ਕੀਤਾ ਗਿਆ। ਵਿਦਿਆਰਥੀਆਂ ਨੇ ਬੜੇ ਹੀ ਉਤਸ਼ਾਹ ਨਾਲ ਇਸ ਮੁਕਾਬਲੇ ਵਿੱਚ ਭਾਗ ਲਿਆ। ਵਿਦਿਆਰਥੀਆਂ ਨੇ ਕੁਦਰਤ, ਦੇਸ਼-ਭਗਤੀ,ਹਾਸ ਰਸ ਅਤੇ ਨੈਤਿਕ ਕਦਰਾਂ-ਕੀਮਤਾਂ ਵਰਗੇ ਵਿਸ਼ਿਆਂ 'ਤੇ ਆਧਾਰਿਤ ਸੁੰਦਰ ਕਵਿਤਾਵਾਂ ਦਾ ਪ੍ਰਭਾਵਸ਼ਾਲੀ ਉਚਾਰਨ ਕੀਤਾ। ਨੰਨੇ ਭਾਗੀਦਾਰਾਂ ਨੇ ਆਪਣੇ ਸਪਸ਼ਟ ਉਚਾਰਨ, ਪ੍ਰਭਾਵਸ਼ਾਲੀ ਪ੍ਰਗਟਾਵੇ ਅਤੇ ਆਤਮਵਿਸ਼ਵਾਸ ਭਰੀ ਪੇਸ਼ਕਾਰੀ ਨਾਲ ਦਰਸ਼ਕਾਂ ਦਾ ਮਨ ਮੋਹ ਲਿਆ। ਇਸ ਮੁਕਾਬਲੇ ਦਾ ਉਦੇਸ਼ ਵਿਦਿਆਰਥੀਆਂ ਵਿੱਚ ਹਿੰਦੀ ਭਾਸ਼ਾ ਪ੍ਰਤੀ ਰੁਚੀ ਪੈਦਾ ਕਰਨਾ ਅਤੇ ਜਨਤਕ ਮੰਚ 'ਤੇ ਬੋਲਣ ਦਾ ਆਤਮਵਿਸ਼ਵਾਸ ਵਿਕਸਿਤ ਕਰਨਾ ਸੀ। ਸਕੂਲ ਦੀ ਡਾਇਰੈਕਟਰ ਸ੍ਰੀਮਤੀ ਗੁਰਮੰਤ ਕੌਰ ਗਿੱਲ ਅਤੇ ਕਾਰਜਕਾਰੀ ਪ੍ਰਿੰਸੀਪਲ ਸ੍ਰੀਮਤੀ ਗੁਰਜੀਤ ਕੌਰ ਨੇ ਸਾਰੇ ਭਾਗੀਦਾਰਾਂ ਨੂੰ ਵਧਾਈ ਦਿੱਤੀ ਅਤੇ ਉਨ੍ਹਾਂ ਨੂੰ ਹਿੰਦੀ ਭਾਸ਼ਾ ਅਤੇ ਸਾਹਿਤ ਪ੍ਰਤੀ ਆਪਣੀ ਰੁਚੀ ਨੂੰ ਹੋਰ ਪ੍ਰਫੁੱਲਤ ਕਰਨ ਲਈ ਪ੍ਰੇਰਿਤ ਕੀਤਾ। ਪ੍ਰੀ-ਪ੍ਰਾਇਮਰੀ ਹੈੱਡਮਿਸਟ੍ਰੈੱਸ ਸ੍ਰੀਮਤੀ ਨਵਜੀਤ ਕੌਰ ਪਾਹੂਜਾ ਨੇ ਵੀ ਵਿਦਿਆਰਥੀਆਂ ਦੇ ਯਤਨਾਂ ਦੀ ਭਰਪੂਰ ਸ਼ਲਾਘਾ ਕੀਤੀ। ਅੰਤ ਵਿੱਚ ਜੇਤੂ ਵਿਦਿਆਰਥੀਆਂ ਨੂੰ ਸਰਟੀਫਿਕੇਟ ਪ੍ਰਦਾਨ ਕੀਤੇ ਗਏ।

### ਮੁਕਾਬਲੇ ਦੇ ਜੇਤੂ ਸਨ

**ਪਹਿਲਾ ਇਨਾਮ:** ਤਨਵੀਰ ਕੌਰ, ਜੀਆਪ੍ਰੀਤ ਕੌਰ, ਤਨਵੀਰ ਕੌਰ। **ਦੂਜਾ ਇਨਾਮ:** ਪਲਵੀ, ਅਸੀਸ ਕੌਰ, ਹਰਲੀਨ ਕੌਰ। **ਤੀਜਾ ਇਨਾਮ:** ਮਨਰਾਜ ਸਿੰਘ, ਮਨਦੀਪ ਕੌਰ, ਏਕਮ ਕੌਰ। **ਹੌਂਸਲਾ ਵਧਾਊ ਇਨਾਮ:** ਅਵਨੀਤ ਕੌਰ, ਪਰਵੀਨ ਕੌਰ, ਹਰਸੀਰਤ ਕੌਰ।

# ਗੁਰੂ ਗੋਬਿੰਦ ਸਿੰਘ ਪਬਲਿਕ ਸਕੂਲ, ਦਾਦ ਵਿਖੇ ਹਰਿਆਲੀ ਤੀਆਂ ਦਾ ਤਿਉਹਾਰ ਮਨਾਇਆ



**ਲੁਧਿਆਣਾ/ਸੁਰਜੀਤ ਸਿੰਘ**

ਗੁਰੂ ਗੋਬਿੰਦ ਸਿੰਘ ਪਬਲਿਕ ਸਕੂਲ, ਦਾਦ, ਲੁਧਿਆਣਾ ਵਿਖੇ ਤੀਆਂ ਦਾ ਤਿਉਹਾਰ ਬੜੇ ਉਤਸ਼ਾਹ ਅਤੇ ਸ਼ਾਨੋ-ਸ਼ੌਕਤ ਨਾਲ ਮਨਾਇਆ ਗਿਆ। ਸਕੂਲ ਦੀਆਂ ਸਾਰੀਆਂ ਵਿਦਿਆਰਥਣਾਂ ਰੰਗ-ਬਿਰੰਗੇ ਪੰਜਾਬੀ ਪਹਿਰਾਵੇ ਪਾ ਕੇ ਪਹੁੰਚੀਆਂ। ਸਕੂਲ ਪ੍ਰੰਗਣ ਵਿੱਚ ਵਿਦਿਆਰਥਣਾਂ ਲਈ ਮਹਿੰਦੀ ਸਟਾਲ ਅਤੇ ਪੀਂਘਾਂ ਦਾ ਵਿਸ਼ੇਸ਼ ਪ੍ਰਬੰਧ ਕੀਤਾ ਗਿਆ। ਵਿਦਿਆਰਥੀਆਂ ਵੱਲੋਂ ਭੰਗੜਾ, ਗਿੱਧਾ, ਮਾਡਲਿੰਗ, ਲੋਕ-ਗੀਤ ਅਤੇ ਲੋਕ-ਗੀਤਾਂ 'ਤੇ ਨ੍ਰਿਤ ਆਦਿ ਦੀਆਂ ਸ਼ਾਨਦਾਰ ਪੇਸ਼ਕਾਰੀਆਂ ਦਿੱਤੀਆਂ ਗਈਆਂ।

ਮਾਡਲਿੰਗ ਮੁਕਾਬਲੇ ਵਿੱਚ ਜਸਮੀਤ ਕੌਰ (12ਵੀਂ) ਨੂੰ 'ਤੀਆਂ ਦੀ ਰਾਣੀ' ਦਾ ਖ਼ਿਤਾਬ ਦਿੱਤਾ ਗਿਆ। ਗੁਰਲੀਨ ਕੌਰ (11ਵੀਂ) ਨੂੰ 'ਤੋਰ ਪੰਜਾਬਣ ਦੀ', ਬਿਪਿਨ ਪ੍ਰੀਤ ਕੌਰ (12ਵੀਂ) ਨੂੰ 'ਸੁੱਚਜੀ ਪੰਜਾਬਣ', ਸ਼ੁਭਪ੍ਰੀਤ ਕੌਰ (11ਵੀਂ) ਨੂੰ 'ਰੂਹ ਸੱਭਿਆਚਾਰ ਦੀ' ਅਤੇ ਮਨਰੂਪ ਕੌਰ (11ਵੀਂ) ਨੂੰ 'ਤੀਆਂ ਦੀ ਰੌਣਕ' ਦੇ ਸਨਮਾਨ ਨਾਲ ਨਿਵਾਜਿਆ ਗਿਆ। ਸਕੂਲ ਵਿੱਚ ਵਿਦਿਆਰਥੀਆਂ ਅਤੇ ਸਮੂਹ ਸਟਾਫ ਲਈ ਖੀਰ ਅਤੇ ਪੂੜਿਆਂ ਦਾ ਲੰਗਰ ਵੀ ਲਗਾਇਆ ਗਿਆ। ਸਕੂਲ ਦੀ ਪ੍ਰਿੰਸੀਪਲ ਸ੍ਰੀਮਤੀ ਰੁਪਿੰਦਰ ਕੌਰ ਨੇ ਵਿਦਿਆਰਥੀਆਂ ਨੂੰ ਆਪਣੀ ਪੰਜਾਬੀ ਸੱਭਿਆਚਾਰ ਦਾ ਸਤਿਕਾਰ ਕਰਨ ਅਤੇ ਇਸ ਨਾਲ ਹਮੇਸ਼ਾ ਜੁੜੇ ਰਹਿਣ ਦਾ ਸੰਦੇਸ਼ ਦਿੱਤਾ। ਉਨ੍ਹਾਂ ਨੇ ਇਸ ਪ੍ਰੋਗਰਾਮ ਨੂੰ ਸਫਲ ਬਣਾਉਣ ਲਈ ਵਿਦਿਆਰਥੀਆਂ, ਅਧਿਆਪਕਾਂ, ਸਹਾਇਕ ਸਟਾਫ ਅਤੇ ਗੈਰ-ਅਧਿਆਪਨ ਕਰਮਚਾਰੀਆਂ ਦੀ ਮਿਹਨਤ ਦੀ ਸ਼ਲਾਘਾ ਕਰਦਿਆਂ ਉਨ੍ਹਾਂ ਨੂੰ ਹੋਰ ਉਤਸ਼ਾਹਿਤ ਕੀਤਾ।

# ਡੇਅਰੀ ਵਿਕਾਸ ਵਿਭਾਗ ਵੱਲੋਂ ਦੁੱਧ ਖਪਤਕਾਰ ਜਾਗਰੂਕਤਾ ਕੈਂਪ ਆਯੋਜਿਤ

## ਦੁੱਧ ਦੇ ਨਮੂਨੇ ਲੈ ਮੌਕੇ 'ਤੇ ਹੀ ਕੀਤੀ ਪਰਖ



**ਲੁਧਿਆਣਾ/ਰਵੀ ਭਾਟੀਆ**

ਡਿਪਟੀ ਡਾਇਰੈਕਟਰ ਡੇਅਰੀ ਵਿਕਾਸ ਸੁਰਿੰਦਰ ਸਿੰਘ ਵੱਲੋਂ ਜਾਣਕਾਰੀ ਦਿੰਦਿਆਂ ਦੱਸਿਆ ਗਿਆ ਕਿ ਖੰਨਾ ਦੇ ਵਾਰਡ ਨੰ 27 ਅਤੇ ਵਿਨੋਦ ਨਗਰ ਵਿਖੇ ਦੁੱਧ ਖਪਤਕਾਰ ਜਾਗਰੂਕਤਾ ਕੈਂਪ ਲਗਾਇਆ ਗਿਆ ਜਿੱਥੇ ਦੁੱਧ ਦੇ ਨਮੂਨੇ ਲੈ ਮੌਕੇ 'ਤੇ ਹੀ ਕੀਤੀ ਪਰਖ ਕੀਤੀ ਗਈ। ਉਨ੍ਹਾਂ ਦੱਸਿਆ ਕਿ ਕੈਂਪ ਮੌਕੇ ਵਾਰਡ ਨੰਬਰ 27, ਸਮਰਾਲਾ ਰੋਡ ਵਿਖੇ ਦੁੱਧ ਦੇ 37 ਸੈਂਪਲ ਚੈਕ ਕੀਤੇ ਗਏ ਜਿਨ੍ਹਾ ਵਿਚੋ 13 ਵਿੱਚ ਪਾਣੀ ਦੀ ਮਾਤਰਾ ਵੱਧ ਪਾਈ ਗਈ ਜਦਕਿ ਬਾਕੀ ਸੈਂਪਲ ਮਿਆਰ ਅਨੁਸਾਰ ਪਾਏ ਗਏ ਅਤੇ ਉਨ੍ਹਾਂ ਵਿੱਚ ਕੋਈ ਹਾਨੀਕਾਰਕ ਤੱਤ ਨਹੀਂ ਪਾਇਆ ਗਿਆ। ਇਸ ਤੋਂ ਇਲਾਵਾ ਵਿਨੋਦ ਨਗਰ ਵਿਖੇ 36 ਸੈਂਪਲ ਚੈਕ ਕੀਤੇ ਗਏ ਜਿਨ੍ਹਾਂ ਵਿਚੋ 13 ਵਿੱਚ ਪਾਣੀ ਦੀ ਮਾਤਰਾ ਵੱਧ ਪਾਈ ਗਈ ਬਾਕੀ ਸੈਂਪਲ ਨਿਰਧਾਰਿਤ ਮਿਆਰ 'ਤੇ ਖਰੇ ਉੱਤਰੇ ਅਤੇ ਕੋਈ ਇਤਰਾਜ਼ਯੋਗ ਤੱਤ ਸਾਹਮਣੇ ਨਹੀਂ ਆਇਆ। ਡਿਪਟੀ ਡਾਇਰੈਕਟਰ ਡੇਅਰੀ ਵਿਕਾਸ ਸੁਰਿੰਦਰ ਸਿੰਘ ਵੱਲੋਂ ਦੱਸਿਆ ਗਿਆ ਕਿ ਇਹ ਜਾਗਰੂਕਤਾ ਕੈਂਪ ਕੈਬਨਿਟ ਮੰਤਰੀ ਪਸ਼ੂ ਪਾਲਣ, ਮੱਛੀ ਪਾਲਣ, ਡੇਅਰੀ ਵਿਕਾਸ ਵਿਭਾਗ ਪੰਜਾਬ ਸ. ਗੁਰਮੀਤ ਸਿੰਘ ਖੁੱਡੀਆਂ ਦੀ ਅਗਵਾਈ ਅਤੇ ਡਾਇਰੈਕਟਰ, ਡੇਅਰੀ ਵਿਕਾਸ ਵਿਭਾਗ ਪੰਜਾਬ ਸ. ਵਰਿਆਮ ਸਿੰਘ ਗਿੱਲ ਦੇ ਨਿਰਦੇਸ਼ਾਂ ਅਨੁਸਾਰ ਲਗਾਇਆ ਗਿਆ। ਡਿਪਟੀ ਡਾਇਰੈਕਟਰ ਡੇਅਰੀ ਵੱਲੋਂ ਦੁੱਧ ਖਪਤਕਾਰਾਂ ਨੂੰ ਅਪੀਲ ਕਰਦਿਆਂ ਕਿਹਾ ਕਿ ਉਹ ਦੁੱਧ ਦੇ ਸੈਂਪਲਾਂ ਦੀ ਜਾਂਚ ਕਰਵਾਉਣ ਲਈ ਦਫਤਰ ਡਿਪਟੀ ਡਾਇਰੈਕਟਰ ਡੇਅਰੀ ਵਿਕਾਸ, ਬੀਜਾ, ਲੁਧਿਆਣਾ ਵਿਖੇ ਸੰਪਰਕ (01628-299322) ਕਰ ਸਕਦੇ ਹਨ। ਦੁੱਧ ਖਪਤਕਾਰ ਇਸ ਸਹੂਲਤ ਦਾ ਵੱਧ ਤੋਂ ਵੱਧ ਲਾਭ ਉਠਾਉਣ ਲਈ ਕਿਸੇ ਵੀ ਕੰਮ-ਕਾਜ ਵਾਲੇ ਦਿਨ ਸਵੇਰੇ 9:00 ਵਜੇ ਤੋ 11:00 ਵਜੇ ਤੱਕ ਆਕੇ ਦੁੱਧ ਚੈਕ ਕਰਵਾ ਸਕਦੇ ਹਨ ਅਤੇ ਸ਼ੁੱਧ ਦੁੱਧ ਮੁਹਿੰਮ ਨੂੰ ਕਾਮਯਾਬ ਬਣਾਉਣ ਵਿੱਚ ਯੋਗਦਾਨ ਪਾਉਣ।

# ਗੁਰੂ ਹਰਿਕ੍ਰਿਸ਼ਨ ਸਾਹਿਬ ਜੀ ਦੇ ਪ੍ਰਕਾਸ਼ ਪੁਰਬ ਸੰਬੰਧੀ ਗੁਰਦੁਆਰਾ ਸ਼ਹੀਦ ਬਾਬਾ ਦੀਪ ਸਿੰਘ ਜੀ ਵਿਖੇ ਹੋਏ ਗੁਰਮਤਿ ਸਮਾਗਮ

## ਸੰਗਤੀ ਰੂਪ ਵਿੱਚ ਹੋਏ ਜਪੁਜੀ ਸਾਹਿਬ ਅਤੇ ਸੁਖਮਨੀ ਸਾਹਿਬ ਦੇ ਪਾਠ

**ਲੁਧਿਆਣਾ/ਤਮੰਨਾ ਬੇਦੀ**

ਗੁਰਦੁਆਰਾ ਸ਼ਹੀਦ ਬਾਬਾ ਦੀਪ ਸਿੰਘ ਜੀ ਮਾਡਲ ਟਾਊਨ ਐਕਸਟੈਨਸ਼ਨ ਵਿਖੇ ਬਾਲਾ ਪ੍ਰੀਤਮ ਅੱਠਵੇਂ ਪਾਤਸ਼ਾਹ ਧੰਨ ਧੰਨ ਸ੍ਰੀ ਗੁਰੂ ਹਰਿਕ੍ਰਿਸ਼ਨ ਸਾਹਿਬ ਜੀ ਦਾ ਪ੍ਰਕਾਸ਼ ਪੁਰਬ ਬੜੀ ਸ਼ਰਧਾ ਭਾਵਨਾ ਨਾਲ ਮਨਾਇਆ ਗਿਆ। ਅੰਮ੍ਰਿਤ ਵੇਲੇ ਤੋਂ ਹੀ ਧਾਰਮਿਕ ਸਮਾਗਮ ਆਰੰਭ ਹੋਏ ਜਿਸ ਵਿਚ ਆਸਾ ਦੀ ਵਾਰ ਦਾ ਕੀਰਤਨ ਬੀਬੀ ਜਸਪ੍ਰੀਤ ਕੌਰ ਦੇ ਜੱਥੇ ਵੱਲੋਂ ਕੀਤਾ ਗਿਆ। ਉਪਰੰਤ ਬੀਬੀਆਂ ਦੇ ਜੱਥੇ ਵੱਲੋਂ ਸੰਗਤੀ ਰੂਪ ਵਿੱਚ ਜਪੁਜੀ ਸਾਹਿਬ ਅਤੇ ਸ਼੍ਰੀ ਸੁਖਮਨੀ ਸਾਹਿਬ ਜੀ ਦੇ ਜਾਪ ਕੀਤੇ ਗਏ। ਕੀਰਤਨ ਦੀਵਾਨ ਵਿਚ ਪੰਥ ਪ੍ਰਸਿੱਧ ਕੀਰਤਨੀਏ ਭਾਈ ਓਮ ਪ੍ਰੀਤ ਸਿੰਘ ਦੇ ਜੱਥੇ ਵਲੋਂ ਇਲਾਹੀ ਬਾਣੀ ਦਾ ਕੀਰਤਨ ਕੀਤਾ ਗਿਆ ਅਤੇ ਸ਼੍ਰੀ ਗੁਰੂ ਹਰਿਕ੍ਰਿਸ਼ਨ ਸਾਹਿਬ ਜੀ ਦੇ ਜੀਵਨ ਸਬੰਧੀ ਵਿਚਾਰ ਸਾਂਝੇ ਕੀਤੇ ਗਏ। ਗੁਰਦੁਆਰਾ ਸਾਹਿਬ ਦੀ ਪ੍ਰਬੰਧਕ ਕਮੇਟੀ ਵੱਲੋਂ ਕੀਰਤਨੀ ਜੱਥੇ ਨੂੰ ਸਿਰੋਪਾਓ ਅਤੇ ਯਾਦਗਾਰੀ ਚਿੰਨ੍ਹ ਭੇਟ ਕਰਕੇ ਸਨਮਾਨਿਤ ਕੀਤਾ ਗਿਆ ਜਿਸ ਵਿਚ ਗੁਰਦੁਆਰਾ ਸਾਹਿਬ ਦੇ ਮੁੱਖ ਸੇਵਾਦਾਰ ਸੁਰਿੰਦਰਪਾਲ ਸਿੰਘ ਬਿੰਦਰਾ ਸਿੰਘ ਰਾਜਧਾਨੀ, ਜਸਵਿੰਦਰ ਸਿੰਘ ਸੇਠੀ ਵਿਸ਼ੇਸ਼ ਤੌਰ 'ਤੇ ਹਾਜ਼ਰ ਸਨ। ਵੱਡੀ ਗਿਣਤੀ ਵਿਚ ਆਈਆਂ ਸੰਗਤਾਂ ਦਾ ਧੰਨਵਾਦ ਅਮਰਜੀਤ




ਅਤੇ ਟਰੱਸਟੀ ਹਾਜ਼ਰ ਸਨ, ਜਿਨ੍ਹਾਂ ਵਿੱਚ ਨਵਪ੍ਰੀਤ ਸਿੰਘ ਬਿੰਦਰਾ, ਅਮਰਜੀਤ ਸਿੰਘ ਟਿੱਕਾ, ਹਰਪ੍ਰੀਤ ਸਿੰਘ ਟਿੱਕਾ ਵੱਲੋਂ ਕੀਤਾ ਗਿਆ। ਗੁਰੂ ਦਾ ਲੰਗਰ ਅਤੁੱਟ ਵਰਤਾਇਆ ਗਿਆ।

# ਲੁਧਿਆਣਾ ਦੇ ਦੀਪ ਨਗਰ ਸਥਿਤ ਗੋਦਾਮ 'ਤੇ ਫੂਡ ਸੇਫਟੀ ਵਿਭਾਗ ਦੀ ਵੱਡੀ ਕਾਰਵਾਈ

## ਲਗਭਗ 3000 ਲੀਟਰ ਦੇਸੀ ਗਾਂ ਦਾ ਘਿਉ ਜ਼ਬਤ, ਜਾਂਚ ਲਈ ਨਮੂਨੇ ਭੇਜੇ

**ਲੁਧਿਆਣਾ/ਰਵੀ**

ਲੋਕਾਂ ਨੂੰ ਸੁਰੱਖਿਅਤ, ਸ਼ੁੱਧ ਅਤੇ ਮਿਆਰੀ ਖੁਰਾਕ ਮੁਹੱਈਆ ਕਰਵਾਉਣ ਦੇ ਉਦੇਸ਼ ਨਾਲ ਚਲਾਈ ਜਾ ਰਹੀ ਵਿਸ਼ੇਸ਼ ਮੁਹਿੰਮ ਤਹਿਤ ਫੂਡ ਸੇਫਟੀ ਵਿਭਾਗ, ਲੁਧਿਆਣਾ ਦੀ ਟੀਮ ਨੇ ਅੱਜ ਦੀਪ ਨਗਰ ਸਥਿਤ ਇੱਕ ਗੋਦਾਮ ਵਿੱਚ ਛਾਪੇਮਾਰੀ ਕਰਕੇ ਉੱਥੋਂ ਲਗਭਗ 3000 ਲੀਟਰ ਦੇਸੀ ਗਾਂ ਦਾ ਘਿਉ ਜ਼ਬਤ ਕੀਤਾ। ਛਾਪੇਮਾਰੀ ਦੌਰਾਨ ਬਰਾਮਦ ਕੀਤੇ ਗਏ ਘਿਉ ਦੇ ਨਮੂਨੇ ਫੂਡ ਸੇਫਟੀ ਐਂਡ ਸਟੈਂਡਰਡਜ਼ ਐਕਟ, 2006 ਅਧੀਨ ਨਿਰਧਾਰਤ ਪ੍ਰਕਿਰਿਆ ਅਨੁਸਾਰ ਲੈ ਕੇ ਜਾਂਚ ਲਈ ਸਰਕਾਰੀ ਮਾਨਤਾ ਪ੍ਰਾਪਤ ਪ੍ਰਯੋਗਸ਼ਾਲਾ ਭੇਜੇ ਗਏ ਹਨ। ਇਸ ਸਬੰਧੀ ਜਾਣਕਾਰੀ ਦਿੰਦਿਆਂ ਜ਼ਿਲ੍ਹਾ ਸਿਹਤ ਅਫ਼ਸਰ (ਫੂਡ ਸੇਫਟੀ) ਡਾ. ਆਸ਼ੀਸ਼ ਚਾਵਲਾ ਨੇ ਦੱਸਿਆ ਕਿ ਮੁੱਢਲੀ ਜਾਂਚ ਦੌਰਾਨ ਸਾਹਮਣੇ ਆਇਆ ਹੈ ਕਿ ਇਹ ਘਿਉ ਗੁਜਰਾਤ ਤੋਂ ਲਿਆਂਦਾ ਗਿਆ ਸੀ।





ਉਨ੍ਹਾਂ ਦੱਸਿਆ ਕਿ ਇਸ ਦੀ ਖਰੀਦ ਕੀਮਤ ਲਗਭਗ 400 ਪ੍ਰਤੀ ਲੀਟਰ ਜਦਕਿ ਪੈਕਿੰਗ 'ਤੇ ਦਰਜ ਵੱਧ ਤੋਂ ਵੱਧ ਪ੍ਰਚੂਨ ਮੁੱਲ (ਐਮ.ਆਰ.ਪੀ.) 700 ਪ੍ਰਤੀ ਲੀਟਰ ਸੀ। ਵਿਭਾਗ ਵੱਲੋਂ ਖਰੀਦ-ਫਰੋਖ਼ਤ ਨਾਲ ਸਬੰਧਤ ਬਿੱਲਾਂ, ਟਰਾਂਸਪੋਰਟ ਦਸਤਾਵੇਜ਼ਾਂ, ਲੇਬਲਿੰਗ ਅਤੇ ਹੋਰ ਲੋੜੀਂਦੇ ਰਿਕਾਰਡਾਂ ਦੀ ਜਾਂਚ ਕੀਤੀ ਜਾ ਰਹੀ ਹੈ। ਡਾ. ਚਾਵਲਾ ਨੇ ਦੱਸਿਆ ਕਿ ਫੂਡ ਸੇਫਟੀ ਐਂਡ ਸਟੈਂਡਰਡਜ਼ ਐਕਟ, 2006 ਅਤੇ ਭਾਰਤੀ ਖੁਰਾਕ ਸੁਰੱਖਿਆ ਅਤੇ ਮਿਆਰ ਅਥਾਰਟੀ ਦੀਆਂ ਹਦਾਇਤਾਂ ਅਨੁਸਾਰ ਹਰ ਫੂਡ ਬਿਜ਼ਨਸ ਆਪਰੇਟਰ ਲਈ ਵੈਧ ਲਾਇਸੈਂਸ ਜਾਂ ਰਜਿਸਟ?ਰੇਸ਼ਨ ਰੱਖਣਾ, ਖੁਰਾਕ ਪਦਾਰਥਾਂ ਦੀ ਸਫ਼ਾਈ ਅਤੇ ਸੁਰੱਖਿਅਤ ਢੰਗ ਨਾਲ ਸਟੋਰੇਜ ਕਰਨਾ, ਸਹੀ ਲੇਬਲਿੰਗ ਕਰਨਾ, ਲੋੜੀਂਦੇ ਰਿਕਾਰਡ ਸੰਭਾਲ ਕੇ ਰੱਖਣਾ ਅਤੇ ਨਿਰਧਾਰਤ ਮਿਆਰਾਂ ਅਨੁਸਾਰ ਹੀ ਖੁਰਾਕ ਪਦਾਰਥਾਂ ਦਾ ਨਿਰਮਾਣ, ਭੰਡਾਰਨ ਅਤੇ ਵਿਕਰੀ ਕਰਨਾ ਲਾਜ਼ਮੀ ਹੈ। ਉਨ੍ਹਾਂ ਕਿਹਾ ਕਿ ਕਿਸੇ ਵੀ ਖੁਰਾਕ ਪਦਾਰਥ ਦੀ ਗੁਣਵੱਤਾ ਜਾਂ ਸੁਰੱਖਿਆ ਬਾਰੇ ਅੰਤਿਮ ਨਤੀਜਾ ਕੇਵਲ ਪ੍ਰਯੋਗਸ਼ਾਲਾ ਦੀ ਜਾਂਚ ਰਿਪੋਰਟ ਦੇ ਆਧਾਰ 'ਤੇ ਹੀ ਕੱਢਿਆ ਜਾ ਸਕਦਾ ਹੈ। ਇਸ ਲਈ ਜ਼ਬਤ ਕੀਤੇ ਗਏ ਘਿਉ ਦੀ ਜਾਂਚ ਰਿਪੋਰਟ ਪ੍ਰਾਪਤ ਹੋਣ ਤੋਂ ਬਾਅਦ, ਜੇਕਰ ਕਿਸੇ ਤਰ੍ਹਾਂ ਦੀ ਉਲੰਘਣਾ ਸਾਹਮਣੇ ਆਉਂਦੀ ਹੈ ਤਾਂ ਕਾਨੂੰਨ ਅਨੁਸਾਰ ਬਣਦੀ ਕਾਰਵਾਈ ਕੀਤੀ ਜਾਵੇਗੀ। ਉਨ੍ਹਾਂ ਕਿਹਾ ਕਿ ਫੂਡ ਸੇਫਟੀ ਵਿਭਾਗ ਜ਼ਿਲ੍ਹੇ ਭਰ ਵਿੱਚ ਖੁਰਾਕ ਸੁਰੱਖਿਆ ਨਿਯਮਾਂ ਦੀ ਪਾਲਣਾ ਯਕੀਨੀ ਬਣਾਉਣ ਲਈ ਆਪਣੀਆਂ ਜਾਂਚਾਂ ਅਤੇ ਵਿਸ਼ੇਸ਼ ਮੁਹਿੰਮਾਂ ਲਗਾਤਾਰ ਜਾਰੀ ਰੱਖੇਗਾ।

ਉਨ੍ਹਾਂ ਆਮ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਹਮੇਸ਼ਾ ਐਫ਼ਐਸਐਸਏਆਈ ਲਾਇਸੈਂਸਸ਼ੁਦਾ ਦੁਕਾਨਾਂ ਜਾਂ ਅਦਾਰਿਆਂ ਤੋਂ ਹੀ ਖੁਰਾਕ ਪਦਾਰਥ ਖਰੀਦਣ, ਉਤਪਾਦ ਦੀ ਲੇਬਲਿੰਗ, ਨਿਰਮਾਣ ਅਤੇ ਮਿਆਦ ਦੀ ਮਿਤੀ ਅਤੇ ਫੂਡ ਸੇਫਟੀ ਲਾਇਸੈਂਸ ਨੰਬਰ ਦੀ ਜਾਂਚ ਜ਼ਰੂਰ ਕਰਨ। ਕਿਸੇ ਵੀ ਸ਼ੱਕੀ ਖੁਰਾਕ ਪਦਾਰਥ ਜਾਂ ਖੁਰਾਕ ਸੁਰੱਖਿਆ ਨਾਲ ਸਬੰਧਤ ਸ਼ਿਕਾਇਤ ਦੀ ਸੂਚਨਾ ਤੁਰੰਤ ਫੂਡ ਸੇਫਟੀ ਵਿਭਾਗ ਨੂੰ ਦਿੱਤੀ ਜਾਵੇ ਤਾਂ ਜੋ ਲੋਕਾਂ ਦੀ ਸਿਹਤ ਦੀ ਸੁਰੱਖਿਆ ਲਈ ਸਮੇਂ ਸਿਰ ਲੋੜੀਂਦੀ ਕਾਰਵਾਈ ਕੀਤੀ ਜਾ ਸਕੇ।

# ਐਸ.ਡੀ.ਐਮ ਖੰਨਾ ਸਵਾਤੀ ਟਿਵਾਣਾ ਨੇ ਐਨਐਚਏਆਈ ਨੂੰ ਜਾਰੀ ਕੀਤਾ ਕਾਰਨ ਦੱਸੋ ਨੋਟਿਸ

**ਖੰਨਾ/ਧੀਮਾਨ**

ਐਸ.ਡੀ.ਐਮ. ਖੰਨਾ ਸ੍ਰੀਮਤੀ ਸਵਾਤੀ ਟਿਵਾਣਾ ਨੇ ਪਿੰਡ ਰਤਨਹੇੜੀ ਦੇ ਵਸਨੀਕ ਅਤੇ ਸਰਪੰਚ ਸ੍ਰੀ ਅਮਰਜੀਤ ਸਿੰਘ ਦੀ 6 ਅਗਸਤ, 2026 ਨੂੰ ਘਾਤਕ ਸੜਕ ਹਾਦਸੇ ਵਿੱਚ ਹੋਈ ਮੌਤ ਦੇ ਮਾਮਲੇ ਸਬੰਧੀ ਪ੍ਰੋਜੈਕਟ ਡਾਇਰੈਕਟਰ, ਨੈਸ਼ਨਲ ਹਾਈਵੇ ਅਥਾਰਟੀ ਆਫ਼ ਇੰਡੀਆ, ਪ੍ਰੋਜੈਕਟ ਇੰਪਲੀਮੈਂਟੇਸ਼ਨ ਯੂਨਿਟ, ਲੁਧਿਆਣਾ ਨੂੰ ਕਾਰਨ ਦੱਸੋ ਨੋਟਿਸ ਜਾਰੀ ਕੀਤਾ ਹੈ। ਨੋਟਿਸ ਵਿੱਚ ਕਿਹਾ ਗਿਆ ਹੈ ਕਿ ਮੁੱਢਲੀ ਜਾਣਕਾਰੀ ਅਨੁਸਾਰ ਹਾਦਸਾ ਰਾਸ਼ਟਰੀ ਰਾਜਮਾਰਗ ਦੇ ਕੈਰੇਜਵੇਅ 'ਤੇ ਮੌਜੂਦ ਇੱਕ ਵੱਡੇ ਅਤੇ ਮੁਰੰਮਤ ਨਾ ਕੀਤੇ ਗਏ ਟੋਏ ਕਾਰਨ ਵਾਪਰਿਆ। ਟੋਏ ਕਾਰਨ ਸ੍ਰੀ ਅਮਰਜੀਤ ਸਿੰਘ ਆਪਣੇ ਵਾਹਨ ਤੋਂ ਕੰਟਰੋਲ ਗੁਆ ਬੈਠੇ ਅਤੇ ਸੜਕ 'ਤੇ ਡਿੱਗ ਪਏ, ਜਿਸ ਦੌਰਾਨ ਪਿੱਛੋਂ ਆ ਰਹੇ ਟਰੱਕ ਦੀ ਲਪੇਟ ਵਿੱਚ ਆਉਣ ਕਾਰਨ ਉਨ੍ਹਾਂ ਦੀ ਮੌਕੇ 'ਤੇ ਹੀ ਮੌਤ ਹੋ ਗਈ। ਮਾਮਲੇ ਦੀ ਪੁਲਿਸ ਜਾਂਚ ਦੇ ਹੁਕਮ ਪਹਿਲਾਂ ਹੀ ਜਾਰੀ ਕੀਤੇ ਜਾ ਚੁੱਕੇ ਹਨ।

ਐਸ.ਡੀ.ਐਮ. ਨੇ ਨੋਟਿਸ ਵਿੱਚ ਰਾਸ਼ਟਰੀ ਰਾਜਮਾਰਗ ਦੇ ਸਬੰਧਤ ਹਿੱਸੇ ਦੀ ਸੁਰੱਖਿਅਤ ਅਤੇ ਮੋਟਰਯੋਗ ਸਥਿਤੀ ਬਣਾਈ ਰੱਖਣ ਲਈ ਜ਼ਿੰਮੇਵਾਰ ਏਜੰਸੀਆਂ ਦੀ ਜਵਾਬਦੇਹੀ 'ਤੇ ਗੰਭੀਰ ਸਵਾਲ ਉਠਾਏ ਹਨ। ਉਨ੍ਹਾਂ ਕਿਹਾ ਕਿ ਸੜਕ 'ਤੇ ਖਤਰਨਾਕ ਟੋਏ ਦੀ ਮੌਜੂਦਗੀ, ਉਸ ਦੀ ਸਮੇਂ ਸਿਰ ਮੁਰੰਮਤ ਨਾ ਕਰਨਾ ਅਤੇ ਲੋੜੀਂਦੀ ਬੈਰੀਕੇਡਿੰਗ, ਸਾਈਨੇਜ ਜਾਂ ਚੇਤਾਵਨੀ ਨਾ ਲਗਾਉਣਾ ਸੜਕ ਸੁਰੱਖਿਆ ਦੇ ਮਾਪਦੰਡਾਂ ਦੀ ਗੰਭੀਰ ਉਲੰਘਣਾ ਮੰਨੀ ਜਾ ਸਕਦੀ ਹੈ। ਐਨ.ਐਚ.ਏ.ਆਈ ਨੂੰ ਨੋਟਿਸ ਦੀ ਪ੍ਰਾਪਤੀ ਤੋਂ 24 ਘੰਟਿਆਂ ਦੇ

**ਮਾਮਲਾ ਸਰਪੰਚ ਅਮਰਜੀਤ ਸਿੰਘ ਦੀ ਮੌਤ ਦਾ**



ਅੰਦਰ ਆਪਣਾ ਜਵਾਬ ਪੇਸ਼ ਕਰਨ ਲਈ ਕਿਹਾ ਗਿਆ। ਇਸ ਵਿੱਚ ਇਹ ਸਪੱਸ਼ਟ ਕਰਨ ਲਈ ਕਿਹਾ ਗਿਆ ਹੈ ਕਿ ਲਾਪਰਵਾਹੀ ਕਾਰਨ ਹੋਈ ਮੌਤ ਲਈ ਜ਼ਿੰਮੇਵਾਰ ਅਧਿਕਾਰੀਆਂ, ਰਿਆਇਤੀ ਜਾਂ ਰੱਖ-ਰਖਾਅ ਠੇਕੇਦਾਰਾਂ ਵਿਰੁੱਧ ਕਾਨੂੰਨ ਅਨੁਸਾਰ ਕਾਰਵਾਈ ਕਿਉਂ ਨਾ ਕੀਤੀ ਜਾਵੇ ਅਤੇ ਮਾਮਲਾ ਜਾਂਚ ਏਜੰਸੀ ਨੂੰ ਕਿਉਂ ਨਾ ਭੇਜਿਆ ਜਾਵੇ। ਇਸ ਤੋਂ ਇਲਾਵਾ, ਸਬੰਧਤ ਸਟ੍ਰੈੱਚ ਦੀ ਦੇਖ-ਰੇਖ ਅਤੇ ਨਿਰੀਖਣ ਲਈ ਜ਼ਿੰਮੇਵਾਰ ਅਧਿਕਾਰੀਆਂ, ਇੰਜੀਨੀਅਰਾਂ ਅਤੇ ਠੇਕੇਦਾਰ ਕਰਮਚਾਰੀਆਂ ਦੇ ਵੇਰਵੇ ਪੁਲਿਸ ਨੂੰ ਉਪਲਬਧ ਕਰਵਾਉਣ ਲਈ ਵੀ ਕਿਹਾ ਗਿਆ ਹੈ। ਮਾਮਲੇ ਦੀ ਰਿਪੋਰਟ ਐਨ. ਐਚ. ਏ. ਆਈ ਦੇ ਖੇਤਰੀ ਅਧਿਕਾਰੀ ਅਤੇ ਸੜਕ ਆਵਾਜਾਈ ਤੇ ਰਾਜਮਾਰਗ ਮੰਤਰਾਲੇ ਨੂੰ ਭੇਜਣ ਅਤੇ ਲੋੜ ਅਨੁਸਾਰ ਵਿਭਾਗੀ ਤੇ ਇਕਰਾਰਨਾਮੇ ਅਧੀਨ ਕਾਰਵਾਈ ਕਰਨ ਦੇ ਨਿਰਦੇਸ਼ ਵੀ ਦਿੱਤੇ ਗਏ ਹਨ। ਐਸ.ਡੀ.ਐਮ. ਨੇ ਸਬੰਧਤ ਟੋਏ ਦੀ ਤੁਰੰਤ ਮੁਰੰਮਤ ਕਰਨ ਅਤੇ ਸਬ-ਡਵੀਜ਼ਨ ਖੰਨਾ ਵਿੱਚ ਪੈਂਦੇ ਪੂਰੇ ਰਾਸ਼ਟਰੀ ਰਾਜਮਾਰਗ ਹਿੱਸੇ ਦਾ ਸੁਰੱਖਿਆ ਆਡਿਟ ਕਰਨ ਦੇ ਨਿਰਦੇਸ਼ ਦਿੱਤੇ ਹਨ।

ਨਾਲ ਹੀ ਪਿਛਲੇ ਤਿੰਨ ਮਹੀਨਿਆਂ ਦੇ ਸੜਕ ਨਿਰੀਖਣ ਲੌਗ, ਟੋਏ ਦੀ ਮੁਰੰਮਤ ਦੇ ਰਿਕਾਰਡ ਅਤੇ ਰੱਖ-ਰਖਾਅ/ਰਿਆਇਤ ਸਮਝੌਤੇ ਦੀਆਂ ਕਾਪੀਆਂ ਪੇਸ਼ ਕਰਨ ਲਈ ਕਿਹਾ ਗਿਆ ਹੈ। ਉਨ੍ਹਾਂ ਸਪੱਸ਼ਟ ਕੀਤਾ ਕਿ ਸੜਕ ਉਪਭੋਗਤਾਵਾਂ ਦੀ ਸੁਰੱਖਿਆ ਜ਼ਿਲ੍ਹਾ ਪ੍ਰਸ਼ਾਸਨ ਦੀ ਸਭ ਤੋਂ ਵੱਧ ਤਰਜੀਹ ਹੈ ਅਤੇ ਮਨੁੱਖੀ ਜਾਨ ਦੇ ਨੁਕਸਾਨ ਨਾਲ ਸਬੰਧਤ ਕਿਸੇ ਵੀ ਲਾਪਰਵਾਹੀ ਨੂੰ ਗੰਭੀਰਤਾ ਨਾਲ ਲਿਆ ਜਾਵੇਗਾ। ਇਹ ਨੋਟਿਸ ਮ੍ਰਿਤਕ ਦੇ ਕਾਨੂੰਨੀ ਵਾਰਸਾਂ ਦੇ ਹੱਕਾਂ ਅਤੇ ਚੱਲ ਰਹੀ ਪੁਲਿਸ ਜਾਂਚ ਨੂੰ ਪ੍ਰਭਾਵਿਤ ਕੀਤੇ ਬਿਨਾਂ ਜਾਰੀ ਕੀਤਾ ਗਿਆ ਹੈ।

# ਲੁਧਿਆਣਾ ਨਗਰ ਨਿਗਮ ਦੀ ਮੇਅਰ ਦਾ ਐਫਐਂਡਸੀਸੀ 'ਚ ਦੋ ਕੌਂਸਲਰ ਨਾਮਜ਼ਦ ਕਰਨ ਦਾ ਅਧਿਕਾਰ ਰੱਦ

**ਲੁਧਿਆਣਾ/ਇੰਦਰਜੀਤ**

ਪੰਜਾਬ ਸਰਕਾਰ ਦੇ ਸਥਾਨਕ ਸਰਕਾਰਾਂ ਵਿਭਾਗ ਨੇ ਲੁਧਿਆਣਾ ਨਗਰ ਨਿਗਮ ਦੀ ਵਿੱਤ ਤੇ ਠੇਕਾ ਕਮੇਟੀ (ਐਫਐਂਡਸੀਸੀ) ਵਿੱਚ ਦੋ ਕੌਂਸਲਰਾਂ ਨੂੰ ਨਾਮਜ਼ਦ ਕਰਨ ਦਾ ਮੇਅਰ ਦਾ ਅਧਿਕਾਰ ਰੱਦ ਕਰ ਦਿੱਤਾ ਹੈ। ਇਸ ਦੇ ਨਾਲ ਹੀ 24 ਜੂਨ ਨੂੰ ਮੇਅਰ ਵੱਲੋਂ ਨਾਮਜ਼ਦ ਕੀਤੇ ਦੋਵੇਂ ਕੌਂਸਲਰਾਂ ਦੀ ਨਿਯੁਕਤੀ ਵੀ ਤੁਰੰਤ ਪ੍ਰਭਾਵ ਨਾਲ ਰੱਦ ਕਰ ਦਿੱਤੀ ਗਈ ਹੈ। ਵਿਭਾਗ ਨੇ ਸਪੱਸ਼ਟ ਕੀਤਾ ਕਿ ਪੰਜਾਬ ਨਗਰ ਨਿਗਮ ਐਕਟ ਦੀ ਧਾਰਾ 42(4) ਤਹਿਤ ਐਫਐਂਡਸੀਸੀ ਦੇ ਦੋ ਕੌਂਸਲਰ ਮੈਂਬਰਾਂ ਦੀ ਚੋਣ ਕੌਂਸਲਰਾਂ ਵੱਲੋਂ ਆਪਸ ਵਿੱਚ ਕੀਤੀ ਜਾਣੀ ਹੈ। ਮੇਅਰ ਨੂੰ ਨਾਮਜ਼ਦਗੀ ਦਾ ਅਧਿਕਾਰ ਨਹੀਂ ਹੈ। ਸਰਕਾਰ ਨੇ ਨਗਰ ਨਿਗਮ ਨੂੰ ਹੁਣ ਕਾਨੂੰਨ ਅਨੁਸਾਰ ਦੋ ਮੈਂਬਰਾਂ ਦੀ ਚੋਣ ਕਰਵਾਉਣ ਦੇ ਨਿਰਦੇਸ਼ ਦਿੱਤੇ ਹਨ। ਇਸ ਫੈਸਲੇ ਨਾਲ ਐਫਐਂਡਸੀਸੀ ਦੇ ਗਠਨ ਦੀ ਪ੍ਰਕਿਰਿਆ ਮੁੜ ਚੋਣ ਦੇ ਪੜਾਅ 'ਤੇ ਪਹੁੰਚ ਗਈ ਹੈ।

# ਲੁਧਿਆਣਾ ਵਿੱਚ ਮੈਤਰੀ ਸੰਸਕਾਰ ਮੁੱਲ ਸਿੱਖਿਆ ਤਹਿਤ ਅਧਿਆਪਕ ਸਿਖਲਾਈ ਪ੍ਰੋਗਰਾਮ ਦਾ ਆਯੋਜਨ ਕੀਤਾ

## ਸਿੱਖਿਆ ਦਾ ਮਕਸਦ ਜ਼ਿੰਮੇਵਾਰ ਤੇ ਹਮਦਰਦ ਨਾਗਰਿਕ ਤਿਆਰ ਕਰਨਾ: ਡਿਪਟੀ ਕਮਿਸ਼ਨਰ ਹਿਮਾਂਸ਼ੂ ਜੈਨ

**ਲੁਧਿਆਣਾ/ਡੀ.ਪੀ.ਆਰ**

ਮੈਤਰੀ ਸੰਸਕਾਰ ਮੁੱਲ ਸਿੱਖਿਆ ਪ੍ਰੋਗਰਾਮ ਤਹਿਤ ਅਧਿਆਪਕ ਸਿਖਲਾਈ ਪ੍ਰੋਗਰਾਮ ਅੱਜ ਸੋਹਨ ਲਾਲ ਪਾਹਵਾ ਆਡੀਟੋਰੀਅਮ, ਲੁਧਿਆਣਾ ਵਿਖੇ ਡਿਪਟੀ ਕਮਿਸ਼ਨਰ ਲੁਧਿਆਣਾ ਸ੍ਰੀ ਹਿਮਾਂਸ਼ੂ ਜੈਨ, ਆਈ.ਏ.ਐਸ. ਦੀ ਮੌਜੂਦਗੀ ਵਿੱਚ ਕਰਵਾਇਆ ਗਿਆ। ਇਸ ਮੌਕੇ ਜ਼ਿਲ੍ਹਾ ਸਿੱਖਿਆ ਅਫਸਰ ਲੁਧਿਆਣਾ ਸ੍ਰੀਮਤੀ ਡਿੰਪਲ ਮਦਾਨ ਨੇ ਵੀ ਸ਼ਿਰਕਤ ਕੀਤੀ। ਪ੍ਰੋਗਰਾਮ ਵਿੱਚ ਮੈਤਰੀ ਬੋਧ ਪਰਿਵਾਰ ਚੈਰੀਟੇਬਲ ਟਰੱਸਟ ਵੱਲੋਂ ਮੈਤਰੀ ਸੰਸਕਾਰ ਦੇ ਮੈਂਟਰ ਸ੍ਰੀ ਮਿੱਤਰ ਜੀਵ ਅਤੇ ਗਵਰਨੈਂਸ ਸੈੱਲ ਮੈਂਬਰ ਭਾਵਨਾ ਗਹਿਲੋਤ ਵੀ ਮੌਜੂਦ ਸਨ। ਮੈਤਰੀ ਸੰਸਕਾਰ ਮੁੱਲ ਸਿੱਖਿਆ ਪ੍ਰੋਗਰਾਮ ਮੈਤਰੀ ਬੋਧ ਪਰਿਵਾਰ ਚੈਰੀਟੇਬਲ ਟਰੱਸਟ ਦੀ ਪਹਿਲਕਦਮੀ ਹੈ, ਜਿਸ ਨੂੰ ਜ਼ਿਲ੍ਹਾ ਪ੍ਰਸ਼ਾਸਨ ਲੁਧਿਆਣਾ ਵੱਲੋਂ ਤਿੰਨ ਅਕਾਦਮਿਕ ਸਾਲਾਂ ਲਈ ਪਾਇਲਟ ਪ੍ਰਾਜੈਕਟ ਵਜੋਂ 12 ਸਰਕਾਰੀ ਸਕੂਲਾਂ ਵਿੱਚ ਸ਼ੁਰੂ ਕੀਤਾ ਗਿਆ ਹੈ। ਇਸ ਦਾ ਮੁੱਖ ਉਦੇਸ਼ ਵਿਦਿਆਰਥੀਆਂ ਵਿੱਚ ਚਰਿੱਤਰ ਨਿਰਮਾਣ, ਭਾਵਨਾਤਮਕ ਤੰਦਰੁਸਤੀ, ਜੀਵਨ ਹੁਨਰ, ਜ਼ਿੰਮੇਵਾਰ ਨਾਗਰਿਕਤਾ ਅਤੇ ਸਕਾਰਾਤਮਕ ਮੁੱਲਾਂ ਦਾ ਵਿਕਾਸ ਕਰਨਾ ਹੈ। ਸਿਖਲਾਈ ਦੌਰਾਨ ਅਧਿਆਪਕਾਂ ਨੂੰ ਬਾਲ-ਕੇਂਦ੍ਰਿਤ ਅਤੇ ਅਨੁਭਵੀ ਸਿੱਖਿਆ ਪੱਧਤੀਆਂ ਬਾਰੇ ਜਾਣਕਾਰੀ ਦਿੱਤੀ ਗਈ, ਤਾਂ ਜੋ ਉਹ ਮੁੱਲ-ਅਧਾਰਤ ਸੈਸ਼ਨਾਂ ਨੂੰ ਰੋਚਕ ਢੰਗ ਨਾਲ ਕਰਵਾ ਸਕਣ ਅਤੇ ਇਨ੍ਹਾਂ ਨੂੰ ਨਿਯਮਤ ਪਾਠਕ੍ਰਮ ਨਾਲ ਪ੍ਰਭਾਵਸ਼ਾਲੀ ਢੰਗ ਨਾਲ ਜੋੜ ਸਕਣ। ਇਸ ਮੌਕੇ ਡਿਪਟੀ ਕਮਿਸ਼ਨਰ ਸ੍ਰੀ ਹਿਮਾਂਸ਼ੂ ਜੈਨ ਨੇ ਕਿਹਾ ਕਿ ਸਿੱਖਿਆ ਦਾ ਉਦੇਸ਼ ਕੇਵਲ ਸਮਰੱਥ ਦਿਮਾਗ ਤਿਆਰ ਕਰਨਾ ਨਹੀਂ, ਸਗੋਂ ਜ਼ਿੰਮੇਵਾਰ, ਹਮਦਰਦ ਅਤੇ ਮੁੱਲ-ਅਧਾਰਤ ਨਾਗਰਿਕ ਪੈਦਾ ਕਰਨਾ ਵੀ ਹੈ। ਸ੍ਰੀ ਮਿੱਤਰ ਜੀਵ ਨੇ ਕਿਹਾ ਕਿ ਮੈਤਰੀ ਸੰਸਕਾਰ ਬੱਚਿਆਂ ਨੂੰ ਦਇਆ, ਇਮਾਨਦਾਰੀ, ਜ਼ਿੰਮੇਵਾਰੀ ਅਤੇ ਸਤਿਕਾਰ ਵਰਗੇ ਮੁੱਲਾਂ ਨੂੰ ਰੋਜ਼ਾਨਾ ਜੀਵਨ ਵਿੱਚ ਅਪਣਾਉਣ ਲਈ ਪ੍ਰੇਰਿਤ ਕਰਦਾ ਹੈ। ਇਹ ਪਹਿਲ ਬੱਚਿਆਂ ਦੇ ਸੰਪੂਰਨ ਵਿਕਾਸ ਲਈ ਜ਼ਿਲ੍ਹਾ ਪ੍ਰਸ਼ਾਸਨ ਅਤੇ ਮੈਤਰੀ ਬੋਧ ਪਰਿਵਾਰ ਚੈਰੀਟੇਬਲ ਟਰੱਸਟ ਦੇ ਸਾਂਝੇ ਯਤਨਾਂ ਨੂੰ ਦਰਸਾਉਂਦੀ ਹੈ। ਆਉਣ ਵਾਲੇ ਸਮੇਂ ਵਿੱਚ ਇਸ ਪ੍ਰੋਗਰਾਮ ਨੂੰ ਲੁਧਿਆਣਾ ਦੇ ਹੋਰ ਸਰਕਾਰੀ ਸਕੂਲਾਂ ਤੱਕ ਵਧਾਉਣ ਦੀ ਯੋਜਨਾ ਹੈ।



# ਐਵਰੈਸਟ ਸਕੂਲ ਮੋਤੀ ਨਗਰ ਵਿਖੇ ਪੂਰੇ ਜਾਹੋ ਜਲਾਲ ਨਾਲ ਮਨਾਇਆ ਤੀਆਂ ਦਾ ਤਿਉਹਾਰ

**ਲੁਧਿਆਣਾ/ਰਵੀ ਭਾਟੀਆ**

ਐਵਰੈਸਟ ਪਬਲਿਕ ਸੀਨੀਅਰ ਸੈਕੰਡਰੀ ਸਕੂਲ, ਮੋਤੀ ਨਗਰ ਵਿਖੇ ਤੀਆਂ ਦਾ ਤਿਉਹਾਰ ਬੜੇ ਉਤਸ਼ਾਹ, ਖ਼ੁਸ਼ੀ ਅਤੇ ਧੂਮਧਾਮ ਨਾਲ ਮਨਾਇਆ ਗਿਆ। ਸਕੂਲ ਦਾ ਸਾਰਾ ਕੈਂਪਸ ਪੰਜਾਬ ਦੀ ਅਮੀਰ ਸੱਭਿਆਚਾਰਕ ਵਿਰਾਸਤ, ਰਵਾਇਤਾਂ ਅਤੇ ਰੰਗ-ਬਿਰੰਗੇ ਲੋਕ ਜੀਵਨ ਦੇ ਰੰਗ ਵਿੱਚ ਰੰਗਿਆ ਨਜ਼ਰ ਆਇਆ। ਇਸ ਮੌਕੇ ਪ੍ਰਿੰਸੀਪਲ ਸ਼੍ਰੀਮਤੀ ਪੂਨਮ ਜੀ ਨੇ ਵਿਦਿਆਰਥੀਆਂ ਨੂੰ ਸੰਬੋਧਨ ਕਰਦਿਆਂ ਤੀਆਂ ਦੇ ਤਿਉਹਾਰ ਦੀ ਮਹੱਤਤਾ ਅਤੇ ਇਸ ਨਾਲ ਜੁੜੀਆਂ ਸੱਭਿਆਚਾਰਕ ਤੇ ਰਵਾਇਤੀ ਵਿਸ਼ੇਸ਼ਤਾਵਾਂ ਬਾਰੇ ਜਾਣਕਾਰੀ ਦਿੱਤੀ। ਉਨ੍ਹਾਂ ਕਿਹਾ ਕਿ ਅਜਿਹੀਆਂ ਸੱਭਿਆਚਾਰਕ ਗਤੀਵਿਧੀਆਂ ਦਾ ਮੁੱਖ ਉਦੇਸ਼ ਵਿਦਿਆਰਥੀਆਂ ਨੂੰ ਆਪਣੀ ਅਮੀਰ ਸੱਭਿਆਚਾਰਕ ਵਿਰਾਸਤ ਅਤੇ ਰਵਾਇਤਾਂ ਨਾਲ ਜੋੜਨਾ, ਉਨ੍ਹਾਂ ਦਾ ਸਤਿਕਾਰ ਕਰਨਾ ਅਤੇ ਉਨ੍ਹਾਂ ਨੂੰ ਸੰਭਾਲ ਕੇ ਰੱਖਣਾ ਹੈ। ਵਿਦਿਆਰਥੀ ਰੰਗ-ਬਿਰੰਗੇ ਪੰਜਾਬੀ ਰਵਾਇਤੀ ਪਹਿਰਾਵਿਆਂ ਵਿੱਚ ਬਹੁਤ ਹੀ ਸੋਹਣੇ ਅਤੇ ਆਕਰਸ਼ਕ ਲੱਗ ਰਹੇ ਸਨ। ਉਨ੍ਹਾਂ ਨੇ ਸ਼ਾਨਦਾਰ ਪੰਜਾਬੀ ਸੱਭਿਆਚਾਰਕ ਪੇਸ਼ਕਾਰੀਆਂ ਰਾਹੀਂ ਪੰਜਾਬ ਦੀ ਅਮੀਰ ਲੋਕ-ਸੱਭਿਆਚਾਰ, ਰਵਾਇਤਾਂ ਅਤੇ ਜੀਵੰਤਤਾ ਦੀ ਮਨਮੋਹਕ ਝਲਕ ਪੇਸ਼ ਕੀਤੀ। ਨੰਨ੍ਹੇ-ਮੁੰਨ੍ਹੇ ਵਿਦਿਆਰਥੀਆਂ ਨੇ ਆਪਣੀਆਂ ਮਨਮੋਹਕ ਪੇਸ਼ਕਾਰੀਆਂ ਨਾਲ ਸਭ ਦਾ ਦਿਲ ਜਿੱਤ ਲਿਆ। ਉਨ੍ਹਾਂ ਨੇ ਬੜੀ ਸੁੰਦਰਤਾ ਨਾਲ ਗਿੱਧਾ ਅਤੇ ਭੰਗੜਾ ਪੇਸ਼ ਕੀਤਾ। ਇਸ ਤੋਂ ਇਲਾਵਾ ਲੜਕੀਆਂ ਅਤੇ ਲੜਕਿਆਂ ਵੱਲੋਂ ਕਈ ਸੋਲੋ ਪੇਸ਼ਕਾਰੀਆਂ ਵੀ ਦਿੱਤੀਆਂ ਗਈਆਂ। ਪੰਜਾਬੀ ਲੋਕ-ਗੀਤਾਂ ਅਤੇ ਲੋਕ-ਨਾਚਾਂ ਨੇ ਪੂਰੇ ਮਾਹੌਲ ਨੂੰ ਹੋਰ ਵੀ ਰੰਗੀਨ, ਖੁਸ਼ਗਵਾਰ ਅਤੇ ਜੀਵੰਤ ਬਣਾ ਦਿੱਤਾ। ਤੀਆਂ ਦੇ ਤਿਉਹਾਰ ਦੌਰਾਨ ਵਿਦਿਆਰਥੀਆਂ ਨੇ ਰਵਾਇਤੀ ਪਕਵਾਨਾਂ ਦਾ ਵੀ ਆਨੰਦ




ਮਾਣਿਆ। ਸਾਰਿਆਂ ਨੇ ਬੜੇ ਉਤਸ਼ਾਹ ਨਾਲ ਖੀਰ ਅਤੇ ਮਾਲਪੂੜੇ ਦਾ ਸੁਆਦ ਲਿਆ, ਜਿਸ ਨਾਲ ਤਿਉਹਾਰ ਦੀ ਖੁਸ਼ੀ ਅਤੇ ਮਿਠਾਸ ਹੋਰ ਵੀ ਵੱਧ ਗਈ। ਡਾਇਰੈਕਟਰ ਸ਼੍ਰੀਮਤੀ ਆਸ਼ਾ ਸ਼ਰਮਾ ਜੀ ਵਿਦਿਆਰਥੀਆਂ ਦੀ ਮਿਹਨਤ, ਰਚਨਾਤਮਕਤਾ ਅਤੇ ਸ਼ਾਨਦਾਰ ਪੇਸ਼ਕਾਰੀਆਂ ਤੋਂ ਬਹੁਤ ਪ੍ਰਭਾਵਿਤ ਹੋਏ। ਉਨ੍ਹਾਂ ਨੇ ਇਸ ਸਮਾਗਮ ਨੂੰ ਸਫਲ ਬਣਾਉਣ ਲਈ ਵਿਦਿਆਰਥੀਆਂ ਅਤੇ ਅਧਿਆਪਕਾਂ ਵੱਲੋਂ ਕੀਤੇ ਗਏ ਸਾਂਝੇ ਯਤਨਾਂ ਦੀ ਸ਼ਲਾਘਾ ਕੀਤੀ। ਪ੍ਰਬੰਧਨ ਵੱਲੋਂ ਸ਼੍ਰੀਮਤੀ ਪੂਜਾ ਜੀ ਨੇ ਕਿਹਾ ਕਿ ਅਜਿਹੀਆਂ ਸੱਭਿਆਚਾਰਕ ਗਤੀਵਿਧੀਆਂ ਦਾ ਮੁੱਖ ਉਦੇਸ਼ ਵਿਦਿਆਰਥੀਆਂ ਨੂੰ ਆਪਣੀ ਸੱਭਿਆਚਾਰ ਅਤੇ ਰਵਾਇਤਾਂ ਨਾਲ ਜੋੜਨਾ ਅਤੇ ਉਨ੍ਹਾਂ ਨੂੰ ਆਪਣੀਆਂ ਜੜ੍ਹਾਂ ਨਾਲ ਜਾਣੂ ਕਰਵਾਉਣਾ ਹੈ। ਉਨ੍ਹਾਂ ਕਿਹਾ ਕਿ ਅਜਿਹੇ ਸਮਾਗਮ ਵਿਦਿਆਰਥੀਆਂ ਵਿੱਚ ਆਪਣੀ ਸੱਭਿਆਚਾਰਕ ਵਿਰਾਸਤ ਪ੍ਰਤੀ ਸਤਿਕਾਰ, ਮਾਣ ਅਤੇ ਆਪਣਾਪਣ ਪੈਦਾ ਕਰਨ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਉਂਦੇ ਹਨ। ਪੂਰਾ ਸਮਾਗਮ ਸੰਗੀਤ, ਨਾਚ, ਹਾਸੇ-ਖ਼ੁਸ਼ੀ, ਰਵਾਇਤੀ ਕਦਰਾਂ-ਕੀਮਤਾਂ ਅਤੇ ਸੱਭਿਆਚਾਰਕ ਮਾਣ ਨਾਲ ਭਰਪੂਰ ਰਿਹਾ। ਤੀਆਂ ਦੇ ਤਿਉਹਾਰ ਨੇ ਵਿਦਿਆਰਥੀਆਂ ਦੀ ਪ੍ਰਤਿਭਾ, ਕਲਾ, ਆਤਮ-ਵਿਸ਼ਵਾਸ ਅਤੇ ਪੰਜਾਬ ਦੀ ਅਮੀਰ ਸੱਭਿਆਚਾਰਕ ਵਿਰਾਸਤ ਨਾਲ ਉਨ੍ਹਾਂ ਦੇ ਗੂੜ੍ਹੇ ਜੁੜਾਅ ਨੂੰ ਬਹੁਤ ਹੀ ਖ਼ੂਬਸੂਰਤੀ ਨਾਲ ਪੇਸ਼ ਕੀਤਾ। ਇਹ ਤੀਆਂ ਦਾ ਸਮਾਗਮ ਸਾਰਿਆਂ ਲਈ ਇੱਕ ਯਾਦਗਾਰ, ਖੁਸ਼ੀ ਭਰਿਆ ਅਤੇ ਸੱਭਿਆਚਾਰਕ ਤੌਰ 'ਤੇ ਸਮ੍ਰਿੱਧ ਮੌਕਾ ਬਣ ਗਿਆ।

# ਗੈਂਗਸਟਰਾਂ 'ਤੇ ਵਾਰ ਦਾ 201ਵਾਂ ਦਿਨ: ਪੰਜਾਬ ਪੁਲਿਸ ਵੱਲੋਂ 597 ਥਾਈਂ ਛਾਪੇਮਾਰੀ ; 299 ਕਾਬੂ

**ਚੰਡੀਗੜ੍ਹ :** 'ਗੈਂਗਸਟਰਾਂ ਤੇ ਵਾਰ' ਮੁਹਿੰਮ ਨੂੰ 201ਵੇਂ ਦਿਨ ਵੀ ਜਾਰੀ ਰੱਖਦਿਆਂ ਪੰਜਾਬ ਪੁਲਿਸ ਨੇ ਅੱਜ ਸੂਬੇ ਭਰ ਵਿੱਚ ਗੈਂਗਸਟਰਾਂ ਦੇ ਸਾਥੀਆਂ ਦੇ ਪਛਾਣੇ ਗਏ ਅਤੇ ਮੈਪ ਕੀਤੇ 597 ਟਿਕਾਣਿਆਂ 'ਤੇ ਛਾਪੇਮਾਰੀ ਕੀਤੀ। ਜ਼ਿਕਰਯੋਗ ਹੈ ਕਿ 'ਗੈਂਗਸਟਰਾਂ ਤੇ ਵਾਰ' - ਪੰਜਾਬ ਨੂੰ ਗੈਂਗਸਟਰ ਮੁਕਤ ਸੂਬਾ ਬਣਾਉਣ ਲਈ ਫੈਸਲਾਕੁੰਨ ਜੰਗ ਹੈ, ਜਿਸ ਦੀ ਸ਼ੁਰੂਆਤ 20 ਜਨਵਰੀ, 2026 ਨੂੰ ਪੁਲਿਸ ਡਾਇਰੈਕਟਰ ਜਨਰਲ (ਡੀਜੀਪੀ) ਪੰਜਾਬ ਗੌਰਵ ਯਾਦਵ ਵੱਲੋਂ ਕੀਤੀ ਗਈ ਸੀ। ਸਾਰੇ ਜ਼ਿਲਿ?ਹਆਂ ਦੀਆਂ ਪੁਲਿਸ ਟੀਮਾਂ ਗੈਂਗਸਟਰ ਵਿਰੋਧੀ ਟਾਸਕ ਫੋਰਸ (ਏਜੀਟੀਐਫ) ਪੰਜਾਬ ਦੇ ਤਾਲਮੇਲ ਨਾਲ ਰਾਜ ਭਰ ਵਿੱਚ ਵਿਸ਼ੇਸ਼ ਕਾਰਵਾਈਆਂ ਕਰ ਰਹੀਆਂ ਹਨ। 201ਵੇਂ ਦਿਨ ਪੁਲਿਸ ਟੀਮਾਂ ਨੇ 299 ਵਿਅਕਤੀਆਂ ਨੂੰ ਸੱਤ ਹਥਿਆਰਾਂ ਸਮੇਤ ਗ੍ਰਿਫ਼ਤਾਰ ਕੀਤਾ, ਜਿਸ ਨਾਲ ਮੁਹਿੰਮ ਦੀ ਸ਼ੁਰੂਆਤ ਤੋਂ ਬਾਅਦ ਕੁੱਲ ਗ੍ਰਿਫ਼ਤਾਰੀਆਂ ਦੀ ਗਿਣਤੀ 58,511 ਹੋ ਗਈ ਹੈ। ਇਸ ਤੋਂ ਇਲਾਵਾ 246 ਵਿਅਕਤੀਆਂ ਵਿਰੁੱਧ ਇਹਤਿਆਤੀ ਕਾਰਵਾਈ ਕੀਤੀ ਗਈ ਹੈ। ਪੁਲਿਸ ਟੀਮਾਂ ਨੇ ਕਾਰਵਾਈ ਦੌਰਾਨ ਪੰਜ ਭਗੌੜੇ ਅਪਰਾਧੀਆਂ ਨੂੰ ਵੀ ਗ੍ਰਿਫ਼ਤਾਰ ਕੀਤਾ ਹੈ। ਹੋਰ ਵੇਰਵੇ ਸਾਂਝੇ ਕਰਦਿਆਂ ਵਿਸ਼ੇਸ਼ ਡੀਜੀਪੀ ਕਾਨੂੰਨ ਅਤੇ ਵਿਵਸਥਾ ਪ੍ਰਵੀਨ ਸਿਨਹਾ ਨੇ ਦੱਸਿਆ ਕਿ 'ਗੈਂਗਸਟਰਾਂ ਤੇ ਵਾਰ ਮੁਹਿੰਮ' ਦੇ ਹਿੱਸੇ ਵਜੋਂ, ਗੁਰਦਾਸਪੁਰ ਜ਼ਿਲ੍ਹੇ ਵਿੱਚ ਦੋ ਰੋਜ਼ਾ 'ਆਪ੍ਰੇਸ਼ਨ ਪ੍ਰਹਾਰ-4.0' ਚਲਾਇਆ ਗਿਆ, ਜਿਸ ਤਹਿਤ 371 ਗ੍ਰਿਫ਼ਤਾਰੀਆਂ ਹੋਈਆਂ ਅਤੇ ਦੋ ਪਿਸਤੌਲਾਂ ਸਮੇਤ ਚਾਰ ਜ਼ਿੰਦਾ ਕਾਰਤੂਸ, 448 ਗ੍ਰਾਮ ਹੈਰੋਇਨ, 110 ਨਸ਼ੀਲੀਆਂ ਗੋਲੀਆਂ ਅਤੇ 8920 ਰੁਪਏ ਦੀ ਡਰੱਗ ਮਨੀ ਬਰਾਮਦ ਕੀਤੀ ਗਈ। ਲੋਕ, ਐਂਟੀ- ਗੈਂਗਸਟਰ ਹੈਲਪਲਾਈਨ ਨੰਬਰ 93946-93946 ਰਾਹੀਂ ਲੋੜੀਂਦੇ ਅਪਰਾਧੀਆਂ ਅਤੇ ਗੈਂਗਸਟਰਾਂ ਬਾਰੇ ਗੁਪਤ ਰੂਪ ਵਿੱਚ ਰਿਪੋਰਟ ਕਰ ਸਕਦੇ ਹਨ ਅਤੇ ਅਪਰਾਧ ਅਤੇ ਅਪਰਾਧਿਕ ਗਤੀਵਿਧੀਆਂ ਬਾਰੇ ਸੂਹ ਵੀ ਦਿੱਤੀ ਜਾ ਸਕਦੀ ਹੈ। ਇਸ ਦੌਰਾਨ ਪੁਲਿਸ ਟੀਮਾਂ ਨੇ 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਦੇ 526ਵੇਂ ਅੱਜ 76 ਨਸ਼ਾ ਤਸਕਰਾਂ ਨੂੰ ਗ੍ਰਿਫ਼ਤਾਰ ਕੀਤਾ ਅਤੇ ਉਨ੍ਹਾਂ ਦੇ ਕਬਜ਼ੇ ਵਿੱਚੋਂ 1.3 ਕਿਲੋ ਹੈਰੋਇਨ, 175 ਨਸ਼ੀਲੀਆਂ ਗੋਲੀਆਂ ਅਤੇ 1450 ਰੁਪਏ ਦੀ ਡਰੱਗ ਮਨੀ ਬਰਾਮਦ ਕੀਤੀ ਗਈ ਹੈ। ਇਸ ਦੇ ਨਾਲ ਸਿਰਫ਼ 526 ਦਿਨਾਂ ਵਿੱਚ ਗ੍ਰਿਫ਼ਤਾਰ ਕੀਤੇ ਗਏ ਕੁੱਲ ਨਸ਼ਾ ਤਸਕਰਾਂ ਦੀ ਗਿਣਤੀ 75,578 ਹੋ ਗਈ ਹੈ। ਨਸ਼ਾ ਛੁਡਾਊ ਮੁਹਿੰਮ ਦੇ ਹਿੱਸੇ ਵਜੋਂ, ਪੰਜਾਬ ਪੁਲਿਸ ਨੇ ਅੱਜ ਛੇ ਵਿਅਕਤੀਆਂ ਨੂੰ ਨਸ਼ਾ ਛੁਡਾਊ ਅਤੇ ਮੁੜ ਵਸੇਬੇ ਦਾ ਇਲਾਜ ਕਰਵਾਉਣ ਲਈ ਰਾਜ਼ੀ ਕੀਤਾ ਹੈ।

# ਬਾਲਾ ਪ੍ਰੀਤਮ ਸ੍ਰੀ ਗੁਰੂ ਹਰਿਕ੍ਰਿਸ਼ਨ ਸਾਹਿਬ ਜੀ ਦਾ ਪ੍ਰਕਾਸ਼ ਪੁਰਬ ਵੱਖ-ਵੱਖ ਗੁਰਦੁਆਰਿਆਂ ਵਿੱਚ ਸ਼ਰਧਾ ਭਾਵਨਾ ਨਾਲ ਮਨਾਇਆ

ਜ਼ਿਕਰ ਪੰਜਾਬ

**ਲੁਧਿਆਣਾ/ਤਮੰਨਾ ਭਾਟੀਆ**

ਬਾਲਾ ਪ੍ਰੀਤਮ ਸਾਹਿਬ ਸ਼੍ਰੀ ਗੁਰੂ ਹਰਿਕ੍ਰਿਸ਼ਨ ਜੀ ਦਾ ਪਾਵਨ ਆਗਮਨ ਪੁਰਬ ਵੱਖ-ਵੱਖ ਗੁਰਦੁਆਰਾ ਸਾਹਿਬਾਨ ਵਿਖੇ ਸ਼ਰਧਾ ਸਹਿਤ ਮਨਾਇਆ ਗਿਆ। ਰਾਗੀ ਅਤੇ ਕੀਰਤਨੀ ਜੱਥਿਆਂ ਨੇ ਗੁਰਬਾਣੀ ਕੀਰਤਨ ਨਾਲ ਸੰਗਤਾਂ ਨੂੰ ਨਿਹਾਲ ਕੀਤਾ। ਗੁਰਦੁਆਰਾ ਸ੍ਰੀ ਗੁਰੂ ਸਿੰਘ ਸਭਾ ਅਰਬਨ ਅਸਟੇਟ ਦੁੱਗਰੀ ਫੇਸ -1 ਦੀ ਪ੍ਰਬੰਧਕ ਕਮੇਟੀ ਵੱਲੋਂ ਗੁਰਦੁਆਰਾ ਸਾਹਿਬ ਵਿਖੇ ਆਯੋਜਿਤ ਕੀਤੇ ਗਏ ਗੁਰਮਤਿ ਸਮਾਗਮ ਵਿੱਚ ਪੰਥ ਪ੍ਰਸਿੱਧ ਕੀਰਤਨੀਏ ਭਾਈ ਭੁਪਿੰਦਰ ਸਿੰਘ ਹਜ਼ੂਰੀ ਰਾਗੀ ਸੱਚਖੰਡ ਸ੍ਰੀ ਦਰਬਾਰ ਸਾਹਿਬ ਅੰਮ੍ਰਿਤਸਰ, ਗੁਰਦੁਆਰਾ ਸਾਹਿਬ ਦੇ ਹਜ਼ੂਰੀ ਰਾਗੀ ਭਾਈ ਇੰਦਰਜੀਤ ਸਿੰਘ ਅਤੇ ਭਾਈ ਗਗਨਦੀਪ ਸਿੰਘ ਦੇ ਕੀਰਤਨੀ ਜੱਥੇ ਅਤੇ ਇਸਤਰੀ ਸਤਿਸੰਗ ਸਭਾ ਦੇ ਸ਼ਬਦੀ ਜੱਥੇ ਦੀਆਂ ਬੀਬੀਆਂ ਦੇ ਕੀਰਤਨੀ ਜੱਥਿਆਂ ਨੇ ਹਾਜ਼ਰੀਆਂ ਭਰਕੇ ਸੰਗਤਾਂ ਨੂੰ ਗੁਰਬਾਣੀ ਕੀਰਤਨ ਰਾਹੀਂ ਨਿਹਾਲ ਕੀਤਾ ਅਤੇ ਸੰਗਤਾਂ ਨੂੰ ਸੇਵਾ ਸੰਕਲਪ ਦੇ ਨਾਲ ਜੁੜਨ ਦੀ ਪ੍ਰੇਰਣਾ ਦਿੱਤੀ। ਗੁਰਮਤਿ ਸਮਾਗਮ







ਦੌਰਾਨ ਇਕੱਤਰ ਹੋਈਆਂ ਸੰਗਤਾਂ ਨੂੰ ਸ੍ਰੀ ਗੁਰੂ ਹਰਿਕ੍ਰਿਸ਼ਨ ਸਾਹਿਬ ਜੀ ਦੇ ਪ੍ਰਕਾਸ਼ ਪੁਰਬ ਦੀਆਂ ਵਧਾਈਆਂ ਦਿੰਦਿਆਂ ਮੁੱਖ ਸੇਵਾਦਾਰ ਕੁਲਵਿੰਦਰ ਸਿੰਘ ਬੈਨੀਪਾਲ ਨੇ ਕਿਹਾ ਕਿ ਸੇਵਾ ਤੇ ਸਿਮਰਨ ਦੇ ਪੁੰਜ ਅੱਠਵੇਂ ਪਾਤਿਸ਼ਾਹ ਬਾਲਾ ਪ੍ਰੀਤਮ ਸ਼?ਰੀ ਗੁਰੂ ਹਰਿਕ੍ਰਿਸ਼ਨ ਸਾਹਿਬ ਜੀ ਵੱਲੋਂ ਬਖ਼ਸ਼ੇ ਸੇਵਾ ਤੇ ਸਿਮਰਨ ਦੇ ਸੰਕਲਪ ਨੂੰ ਸੰਭਾਲਣ ਦੀ ਮੁੱਖ ਜ਼ਰੂਰਤ ਹੈ ਤਾਂ ਹੀ ਹਰ ਬੱਚਾ ਤੇ ਨੌਜਵਾਨ ਆਪਣੇ ਅੰਦਰ ਗੁਰਸਿੱਖੀ ਵਾਲਾ ਜਜ਼ਬਾ ਪੈਦਾ ਕਰਕੇ ਗੁਰੂ ਵਾਲਾ ਬਣ ਸਕਦਾ ਹੈ। ਸ: ਬੈਨੀਪਾਲ ਨੇ ਬਲਬੀਰ ਸਿੰਘ ਅਤੇ ਯਸ਼ਪਾਲ ਸਿੰਘ ਦੇ ਨਾਲ ਕੀਰਤਨੀ ਜੱਥਿਆਂ ਦੇ ਸਮੂਹ ਮੈਂਬਰਾਂ ਨੂੰ ਸਿਰਪਾਉ ਭੇਟ ਕਰਕੇ ਸਨਮਾਨਿਤ ਵੀ ਕੀਤਾ। ਇਸ ਮੌਕੇ ਚੇਅਰਮੈਨ ਬਲਜੀਤ ਸਿੰਘ ਸੇਠੀ, ਪਰਮਿੰਦਰ ਸਿੰਘ, ਕਰਤਾਰ ਸਿੰਘ ਬਰਾੜ, ਯਸ਼ਪਾਲ ਸਿੰਘ, ਤਰਲੋਕ ਸਿੰਘ ਸੱਚਦੇਵਾ, ਰਜਿੰਦਰ ਸਿੰਘ ਭਾਟੀਆ, ਬਲਬੀਰ ਸਿੰਘ, ਗੁਰਦੀਪ ਸਿੰਘ ਕਾਲੜਾ, ਪਰਮਜੀਤ ਸਿੰਘ ਅਵਤਾਰ ਸਿੰਘ, ਅਰਜਨ ਸਿੰਘ, ਦਰਸ਼ਨ ਸਿੰਘ ਸੋਨਪਾਲ, ਵਿਰਨਜੀਤ ਸਿੰਘ ਸੋਨਪਾਲ, ਹਰਮੀਤ ਸਿੰਘ ਐਡਵੋਕੇਟ, ਰਜਿੰਦਰ ਪਾਲ ਸਿੰਘ, ਸਰਬਜੀਤ ਸਿੰਘ ਚੱਗਰ, ਮਲਕੀਤ ਸਿੰਘ, ਡਾਕਟਰ ਪ੍ਰੇਮ ਸਿੰਘ ਚਾਵਲਾ, ਮਨਜੀਤ ਸਿੰਘ, ਚਰਨਜੀਤ ਸਿੰਘ, ਕੰਵਲਜੀਤ ਸਿੰਘ ਅਤੇ ਇਸਤਰੀ ਸਤਿਸੰਗ ਸਭਾ ਦੀਆਂ ਬੀਬੀਆਂ ਜਿੰਨ੍ਹਾਂ ਵਿੱਚ ਬੀਬੀ ਮਨਜੀਤ ਕੌਰ, ਬੀਬੀ ਬਲਵਿੰਦਰ ਕੌਰ ਬੱਤਰਾ, ਬੀਬੀ ਦਵਿੰਦਰ ਕੌਰ, ਜਸਪਾਲ ਕੌਰ ਮਖੀਜਾ, ਸਰਬਜੀਤ ਕੌਰ, ਰਵਿੰਦਰ ਕੌਰ ਢੱਲ, ਕਰਮਜੀਤ ਕੌਰ, ਕੁਲਜੀਤ ਕੌਰ, ਅਮ੍ਰਿਤਪਾਲ ਕੌਰ, ਸਿਮਰਨ ਕੌਰ, ਪਰਮਜੀਤ ਕੌਰ ਵੀ ਹਾਜ਼ਰ ਸਨ। ਗੁਰਦੁਆਰਾ ਸ੍ਰੀ ਗੁਰੂ ਸਿੰਘ ਸਭਾ ਸਰਾਭਾ ਨਗਰ ਵਿਖੇ ਵੀ ਗੁਰਪੁਰਬ ਸ਼ਰਧਾ ਸਹਿਤ ਮਨਾਇਆ ਗਿਆ। ਭਾਈ ਰਜਿੰਦਰ ਸਿੰਘ, ਭਾਈ ਮੰਗਲ ਸਿੰਘ, ਭਾਈ ਸਤਨਾਮ ਸਿੰਘ, ਭਾਈ ਹਰਦੀਪ ਸਿੰਘ, ਭਾਈ ਨਰਿੰਦਰ ਸਿੰਘ, ਭਾਈ ਨੌਨਿਹਾਲ ਸਿੰਘ ਦੇ ਕੀਰਤਨੀ ਜੱਥਿਆਂ ਅਤੇ ਗੁਰਦੁਆਰਾ ਸਾਹਿਬ ਦੇ ਇਸਤਰੀ ਸਤਿਸੰਗ ਸਭਾ ਦੀਆਂ ਬੀਬੀਆਂ ਨੇ ਗੁਰਬਾਣੀ ਕੀਰਤਨ ਨਾਲ ਸੰਗਤਾਂ ਨੂੰ ਨਿਹਾਲ ਕੀਤਾ। ਗੁਰਦੁਆਰਾ ਸ੍ਰੀ ਗੁਰੂ ਸਿੰਘ ਸਭਾ ਮਾਡਲ ਟਾਊਨ ਐਕਸਟੈਨਸ਼ਨ ਦੀ ਪ੍ਰਬੰਧਕ ਕਮੇਟੀ ਵੱਲੋਂ ਗੁਰਦੁਆਰਾ ਸਾਹਿਬ ਵਿਖੇ ਸ੍ਰੀ ਗੁਰੂ ਹਰਿਕ੍ਰਿਸ਼ਨ ਸਾਹਿਬ ਜੀ ਦੇ ਪ੍ਰਕਾਸ਼ ਪੁਰਬ ਨੂੰ ਸਮਰਪਿਤ ਗੁਰਮਤਿ ਸਮਾਗਮ ਸ਼ਰਧਾ ਭਾਵਨਾ ਤੇ ਸਤਿਕਾਰ ਨਾਲ ਕਰਵਾਇਆ ਗਿਆ। ਪੰਥ ਦੇ ਮਹਾਨ ਕੀਰਤਨੀਏ ਭਾਈ ਭੁਪਿੰਦਰ ਸਿੰਘ ਹਜ਼ੂਰੀ ਰਾਗੀ ਸੱਚਖੰਡ ਸ੍ਰੀ ਦਰਬਾਰ ਸਾਹਿਬ ਅੰਮ੍ਰਿਤਸਰ, ਭਾਈ ਪਲਵਿੰਦਰ ਸਿੰਘ ਹਜ਼ੂਰੀ ਰਾਗੀ ਸੱਚਖੰਡ ਸ੍ਰੀ ਦਰਬਾਰ ਸਾਹਿਬ ਅੰਮ੍ਰਿਤਸਰ ਦੇ ਕੀਰਤਨੀ ਜੱਥਿਆਂ ਨੇ ਹਾਜ਼ਰੀਆਂ ਭਰਕੇ ਸੰਗਤਾਂ ਨੂੰ ਗੁਰਬਾਣੀ ਕੀਰਤਨ ਰਾਹੀਂ ਨਿਹਾਲ ਕੀਤਾ। ਪ੍ਰਸਿੱਧ ਕਥਾ ਵਾਚਕ ਗਿਆਨੀ ਬਚਿੱਤਰ ਸਿੰਘ ਨੇ ਗੁਰਬਾਣੀ ਦੀ ਕਥਾ ਤੇ ਗੁਰੂ ਸਾਹਿਬ ਦੇ ਜੀਵਨ ਇਤਿਹਾਸ, ਮਨੁੱਖੀ ਸੇਵਾ ਕਾਰਜਾਂ ਤੇ ਸਿੱਖਿਆਵਾਂ ਉਪਰ ਖੋਜ ਭਰਪੂਰ ਚਾਨਣਾ ਪਾ ਕੇ ਸੰਗਤਾਂ ਨੂੰ ਸੇਵਾ ਸੰਕਲਪ ਦੇ ਨਾਲ ਜੁੜਨ ਦੀ ਪ੍ਰੇਰਣਾ ਦਿੱਤੀ। ਸੰਗਤਾਂ ਨੂੰ ਸ੍ਰੀ ਗੁਰੂ ਹਰਿਕ੍ਰਿਸ਼ਨ ਸਾਹਿਬ ਜੀ ਦੇ ਪ੍ਰਕਾਸ਼ ਪੁਰਬ ਦੀਆਂ ਵਧਾਈਆਂ ਦਿੰਦਿਆਂ ਪ੍ਰਧਾਨ ਇੰਦਰਜੀਤ ਸਿੰਘ ਮਕੱੜ ਨੇ ਕਿਹਾ ਕਿ ਸੇਵਾ ਤੇ ਸਿਮਰਨ ਦੇ ਪੁੰਜ ਅੱਠਵੇਂ ਪਾਤਿਸ਼ਾਹ ਬਾਲਾ ਪ੍ਰੀਤਮ ਸ੍ਰੀ ਗੁਰੂ ਹਰਿਕ੍ਰਿਸ਼ਨ ਸਾਹਿਬ ਜੀ ਨੇ ਜਿੱਥੇ ਸਮੁੱਚੀ ਲੋਕਾਈ ਨੂੰ ਸਾਂਝੀਵਾਲਤਾ ਦਾ ਸੰਦੇਸ਼ ਦੇ ਕੇ ਮਨੁੱਖੀ ਜੀਵਨ ਜਾਂਚ ਨੂੰ ਇੱਕ ਨਵੀਂ ਸੇਧ ਪ੍ਰਦਾਨ ਕੀਤੀ। ਸ. ਮਕੱੜ ਨੇ ਆਪਣੇ ਸੰਬੋਧਨ ਵਿੱਚ ਕਿਹਾ ਕਿ ਮੌਜੂਦਾ ਸਮੇਂ ਅੰਦਰ ਗੁਰੂ ਸਾਹਿਬ ਜੀ ਵੱਲੋਂ ਬਖ਼ਸ਼ੇ ਸੇਵਾ ਤੇ ਸਿਮਰਨ ਦੇ ਸੰਕਲਪ ਨੂੰ ਪ੍ਰਚਾਰਨ ਦੀ ਜ਼ਰੂਰਤ ਹੈ ਤਾਂ ਹੀ ਹਰ ਬੱਚਾ ਤੇ ਨੌਜਵਾਨ ਆਪਣੇ ਅੰਦਰ ਗੁਰਸਿੱਖੀ ਵਾਲਾ ਜਜ਼ਬਾ ਪੈਦਾ ਕਰਕੇ ਗੁਰੂ ਵਾਲਾ ਬਣ ਸਕਦਾ ਹੈ। ਉਨ੍ਹਾਂ ਆਪਣੇ ਸਾਥੀ ਮੈਂਬਰਾਂ ਨਾਲ ਕੀਰਤਨੀ ਜੱਥਿਆਂ ਦੇ ਮੈਂਬਰਾਂ ਨੂੰ ਸਿਰਪਾਉ ਭੇਟ ਕਰਕੇ ਸਨਮਾਨਿਤ ਵੀ ਕੀਤਾ। ਇਸ ਮੌਕੇ ਮਹਿੰਦਰ ਸਿੰਘ ਡੰਗ, ਅੱਤਰ ਸਿੰਘ ਮੱਕੜ, ਰਜਿੰਦਰ ਸਿੰਘ ਡੰਗ, ਬਲਬੀਰ ਸਿੰਘ ਭਾਟੀਆ, ਹਰਪਾਲ ਸਿੰਘ ਖਾਲਸਾ, ਹਰਵਿੰਦਰ ਸਿੰਘ ਕੋਹਲੀ, ਹਰਮੀਤ ਸਿੰਘ ਡੰਗ, ਭੁਪਿੰਦਰ ਸਿੰਘ ਜੁਨੇਜਾ, ਨਰਿੰਦਰਪਾਲ ਸਿੰਘ ਕਥੂਰੀਆ, ਸੁਰਿੰਦਰਪਾਲ ਸਿੰਘ ਭੁਟਿਆਣੀ, ਗੁਰਦੀਪ ਸਿੰਘ ਡੀਮਾਰਟੇ, ਜਗਜੀਤ ਸਿੰਘ, ਅਵਤਾਰ ਸਿੰਘ ਬੀਕੇ, ਪਰਮਜੀਤ ਸਿੰਘ ਸੇਠੀ, ਜੋਗਿੰਦਰ ਸਿੰਘ ਸਲੂਜਾ, ਮਨਮੋਹਨ ਸਿੰਘ ਵੀ ਹਾਜ਼ਰ ਸਨ।

# ਡੀਸੀ ਨੇ ਰਾਸ਼ਟਰੀ ਡੀਵਰਮਿੰਗ ਦਿਵਸ ਮੁਹਿੰਮ ਦਾ ਪੋਸਟਰ ਕੀਤਾ ਜਾਰੀ, 100 ਫੀਸਦੀ ਕਵਰੇਜ ’ਤੇ ਦਿੱਤਾ ਜ਼ੋਰ

## ਡੀ.ਸੀ ਨੇ ਮੀਟਿੰਗ ਕਰਕੇ ਰਾਸ਼ਟਰੀ ਡੀਵਰਮਿੰਗ ਦਿਵਸ ਦੀਆਂ ਤਿਆਰੀਆਂ ਦਾ ਲਿਆ ਜਾਇਜ਼ਾ, ਸਾਰੇ ਵਿਭਾਗਾਂ ਨੂੰ ਮਿਲ ਕੇ ਕੰਮ ਕਰਨ ਦੇ ਨਿਰਦੇਸ਼

ਜ਼ਿਕਰ ਪੰਜਾਬ

**ਲੁਧਿਆਣਾ/ਤਮੰਨਾ ਬੇਦੀ**

ਆਉਣ ਵਾਲੇ ਰਾਸ਼ਟਰੀ ਡੀਵਰਮਿੰਗ ਦਿਵਸ (ਐਨ.ਡੀ.ਡੀ.) ਨੂੰ ਸਫਲਤਾਪੂਰਵਕ ਮਨਾਉਣ ਅਤੇ ਜ਼ਿਲ੍ਹੇ ਦੇ ਹਰ ਯੋਗ ਬੱਚੇ ਤੱਕ ਇਸ ਮੁਹਿੰਮ ਦਾ ਲਾਭ ਪਹੁੰਚਾਉਣ ਦੇ ਉਦੇਸ਼ ਨਾਲ ਡਿਪਟੀ ਕਮਿਸ਼ਨਰ ਸ੍ਰੀ ਹਿਮਾਂਸ਼ੂ ਜੈਨ ਨੇ ਅੱਜ ਬੱਚਤ ਭਵਨ ਵਿਖੇ ਇੱਕ ਸਮੀਖਿਆ ਮੀਟਿੰਗ ਦੀ ਪ੍ਰਧਾਨਗੀ ਕੀਤੀ। ਇਸ ਦੌਰਾਨ ਉਨ੍ਹਾਂ ਨੇ ਰਾਸ਼ਟਰੀ ਡੀਵਰਮਿੰਗ ਦਿਵਸ ਸਬੰਧੀ ਪੋਸਟਰਾਂ ਅਤੇ ਆਈ.ਈ.ਸੀ. (ਜਾਣਕਾਰੀ, ਸਿੱਖਿਆ ਅਤੇ ਸੰਚਾਰ) ਸਮੱਗਰੀ ਨੂੰ ਅਧਿਕਾਰਤ ਤੌਰ ’ਤੇ ਜਾਰੀ ਕੀਤਾ। ਮੀਟਿੰਗ ਵਿੱਚ ਜ਼ਿਲ੍ਹਾ ਟੀਕਾਕਰਨ ਅਫ਼ਸਰ ਡਾ. ਹਰਪ੍ਰੀਤ ਸਿੰਘ, ਰਾਸ਼ਟਰੀ ਬਾਲ ਸਿਹਤ ਕਾਰਜਕਰਮ (ਆਰ.ਬੀ.ਐਸ.ਕੇ.) ਦੀਆਂ ਟੀਮਾਂ ਅਤੇ ਸਿਹਤ ਵਿਭਾਗ ਦੇ ਅਧਿਕਾਰੀ ਹਾਜ਼ਰ ਸਨ। ਮੀਟਿੰਗ ਨੂੰ ਸੰਬੋਧਨ ਕਰਦਿਆਂ ਡਿਪਟੀ ਕਮਿਸ਼ਨਰ ਸ੍ਰੀ ਹਿਮਾਂਸ਼ੂ ਜੈਨ ਨੇ ਕਿਹਾ ਕਿ ਰਾਸ਼ਟਰੀ ਡੀਵਰਮਿੰਗ ਦਿਵਸ



ਬੱਚਿਆਂ ਨੂੰ ਅੰਤੜੀਆਂ ਦੇ ਕੀੜਿਆਂ ਤੋਂ ਸੁਰੱਖਿਅਤ ਰੱਖਣ ਅਤੇ ਉਨ੍ਹਾਂ ਦੀ ਸਿਹਤ, ਪੋਸ਼ਣ ਅਤੇ ਮਾਨਸਿਕ ਵਿਕਾਸ ਨੂੰ ਯਕੀਨੀ ਬਣਾਉਣ ਲਈ ਬਹੁਤ ਮਹੱਤਵਪੂਰਨ ਮੁਹਿੰਮ ਹੈ। ਉਨ੍ਹਾਂ ਨੇ ਸਿਹਤ ਵਿਭਾਗ ਵੱਲੋਂ ਕੀਤੀਆਂ ਤਿਆਰੀਆਂ ਦੀ ਸ਼ਲਾਘਾ ਕਰਦਿਆਂ ਸਿੱਖਿਆ, ਮਹਿਲਾ ਅਤੇ ਬਾਲ ਵਿਕਾਸ ਅਤੇ ਹੋਰ ਸਬੰਧਤ ਵਿਭਾਗਾਂ ਨੂੰ ਆਪਸੀ ਤਾਲਮੇਲ ਨਾਲ ਕੰਮ ਕਰਨ ਅਤੇ 1 ਤੋਂ 19 ਸਾਲ ਤੱਕ ਦੇ ਹਰ ਯੋਗ ਬੱਚੇ ਦੀ 100 ਫੀਸਦੀ ਕਵਰੇਜ ਯਕੀਨੀ ਬਣਾਉਣ ਦੇ ਨਿਰਦੇਸ਼ ਦਿੱਤੇ।ਮੀਟਿੰਗ ਦੌਰਾਨ ਇਹ ਵੀ ਫ਼ੈਸਲਾ ਕੀਤਾ ਗਿਆ ਕਿ ਮਿਸ਼ਨ ਸਵਸਥ ਕਵਚ ਤਹਿਤ ਸਕੂਲੀ ਬੱਚਿਆਂ ਨੂੰ ਸੀ.ਪੀ.ਆਰ. (ਕਾਰਡੀਓਪਲਮੋਨਰੀ ਰੀਸਸੀਟੇਸ਼ਨ) ਅਤੇ ਬਲੱਡ ਪ੍ਰੈਸ਼ਰ (ਬੀ.ਪੀ.) ਨਿਗਰਾਨੀ ਦੀ ਵਿਹਾਰਕ ਸਿਖਲਾਈ ਦਿੱਤੀ ਜਾਵੇਗੀ।

ਸਕੂਲ ਅਧਿਆਪਕਾਂ ਦੇ ਸਹਿਯੋਗ ਨਾਲ ਆਰ.ਬੀ.ਐਸ.ਕੇ. ਟੀਮਾਂ ਵਿਦਿਆਰਥੀਆਂ ਨੂੰ ਮੁੱਢਲੀਆਂ ਜੀਵਨ ਰੱਖਿਆ ਤਕਨੀਕਾਂ ਅਤੇ ਸਿਹਤ ਨਿਗਰਾਨੀ ਬਾਰੇ ਜਾਣਕਾਰੀ ਦੇਣਗੀਆਂ, ਜਿਸ ਨਾਲ ਉਹ ਛੋਟੀ ਉਮਰ ਤੋਂ ਹੀ ਸਿਹਤ ਪ੍ਰਤੀ ਜਾਗਰੂਕ ਹੋਣ ਦੇ ਨਾਲ-ਨਾਲ ਐਮਰਜੈਂਸੀ ਸਥਿਤੀਆਂ ਵਿੱਚ ਸਹੀ ਪ੍ਰਤੀਕਿਰਿਆ ਦੇਣ ਦੇ ਯੋਗ ਬਣ ਸਕਣਗੇ। ਇਸ ਮੌਕੇ ਡਿਪਟੀ ਕਮਿਸ਼ਨਰ ਨੇ ਰਾਸ਼ਟਰੀ ਡੀਵਰਮਿੰਗ ਦਿਵਸ ਲਈ ਤਿਆਰ ਕੀਤੀ ਆਈ.ਈ.ਸੀ. ਸਮੱਗਰੀ ਦਾ ਵੀ ਉਦਘਾਟਨ ਕੀਤਾ। ਪੋਸਟਰਾਂ, ਪੈਂਫਲੈਟਾਂ, ਬੈਨਰਾਂ ਅਤੇ ਸੋਸ਼ਲ ਮੀਡੀਆ ਸਮੱਗਰੀ ਰਾਹੀਂ ਐਲਬੈਂਡਾਜ਼ੋਲ ਗੋਲੀਆਂ ਦੇ ਲਾਭ, 10 ਅਗਸਤ ਨੂੰ ਰਾਸ਼ਟਰੀ ਡੀਵਰਮਿੰਗ ਦਿਵਸ ਅਤੇ 17 ਅਗਸਤ ਨੂੰ ਮੋਪ-ਅੱਪ ਦਿਵਸ ਸਬੰਧੀ ਜਾਣਕਾਰੀ ਲੋਕਾਂ ਤੱਕ ਪਹੁੰਚਾਈ ਜਾਵੇਗੀ। ਇਹ ਸਮੱਗਰੀ ਜ਼ਿਲ੍ਹੇ ਦੇ ਸਕੂਲਾਂ, ਆਂਗਣਵਾੜੀ ਕੇਂਦਰਾਂ, ਪ੍ਰਾਇਮਰੀ ਸਿਹਤ ਕੇਂਦਰਾਂ, ਕਮਿਊਨਿਟੀ ਸਿਹਤ ਕੇਂਦਰਾਂ ਅਤੇ ਹੋਰ ਜਨਤਕ ਥਾਵਾਂ ’ਤੇ ਪ੍ਰਦਰਸ਼ਿਤ ਕੀਤੀ ਜਾਵੇਗੀ ਤਾਂ ਜੋ ਵੱਧ ਤੋਂ ਵੱਧ ਜਾਗਰੂਕਤਾ ਫੈਲਾਈ ਜਾ ਸਕੇ। ਜ਼ਿਲ੍ਹਾ ਟੀਕਾਕਰਨ ਅਫ਼ਸਰ ਡਾ. ਹਰਪ੍ਰੀਤ ਸਿੰਘ ਨੇ ਸਾਰੀਆਂ ਆਰ.ਬੀ.ਐਸ.ਕੇ. ਟੀਮਾਂ ਅਤੇ ਸਿਹਤ ਕਰਮਚਾਰੀਆਂ ਨੂੰ ਹਦਾਇਤ ਕੀਤੀ ਕਿ ਉਹ ਸਕੂਲਾਂ ਵਿੱਚ ਸੀ.ਪੀ.ਆਰ. ਅਤੇ ਬੀ.ਪੀ. ਨਿਗਰਾਨੀ ਸਬੰਧੀ ਪਹਿਲਕਦਮੀ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਲਾਗੂ ਕਰਨ ਅਤੇ ਆਈ.ਈ.ਸੀ. ਸਮੱਗਰੀ ਦੀ ਵੱਧ ਤੋਂ ਵੱਧ ਵਰਤੋਂ ਕਰਕੇ ਭਾਈਚਾਰੇ ਵਿੱਚ ਜਾਗਰੂਕਤਾ ਪੈਦਾ ਕਰਨ। ਉਨ੍ਹਾਂ ਨੇ ਫ਼ੀਲਡ ਸਟਾਫ਼ ਨੂੰ ਅਪੀਲ ਕੀਤੀ ਕਿ ਕੋਈ ਵੀ ਯੋਗ ਬੱਚਾ ਰਾਸ਼ਟਰੀ ਡੀਵਰਮਿੰਗ ਦਿਵਸ ਮੁਹਿੰਮ ਤੋਂ ਵਾਂਝਾ ਨਾ ਰਹੇ। ਮੀਟਿੰਗ ਦੇ ਅੰਤ ਵਿੱਚ ਸਾਰੇ ਵਿਭਾਗਾਂ ਨੇ ਰਾਸ਼ਟਰੀ ਡੀਵਰਮਿੰਗ ਦਿਵਸ ਅਤੇ ਜ਼ਿਲ੍ਹੇ ਵਿੱਚ ਚੱਲ ਰਹੀਆਂ ਹੋਰ ਬਾਲ ਸਿਹਤ ਪਹਿਲਕਦਮੀਆਂ ਨੂੰ ਸਫ਼ਲ ਬਣਾਉਣ ਲਈ ਆਪਸੀ ਸਹਿਯੋਗ ਅਤੇ ਸਮਰਪਣ ਨਾਲ ਕੰਮ ਕਰਨ ਦਾ ਭਰੋਸਾ ਦਿੱਤਾ।

# 40 ਕਿੱਲੋਂ ਭੁੱਕੀ ਸਮੇਤ ਦੋ ਨੌਜਵਾਨ ਕਾਬੂ

ਜ਼ਿਕਰ ਪੰਜਾਬ



**ਬਠਿੰਡਾ** : ਥਾਣਾ ਸੰਗਤ ਦੀ ਪੁਲਸ ਨੇ ਨਸ਼ਿਆਂ ਖ਼?ਲਾਫ਼ ਚਲਾਈ ਜਾ ਰਹੀ ਮੁਹਿੰਮ ਤਹਿਤ ਇੱਕ ਹੋਰ ਵੱਡੀ ਕਾਰਵਾਈ ਕਰਦਿਆਂ ਬਠਿੰਡਾ-ਡੱਬਵਾਲੀ ਰਾਸ਼ਟਰੀ ਮਾਰਗ ’ਤੇ ਪੈਂਦੇ ਪਿੰਡ ਡੂੰਮਵਾਲੀ ਵਿਖੇ ਦੋ ਨੌਜਵਾਨਾਂ ਨੂੰ 40 ਕਿਲੋਗ੍ਰਾਮ ਡੋਡੇ ਭੁੱਕੀ ਚੂਰਾ ਪੋਸਤ ਸਮੇਤ ਕਾਬੂ ਕੀਤਾ ਹੈ। ਪੁਲਸ ਵੱਲੋਂ ਕਾਬੂ ਕੀਤੇ ਗਏ ਦੋਵੇਂ ਨੌਜਵਾਨ ਹਰਿਆਣਾ ਦੇ ਜ਼ਿਲ੍ਹਾ ਸਿਰਸਾ ਨਾਲ ਸਬੰਧਤ ਹਨ। ਪੁਲਸ ਨੇ ਮੁਲਜ਼ਮਾਂ ਦੇ ਕਬਜ਼ੇ ਵਿੱਚੋਂ ਨਸ਼ੀਲੇ ਪਦਾਰਥ ਤੋਂ ਇਲਾਵਾ ਦੋ ਕੇਟੀਐਮ ਮੋਟਰਸਾਈਕਲ ਵੀ ਕਬਜ਼ੇ ਵਿੱਚ ਲਏ ਹਨ। ਦੋਵੇਂ ਮੋਟਰਸਾਈਕਲਾਂ ਦੀ ਮਾਲਕੀ ਸਬੰਧੀ ਮੌਕੇ ’ਤੇ ਕੋਈ ਦਸਤਾਵੇਜ਼ ਪੇਸ਼ ਨਾ ਕੀਤੇ ਜਾਣ ਕਾਰਨ ਪੁਲਸ ਵੱਲੋਂ ਇਸ ਪੱਖੋਂ ਵੀ ਜਾਂਚ ਕੀਤੀ ਜਾ ਰਹੀ ਹੈ।ਪੁਲਸ ਚੌਂਕੀ ਪਥਰਾਲਾ ਦੇ ਇੰਚਾਰਜ ਸਹਾਇਕ ਥਾਣੇਦਾਰ ਧਰਮਵੀਰ ਸਿੰਘ ਦੀ ਅਗਵਾਈ ਹੇਠ ਪੁਲਸ ਪਾਰਟੀ ਇਲਾਕੇ ਦੇ ਪਿੰਡਾਂ ’ਚ ਗਸ਼ਤ ਅਤੇ ਸ਼ੱਕੀ ਵਿਅਕਤੀਆਂ ਦੀ ਚੈਕਿੰਗ ਲਈ ਨਿਕਲੀ ਹੋਈ ਸੀ। ਪੁਲਸ ਪਾਰਟੀ ਜਦ ਉਕਤ ਪਿੰਡ ਨਜਦੀਕ ਪਹੁੰਚੀ ਤਾਂ ਹਰਿਆਣਾ ਦੇ ਪਿੰਡ ਜੋਗੇਵਾਲਾ ਵਾਲੇ ਪਾਸੇ ਤੋਂ ਦੋ ਨੌਜਵਾਨ ਦੋ ਵੱਖ-ਵੱਖ ਮੋਟਰਸਾਈਕਲਾਂ ’ਤੇ ਆਉਂਦੇ ਦਿਖਾਈ ਦਿੱਤੇ। ਪੁਲਸ ਦੇ ਅਨੁਸਾਰ ਦੋਵੇਂ ਮੋਟਰਸਾਈਕਲਾਂ ਦੇ ਪਿੱਛੇ ਇੱਕ-ਇੱਕ ਕਾਲੇ ਰੰਗ ਦਾ ਪਲਾਸਟਿਕ ਦਾ ਗੱਟਾ ਬੰਨ੍ਹਿਆ ਹੋਇਆ ਸੀ। ਪੁਲਸ ਪਾਰਟੀ ਨੂੰ ਦੇਖਦਿਆਂ ਹੀ ਦੋਵੇਂ ਮੋਟਰਸਾਈਕਲ ਸਵਾਰ ਅਚਾਨਕ ਆਪਣੇ-ਆਪਣੇ ਮੋਟਰਸਾਈਕਲ ਵਾਪਸ ਮੋੜਨ ਦੀ ਕੋਸ਼ਿਸ਼ ਕਰਨ ਲੱਗੇ। ਇਸ ਦੌਰਾਨ ਦੋਵੇਂ ਮੋਟਰਸਾਈਕਲ ਸਲਿੱਪ ਹੋ ਗਏ ਅਤੇ ਨੌਜਵਾਨ ਸੜਕ ’ਤੇ ਡਿੱਗ ਪਏ। ਉਨ੍ਹਾਂ ਦੇ ਮੋਟਰਸਾਈਕਲਾਂ ਦੇ ਪਿੱਛੇ ਬੰਨ੍ਹੇ ਗੱਟੇ ਵੀ ਧਰਤੀ ’ਤੇ ਡਿੱਗ ਗਏ। ਪੁਲਸ ਪਾਰਟੀ ਨੇ ਤੁਰੰਤ ਦੋਵਾਂ ਨੌਜਵਾਨਾਂ ਨੂੰ ਕਾਬੂ ਕਰ ਲਿਆ। ਦੋਸ਼ੀ ਨੌਜਵਾਨਾਂ ਦੀ ਪਛਾਣ ਪਰਦੀਪ ਕੁਮਾਰ ਪੁੱਤਰ ਸਤਪਾਲ ਨਾਥ ਅਤੇ ਅਮਨਦੀਪ ਉਰਫ਼ ਲਵਲੀ ਪੁੱਤਰ ਮਦਨ ਨਾਥ ਵਾਸੀਆਨ ਰੱਤਾਖੇੜਾ, ਜ਼ਿਲ੍ਹਾ ਸਿਰਸਾ, ਹਰਿਆਣਾ ਵਜੋਂ ਹੋਈ ਹੈ। ਪੁਲਸ ਅਨੁਸਾਰ ਦੋਵਾਂ ਮੋਟਰਸਾਈਕਲਾਂ ਤੋਂ ਡਿੱਗੇ ਕਾਲੇ ਰੰਗ ਦੇ ਪਲਾਸਟਿਕ ਦੇ ਗੱਟਿਆਂ ਦਾ ਮੂੰਹ ਖੁੱਲ੍ਹ ਗਿਆ ਸੀ। ਇਨ੍ਹਾਂ ਵਿੱਚੋ ਪੋਸਤ ਸਾਫ਼ ਦਿਖਾਈ ਦੇ ਰਿਹਾ ਸੀ।ਦੋਵੇਂ ਗਿੱਟਿਆਂ ਵਿੱਚੋਂ 40 ਕਿਲੋ ਡੋਡਾ ਪੋਸਤ ਬਰਾਮਦ ਹੋਇਆ।ਦੋਵੇਂ ਦੋਸ਼ੀਆਂ ਕੋਲੋਂ ਲੱਖਾਂ ਦੀ ਕੀਮਤ ਦੇ ਕੇਟੀਐਮ ਮੋਟਰਸਾਈਕਲ ਬਰਾਮਦ ਹੋਏ। ਪੁਲਸ ਅਨੁਸਾਰ ਮੁਲਜਮ ਮੌਕੇ ’ਤੇ ਦੋਵਾਂ ਮੋਟਰਸਾਈਕਲਾਂ ਦੀ ਮਾਲਕੀ ਸਬੰਧੀ ਕੋਈ ਦਸਤਾਵੇਜ਼ ਪੇਸ਼ ਨਹੀਂ ਕਰ ਸਕੇ।ਦੋਵੇਂ ਨੌਜਵਾਨ ਮਾਤਾ ਵੈਸ਼ਨੋ ਦੇਵੀ ਦੇ ਮੰਦਰ ਜਾਣ ਦੇ ਬਹਾਨੇ ਪੋਸਤ ਦੀ ਤਸਕਰੀ ਕਰਦੇ ਸਨ। ਵੈਸ਼ਨੋ ਦੇਵੀ ਜਾਣ ਦੇ ਸਮੇਂ ਇਹਨਾਂ ਨੂੰ ਕੋਈ ਚੈੱਕ ਨਹੀਂ ਕਰਦਾ ਸੀ, ਜਿਸ ਕਾਰਨ ਇਹ ਸਮਾਨ ਵਿੱਚ ਲੁਕੋਕੇ ਰਾਜਸਥਾਨ ਦੇ ਬਾਰਡਰ ਤੋਂ ਪੋਸਤ ਲਿਆਉਂਦੇ ਸਨ ਅਤੇ ਅੱਗੇ ਇਹ ਪੰਜਾਬ ਵਿੱਚ ਵੇਚ ਦਿੰਦੇ ਸਨ ਜਾਂਦੇ ਸਨ, ਇੱਕ ਗੇੜੇ ਦਾ 40-40 ਹਜਾਰ ਰੁਪਏ ਲੈਂਦੇ ਸਨ।ਪ੍ਰਥਾਵਾਂ ਚੋਕੀ ਦੀ ਪੁਲਿਸ ਦੀ ਇਸ ਕਾਰਵਾਈ ਨੂੰ ਇਲਾਕੇ ਵਿੱਚ ਨਸ਼ਿਆਂ ਦੀ ਤਸਕਰੀ ਖਿਲਾਫ਼ ਕੀਤੀ ਗਈ ਅਹਿਮ ਕਾਰਵਾਈ ਮੰਨਿਆ ਜਾ ਰਿਹਾ ਹੈ। ਪੁਲਸ ਵੱਲੋਂ ਨਸ਼ਿਆਂ ਦੀ ਸਪਲਾਈ ਚੇਨ ਨਾਲ ਜੁੜੇ ਹੋਰ ਵਿਅਕਤੀਆਂ ਬਾਰੇ ਵੀ ਜਾਣਕਾਰੀ ਇਕੱਠੀ ਕੀਤੀ ਜਾ ਰਹੀ ਹੈ।

# 5 ਕਰੋੜ ਦੀ ਲਾਗਤ ਵਾਲੇ ਇੰਟਰਲਾਕ ਤੇ ਸੈਂਟਰ ਵਰਜ ਦੇ ਵਿਕਾਸ ਕਾਰਜਾਂ ਦੀ ਸ਼ੁਰੂਆਤ

## ਕਿਹਾ, ਪੰਜਾਬ ਸਰਕਾਰ ਸੂਬੇ ਨੂੰ ਵਿਕਸਿਤ, ਖੁਸ਼ਹਾਲ ਤੇ ਬਿਹਤਰ ਸਹੂਲਤਾਂ ਵਾਲਾ ਸੂਬਾ ਬਣਾਉਣ ਲਈ ਲਗਾਤਾਰ ਯਤਨਸ਼ੀਲ

ਜ਼ਿਕਰ ਪੰਜਾਬ

**ਜਲੰਧਰ/ਬਲਵਿੰਦਰ ਕੁਮਾਰ**

ਪੰਜਾਬ ਦੇ ਬਾਗਬਾਨੀ, ਸੁਤੰਤਰਤਾ ਸੈਨਾਨੀ ਅਤੇ ਰੱਖਿਆ ਸੇਵਾਵਾਂ ਭਲਾਈ ਮੰਤਰੀ ਮੋਹਿੰਦਰ ਭਗਤ ਵੱਲੋਂ ਅੱਜ ਮੇਨ ਕਪੂਰਥਲਾ ਰੋਡ ’ਤੇ ਬਸਤੀ ਬਾਵਾ ਖੇਲ ਤੋਂ ਲੈ ਕੇ ਜਲੰਧਰ ਕੁੰਜ ਤੱਕ ਕਰੀਬ 5 ਕਰੋੜ ਦੀ ਲਾਗਤ ਨਾਲ ਹੋਣ ਵਾਲੇ ਇੰਟਰਲਾਕ ਅਤੇ ਸੈਂਟਰ ਵਰਜ ਦੇ ਵਿਕਾਸ ਕਾਰਜਾਂ ਦੀ ਸ਼ੁਰੂਆਤ ਕਰਵਾਈ ਗਈ।

ਇਸ ਮੌਕੇ ਕੈਬਨਿਟ ਮੰਤਰੀ ਨੇ ਆਪਣੇ ਸੰਬੋਧਨ ਦੌਰਾਨ ਕਿਹਾ ਕਿ ਮੁੱਖ ਮੰਤਰੀ ਸ੍ਰ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਸੂਬੇ ਦੇ ਪਿੰਡਾਂ ਅਤੇ ਸ਼ਹਿਰਾਂ ਦੇ ਵਿਕਾਸ ਲਈ ਦਿਨ-ਰਾਤ ਇਕ ਕਰਕੇ ਕੰਮ ਕਰ ਰਹੀ ਹੈ। ਉਨ੍ਹਾਂ ਕਿਹਾ ਕਿ ਸੂਬਾ ਸਰਕਾਰ ਵੱਲੋਂ ਲੋਕਾਂ ਨੂੰ ਬਿਹਤਰ ਨਾਗਰਿਕ ਸੇਵਾਵਾਂ ਮੁਹੱਈਆ ਕਰਵਾਉਣ ਦੇ ਨਾਲ-ਨਾਲ




ਸੜਕਾਂ, ਸੀਵਰੇਜ, ਸਟ੍ਰੀਟ ਲਾਈਟਾਂ ਅਤੇ ਹੋਰ ਬੁਨਿਆਦੀ ਸਹੂਲਤਾਂ ਨੂੰ ਮਜ਼ਬੂਤ ਕੀਤਾ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਮੇਨ ਕਪੂਰਥਲਾ ਰੋਡ ਦੇ ਇਸ ਹਿੱਸੇ ਵਿੱਚ ਇੰਟਰਲਾਕ ਅਤੇ ਸੈਂਟਰ ਵਰਜ ਦਾ ਕੰਮ ਹੋਣ ਨਾਲ ਇਲਾਕੇ ਦੇ ਦਿੱਖ ਹੋਰ ਬਿਹਤਰ ਹੋਵੇਗੀ ਅਤੇ ਆਵਾਜਾਈ ਨੂੰ ਵੀ ਸੁਚਾਰੂ ਬਣਾਉਣ ਵਿੱਚ ਮਦਦ ਮਿਲੇਗੀ। ਉਨ੍ਹਾਂ ਅਧਿਕਾਰੀਆਂ ਨੂੰ ਕੰਮ ਦੀ ਗੁਣਵੱਤਾ ਨੂੰ ਕਾਇਮ ਰੱਖਦਿਆਂ ਵਿਕਾਸ ਕਾਰਜਾਂ ਨੂੰ ਨਿਰਧਾਰਿਤ ਸਮੇਂ ਦੇ ਅੰਦਰ ਨੇਪਰੇ ਚਾੜ੍ਹਨ ਦੀ ਹਦਾਇਤ ਕੀਤੀ। ਭਗਤ ਨੇ ਕਿਹਾ ਕਿ ਵਿਕਾਸ ਕਾਰਜਾਂ ਲਈ ਫੰਡਜ਼ ਦੀ ਕੋਈ ਕਮੀ ਨਹੀਂ ਹੈ ਅਤੇ ਆਉਣ ਵਾਲੇ ਸਮੇਂ ਵਿੱਚ ਵੀ ਵਿਕਾਸ ਕੰਮ ਇਸੇ ਤਰ੍ਹਾਂ ਜਾਰੀ ਰਹਿਣਗੇ।

ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਲੋਕਾਂ ਨਾਲ ਕੀਤੇ ਵਾਅਦਿਆਂ ਨੂੰ ਪੜਾਅਵਾਰ ਪੂਰਾ ਕਰਦਿਆਂ ਸੂਬੇ ਨੂੰ ਵਿਕਸਿਤ, ਖੁਸ਼ਹਾਲ ਅਤੇ ਬਿਹਤਰ ਸਹੂਲਤਾਂ ਵਾਲਾ ਸੂਬਾ ਬਣਾਉਣ ਲਈ ਪੂਰੀ ਤਨਦੇਹੀ ਨਾਲ ਲਗਾਤਾਰ ਕੰਮ ਕਰ ਰਹੀ ਹੈ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਜਿਥੇ ਆਮ ਆਦਮੀ ਕਲੀਨਿਕਾਂ ਰਾਹੀਂ ਲੋਕਾਂ ਨੂੰ ਮਿਆਰੀ ਸਿਹਤ ਸੇਵਾਵਾਂ ਪ੍ਰਦਾਨ ਕੀਤੀਆਂ ਜਾ ਰਹੀਆਂ ਹਨ ਉਥੇ ਸਿੱਖਿਆ ਕ੍ਰਾਂਤੀ ਤਹਿਤ ਸਰਕਾਰੀ ਸਕੂਲਾਂ ਦੀ ਨੁਹਾਰ ਬਦਲੀ ਗਈ ਹੈ।

ਉਨ੍ਹਾਂ ਕਿਹਾ ਕਿ ਰਾਜ ਸਰਕਾਰ ਵੱਲੋਂ ਮੁੱਖ ਮੰਤਰੀ ਸਿਹਤ ਯੋਜਨਾ ਤਹਿਤ 10 ਲੱਖ ਰੁਪਏ ਤੱਕ ਦੇ ਨਕਦੀ ਰਹਿਤ ਇਲਾਜ ਦੀ ਸਹੂਲਤ ਮੁਹੱਈਆ ਕਰਵਾਈ ਜਾ ਰਹੀ ਹੈ। ਇਸ ਤੋਂ ਇਲ਼ਾਵਾ ਮਹਿਲਾਵਾਂ ਨੂੰ ਆਰਥਿਕ ਤੌਰ ’ਤੇ ਸਸ਼ਕਤ ਬਣਾਉਣ ਲਈ ਮਾਵਾਂ-ਧੀਆਂ ਸਤਿਕਾਰ ਯੋਜਨਾ ਸ਼ੁਰੂ ਕੀਤੀ ਗਈ ਹੈ। ਉਨ੍ਹਾਂ ਕਿਹਾ ਕਿ ਇਹ ਮੁੱਖ ਮੰਤਰੀ ਸ੍ਰ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸਰਕਾਰ ਹੀ ਹੈ, ਜਿਸ ਨੇ ਸੂਬੇ ਦੇ ਸਰਵਪੱਖੀ ਵਿਕਾਸ ਅਤੇ ਲੋਕਾਂ ਦੀ ਭਲਾਈ ਲਈ ਹਮੇਸ਼ਾ ਕ੍ਰਾਂਤੀਕਾਰੀ ਫੈਸਲੇ ਲਏ ਹਨ। ਇਸ ਮੌਕੇ ਵੱਡੀ ਗਿਣਤੀ ਇਲਾਕਾ ਵਾਸੀ ਵੀ ਮੌਜੂਦ ਸਨ।

# ਤਖਤ ਸ੍ਰੀ ਦਮਦਮਾ ਸਾਹਿਬ ਨਤਮਸਤਕ ਹੋਏ ਪ੍ਰਸਿੱਧ ਅਦਾਕਾਰਾ ਪ੍ਰੀਤੀ ਸਪਰੂ, ਪੰਜਾਬ ਨੂੰ ਨਸ਼ਿਆਂ ਤੋਂ ਬਚਾਉਣ ਲਈ ਕੀਤੀ ਅਰਦਾਸ

ਜ਼ਿਕਰ ਪੰਜਾਬ

**ਤਲਵੰਡੀ ਸਾਬੋ** : ਪੰਜਾਬੀ ਫਿਲਮਾਂ ਦੀ ਪ੍ਰਸਿੱਧ ਅਦਾਕਾਰਾ ਪ੍ਰੀਤੀ ਸਪਰੂ ਅੱਜ ਸਿੱਖ ਕੌਮ ਦੇ ਚੌਥੇ ਤਖਤ,ਤਖਤ ਸ੍ਰੀ ਦਮਦਮਾ ਸਾਹਿਬ ਨਤਮਸਤਕ ਹੋਣ ਪੁੱਜੇ।ਜਿੱਥੇ ਉਨਾਂ ਕੁਝ ਸਮਾਂ ਗੁਰਬਾਣੀ ਕੀਰਤਨ ਸ੍ਰਵਣ ਕੀਤਾ ਤੇ ਇਤਿਹਾਸਿਕ ਗੁਰਦੁਆਰਾ ਸਾਹਿਬਾਨ ਦੇ ਇਤਿਹਾਸ ਸਬੰਧੀ ਜਾਣਕਾਰੀ ਹਾਸਿਲ ਕੀਤੀ। ਤਖਤ ਸਾਹਿਬ ਮੱਥਾ ਟੇਕਣ ਉਪਰੰਤ ਗੱਲਬਾਤ ਕਰਦਿਆਂ ਪ੍ਰੀਤੀ ਸਪਰੂ ਨੇ ਕਿਹਾ ਕਿ ਪੰਜਾਬ ਅੰਦਰ ਨਸ਼ਿਆਂ ਅਤੇ ਅਮਨ ਕਾਨੂੰਨ ਦੀ ਹਾਲਤ ਖਰਾਬ ਹੈ।ਨਸ਼ਿਆਂ ਦਾ ਆਲਮ ਤਾਂ ਇਹ ਹੈਕਿ ਲੜਕੀਆਂ ਤੱਕ ਇਸਦਾ ਸ਼ਿਕਾਰ ਹੋ ਰਹੀਆਂ ਹਨ।ਉਨਾਂ ਕਿਹਾ ਕਿ ਪੰਜਾਬ ਦੀ ਜਵਾਨੀ ਨੂੰ ਨਸ਼ਿਆਂ ਤੋਂ ਬਚਾਉਣ ਲਈ ਅੱਜ ਜਿੱਥੇ ਉਨਾਂ ਨੇ ਤਖਤ ਸਾਹਿਬ ਵਿਖੇ ਅਰਦਾਸ ਕੀਤੀ ਹੈ ਉੱਥੇ ਉਹ ਇੱਕ ਸਮਾਜਿਕ ਮੁਹਿੰਮ ਸ਼ੁਰੂ ਕਰ ਰਹੇ ਹਨ ਜਿਸ ਵਿੱਚ ਪੰਜਾਬ ਪ੍ਰਤੀ ਚਿੰਤਿਤ ਧਿਰਾਂ ਦਾ ਸਹਿਯੋਗ ਲਿਆ ਜਾਵੇਗਾ ਅਤੇ ਇਸ ਮੁਹਿੰਮ ਨਾਲ ਯੂਨੀਵਰਸਿਟੀਆਂ ਦੇ ਨਾਲ ਨਾਲ ਮਾਵਾਂ ਨੂੰ ਵੀ ਜੋੜਿਆ ਜਾਵੇਗਾ ਕਿਉਂਕਿ ਇੱਕ



ਮਾਂ ਤੋਂ ਬਿਹਤਰ ਬੱਚੇ ਨੂੰ ਕੋਈ ਸਮਝਾ ਨਹੀ ਸਕਦਾ।ਉਨਾਂ ਕਿਹਾ ਕਿ ਮੁਹਿੰਮ ਤਹਿਤ ਪਿੰਡਾਂ ਚ ਜਾ ਕੇ ਨੌਜਵਾਨਾਂ ਨੂੰ ਨਸ਼ਿਆਂ ਬਾਰੇ ਜਾਗਰੂਕ ਕਰਾਂਗੇ।ਸਿਆਸੀ ਖੇਤਰ ਚ ਆਉਣ ਦੇ ਸਵਾਲ ਤੇ ਉਨਾਂ ਸਿੱਧਾ ਜਵਾਬ ਦੇਣ ਦੀ ਥਾਂ ਕਿਹਾ ਕਿ ਉਨਾਂ ਦਾ ਮੰਤਵ ਤਾਂ ਪੰਜਾਬ ਦੀ ਨੌਜਵਾਨੀ ਨੂੰ ਬਚਾਉਣਾ ਹੈ ਤੇ ਨੌਜਵਾਨਾਂ ਨੂੰ ਨਸ਼ੇ ਛੱਡਣ ਲਈ ਪ੍ਰੇਰਿਤ ਕਰਨ ਵਾਸਤੇ ਅਸੀਂ ਫਿਲਮ ਅਦਾਕਾਰਾਂ ਤੋਂ ਵੀ ਸਹਿਯੋਗ ਲਵਾਂਗੇ।ਪ੍ਰੀਤੀ ਸਪਰੂ ਨੇ ਪਿਛਲੇ ਦਿਨੀਂ ਦਿੱਲੀ ਵਿਖੇ ਨੌਜਵਾਨਾਂ ਵੱਲੋਂ ਕੀਤੇ ਪ੍ਰਦਰਸ਼ਨ ਦੌਰਾਨ ਦੇਸ਼ ਦੇ ਪ੍ਰਧਾਨ ਮੰਤਰੀ ਖਿਲਾਫ ਬੋਲੀ ਮੰਦੀ ਸ਼ਬਦਾਵਲੀ ਦੀ ਨਿੰਦਾ ਕਰਦਿਆਂ ਕਿਹਾ ਕਿ ਦੇਸ਼ ਦੇ ਪ੍ਰਧਾਨ ਮੰਤਰੀ ਖਿਲਾਫ ਅਜਿਹੀ ਸ਼ਬਦਾਵਲੀ ਵਰਤਣਾ ਸਾਡੇ ਸੱਭਿਆਚਾਰ ਦਾ ਹਿੱਸਾ ਨਹੀ ਹੋ ਸਕਦੀ।ਸਤਲੁਜ ਫਿਲਮ ਤੇ ਬੈਨ ਸਬੰਧੀ ਉਨਾਂ ਅਣਜਾਣਤਾ ਪ੍ਰਗਟਾਈ। ਮੱਥਾ ਟੇਕਣ ਉਪਰੰਤ ਪ੍ਰੀਤੀ ਸਪਰੂ ਨੂੰ ਤਖਤ ਸਾਹਿਬ ਦੇ ਦਫਤਰ ਵਿਖੇ ਵਧੀਕ ਮੈਨੇਜ਼ਰ ਗੁਰਦੇਵ ਸਿੰਘ ਸੰਧੂ ਵੱਲੋਂ ਤਖਤ ਸਾਹਿਬ ਦੀ ਤਸਵੀਰ ਤੇ ਸਿਰੋਪਾਉ ਦੇ ਕੇ ਸਨਮਾਨਿਤ ਕੀਤਾ ਗਿਆ।ਇਸ ਮੌਕੇ ਸਮਾਜ ਸੇਵੀ ਆਗੂ ਸੁਖਵੰਤ ਸਿੰਘ ਕਾਲਾ ਕੌਂਸਲਰ ਰਾਮਾਂ ਮੰਡੀ ਵੀ ਮੌਜੂਦ ਸਨ।

# ਫਰੈਸ਼ ਐਨ ਫੇਅਰ ਸੈਲੂਨ ਨੇ ਹੋਟਲ ਮਿਰੇਕਲ ਵਿਖੇ ਤੀਜ ਤਿਉਹਾਰ ਧੂਮਧਾਮ ਨਾਲ ਮਨਾਇਆ

ਜ਼ਿਕਰ ਪੰਜਾਬ

**ਫਗਵਾੜਾ** : ਫਰੈਸ਼ ਐਨ ਫੇਅਰ ਸੈਲੂਨ ਵੱਲੋਂ ਸਥਾਨਕ ਹੋਟਲ ਮਿਰੇਕਲ ਵਿਖੇ ਤੀਜ ਤਿਉਹਾਰ ਬੜੀ ਧੂਮਧਾਮ, ਉਤਸ਼ਾਹ ਅਤੇ ਰਵਾਇਤੀ ਢੰਗ ਨਾਲ ਮਨਾਇਆ ਗਿਆ। ਇਸ ਮੌਕੇ ਰੰਗੀਨ ਅਤੇ ਖੁਸ਼ਗਵਾਰ ਮਾਹੌਲ ਵਿੱਚ ਵੱਡੀ ਗਿਣਤੀ ਵਿੱਚ ਔਰਤਾਂ ਨੇ ਸ਼ਿਰਕਤ ਕੀਤੀ ਅਤੇ ਤੀਜ ਦੇ ਰਵਾਇਤੀ ਤਿਉਹਾਰ ਦੀਆਂ ਖੁਸ਼ੀਆਂ ਸਾਂਝੀਆਂ ਕੀਤੀਆਂ। ਸਮਾਗਮ ਦੌਰਾਨ ਔਰਤਾਂ ਨੇ ਇੱਕ-ਦੂਜੇ ਦਾ ਸਵਾਗਤ ਕਰਦਿਆਂ ਪੰਜਾਬੀ ਸੱਭਿਆਚਾਰ ਅਤੇ ਪਰੰਪਰਾਵਾਂ ਦੀ ਖੂਬਸੂਰਤ ਝਲਕ ਪੇਸ਼ ਕੀਤੀ। ਸਮਾਗਮ ਵਿੱਚ ਕਾਂਗਰਸ ਜ਼ਿਲ੍ਹਾ ਕਪੂਰਥਲਾ ਦੀ ਪ੍ਰਧਾਨ ਸੰਗੀਤਾ ਧੀਰ, ਗੁੜੀਆ ਮਹੰਤ ਅਤੇ ਤੀਰਥ ਸੰਧੂ ਵਿਸ਼ੇਸ਼ ਤੌਰ ’ਤੇ ਹਾਜ਼ਰ ਹੋਏ। ਉਨ੍ਹਾਂ ਨੇ ਤੀਜ ਤਿਉਹਾਰ ਦੇ ਸਫਲ ਆਯੋਜਨ ਲਈ ਪ੍ਰਬੰਧਕਾਂ ਨੂੰ ਵਧਾਈ ਦਿੱਤੀ। ਉਨ੍ਹਾਂ ਕਿਹਾ ਕਿ ਅਜਿਹੇ ਸੱਭਿਆਚਾਰਕ ਸਮਾਗਮ ਸਾਡੀ ਅਮੀਰ ਵਿਰਾਸਤ, ਪਰੰਪਰਾਵਾਂ ਅਤੇ ਸਮਾਜਿਕ ਸਦਭਾਵਨਾ ਨੂੰ ਮਜ਼ਬੂਤ ਕਰਨ ਵਿੱਚ ਅਹਿਮ ਭੂਮਿਕਾ ਨਿਭਾਉਂਦੇ ਹਨ। ਸੰਗੀਤਾ ਧੀਰ ਨੇ ਕਿਹਾ ਕਿ ਤੀਜ ਔਰਤਾਂ ਲਈ ਖੁਸ਼ੀ, ਉਤਸ਼ਾਹ ਅਤੇ ਆਪਸੀ ਭਾਈਚਾਰੇ ਦਾ ਤਿਉਹਾਰ ਹੈ। ਆਧੁਨਿਕ ਜੀਵਨਸ਼ੈਲੀ ਦੇ ਬਾਵਜੂਦ ਸਾਨੂੰ ਆਪਣੀਆਂ ਸੱਭਿਆਚਾਰਕ ਪਰੰਪਰਾਵਾਂ ਅਤੇ ਤਿਉਹਾਰਾਂ ਨੂੰ ਅਗਲੀ ਪੀੜ੍ਹੀ ਤੱਕ ਪਹੁੰਚਾਉਣ ਲਈ ਅਜਿਹੇ ਸਮਾਗਮਾਂ ਨੂੰ ਉਤਸ਼ਾਹਿਤ ਕਰਨਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ ਤੀਜ ਔਰਤਾਂ ਨੂੰ ਇਕੱਠੇ ਹੋ ਕੇ ਤਿਉਹਾਰ ਮਨਾਉਣ ਅਤੇ ਆਪਣੀ ਪ੍ਰਤਿਭਾ ਦਾ ਪ੍ਰਦਰਸ਼ਨ ਕਰਨ ਦਾ ਵੀ ਮੌਕਾ ਪ੍ਰਦਾਨ ਕਰਦਾ ਹੈ। ਗੁੜੀਆ ਮਹੰਤ ਨੇ ਤੀਜ ਦੀਆਂ ਸ਼ੁਭਕਾਮਨਾਵਾਂ ਦਿੰਦਿਆਂ ਕਿਹਾ ਕਿ ਪੰਜਾਬੀ ਸੱਭਿਆਚਾਰ ਵਿੱਚ ਤੀਜ ਦਾ ਵਿਸ਼ੇਸ਼ ਮਹੱਤਵ ਹੈ। ਤੀਜ ਸਿਰਫ਼ ਇੱਕ ਤਿਉਹਾਰ ਨਹੀਂ, ਸਗੋਂ ਔਰਤਾਂ ਦੀ ਖੁਸ਼ੀ, ਆਪਸੀ ਪਿਆਰ ਅਤੇ ਸਮਾਜਿਕ ਏਕਤਾ ਦਾ ਪ੍ਰਤੀਕ ਹੈ। ਉਨ੍ਹਾਂ ਨੇ ਫਰੈਸ਼ ਐਨ ਫੇਅਰ ਸੈਲੂਨ ਦੇ ਪ੍ਰਬੰਧਕਾਂ ਦੀ ਪ੍ਰਸ਼ੰਸਾ ਕਰਦਿਆਂ ਕਿਹਾ ਕਿ ਅਜਿਹੇ ਸੱਭਿਆਚਾਰਕ ਪ੍ਰੋਗਰਾਮ ਸਮਾਜ ਵਿੱਚ ਸਕਾਰਾਤਮਕ ਮਾਹੌਲ ਪੈਦਾ ਕਰਦੇ ਹਨ। ਉਨ੍ਹਾਂ ਕਿਹਾ ਕਿ ਤੀਜ ਵਰਗੇ ਤਿਉਹਾਰਾਂ ਨੂੰ ਉਤਸ਼ਾਹ ਨਾਲ ਮਨਾਉਣ ਨਾਲ ਨੌਜਵਾਨ ਪੀੜ੍ਹੀ ਨੂੰ ਆਪਣੀਆਂ ਪਰੰਪਰਾਵਾਂ ਅਤੇ ਲੋਕ ਸੱਭਿਆਚਾਰ ਨਾਲ ਜੁੜਨ ਦਾ ਮੌਕਾ ਮਿਲਦਾ ਹੈ। ਉਨ੍ਹਾਂ ਮੌਜੂਦ ਸਾਰੀਆਂ ਔਰਤਾਂ ਨੂੰ ਤੀਜ ਦੀਆਂ ਦਿਲੋਂ ਸ਼ੁਭਕਾਮਨਾਵਾਂ ਦਿੱਤੀਆਂ ਅਤੇ ਸਮਾਗਮ ਦੇ ਸਫਲ ਆਯੋਜਨ ਲਈ ਪ੍ਰਬੰਧਕਾਂ ਨੂੰ ਵਧਾਈ ਦਿੱਤੀ। ਸਮਾਗਮ ਵਿੱਚ ਕਾਜਲ ਮਿੱਤਲ, ਸੋਨਾ ਮਿੱਤਲ, ਪਰੀ ਗੁਪਤਾ, ਸਰਬਜੀਤ ਕੌਰ, ਅੰਜਲੀ ਵਾਲੀਆ, ਸ਼ਬਨਮ ਸ਼ਰਮਾ (ਜਲੰਧਰ), ਨੈਨਸੀ (ਜਲੰਧਰ), ਆਰਤੀ (ਫਗਵਾੜਾ), ਸੀਮਾ ਬਜਾਜ ਅਤੇ ਪ੍ਰਾਚੀ ਬਜਾਜ ਸਮੇਤ ਵੱਡੀ ਗਿਣਤੀ ਵਿੱਚ ਔਰਤਾਂ ਨੇ ਸ਼ਿਰਕਤ ਕੀਤੀ। ਇਸ ਮੌਕੇ ਔਰਤਾਂ ਵਿੱਚ ਭਾਰੀ ਉਤਸ਼ਾਹ ਦੇਖਣ ਨੂੰ ਮਿਲਿਆ। ਰਵਾਇਤੀ ਪਹਿਰਾਵਿਆਂ ਵਿੱਚ ਸਜੀਆਂ ਔਰਤਾਂ ਨੇ ਤੀਜ ਦੇ ਜਸ਼ਨਾਂ ਵਿੱਚ ਹਿੱਸਾ ਲਿਆ।



ਸਮਾਗਮ ਨਿੱਘ, ਹਾਸੇ-ਮਜ਼ਾਕ ਅਤੇ ਪੰਜਾਬੀ ਸੱਭਿਆਚਾਰ ਦੀ ਖੂਬਸੂਰਤ ਝਲਕ ਨਾਲ ਭਰਪੂਰ ਰਿਹਾ। ਮੌਜੂਦ ਔਰਤਾਂ ਨੇ ਕਿਹਾ ਕਿ ਅਜਿਹੇ ਸਮਾਗਮ ਉਨ੍ਹਾਂ ਨੂੰ ਰੁਝੇਵਿਆਂ ਭਰੇ ਜੀਵਨ ਵਿੱਚੋਂ ਸਮਾਂ ਕੱਢ ਕੇ ਇਕੱਠੇ ਹੋਣ ਅਤੇ ਤਿਉਹਾਰ ਦੀਆਂ ਖੁਸ਼ੀਆਂ ਸਾਂਝੀਆਂ ਕਰਨ ਦਾ ਮੌਕਾ ਦਿੰਦੇ ਹਨ।

# ਸੁਖਬੀਰ ਬਾਦਲ ਨੇ ਕਿਹਾ ਸੀ ਕਿ ਭਾਜਪਾ ’ਚ ਸ਼ਾਮਲ ਹੋਣ ਵਾਲਿਆਂ ਦਾ ਡੀਐਨਏ ਟੈਸਟ ਹੋਣਾ ਚਾਹੀਦਾ : ਬਲਤੇਜ ਪੰਨੂ

ਜ਼ਿਕਰ ਪੰਜਾਬ

**ਚੰਡੀਗੜ੍ਹ** : ਆਮ ਆਦਮੀ ਪਾਰਟੀ (ਆਪ) ਪੰਜਾਬ ਦੇ ਮੀਡੀਆ ਇੰਚਾਰਜ ਬਲਤੇਜ ਪੰਨੂ ਨੇ ਕਿਹਾ ਕਿ ਬੇਅਦਬੀ ਪਾਰਟੀ (ਅਕਾਲੀ ਦਲ) ਅਤੇ ਇਸਦੇ ਮੁਖੀ ਸੁਖਬੀਰ ਸਿੰਘ ਬਾਦਲ ਨੇ ਰਾਜਨੀਤਿਕ ਲਾਭ ਲਈ ਵਾਰ-ਵਾਰ ਆਪਣੇ ਰਾਜਨੀਤਿਕ ਸਟੈਂਡ ਨਾਲ ਸਮਝੌਤਾ ਕੀਤਾ ਹੈ ਅਤੇ ਹੁਣ ਭਾਜਪਾ ਨਾਲ ਸਮਝੌਤਾ ਕਰਨ ਦੀ ਕੋਸ਼ਿਸ਼ ਕਰ ਰਹੇ ਹਨ। ਸੁਖਬੀਰ ਬਾਦਲ ‘ਤੇ ਨਿਸ਼ਾਨਾ ਸਾਧਦੇ ਹੋਏ, ‘ਆਪ’ ਪੰਜਾਬ ਦੇ ਮੀਡੀਆ ਇੰਚਾਰਜ ਬਲਤੇਜ ਪੰਨੂ ਨੇ ਕਿਹਾ, “ਅੱਜ ਸੁਖਬੀਰ ਸਿੰਘ ਬਾਦਲ ਕਹਿ ਰਹੇ ਹਨ ਕਿ ਉਹ ਕੇਂਦਰ ਦੀ ਭਾਜਪਾ ਸਰਕਾਰ ਵੱਲੋਂ ਪੇਸ਼ ਕੀਤੇ ਜਾ ਰਹੇ ਕੁਝ ਬਿੱਲਾਂ ਨਾਲ ਪੂਰੀ ਤਰ੍ਹਾਂ ਸਹਿਮਤ ਹਨ। ਪਰ ਪੰਜਾਬ ਦੇ ਲੋਕਾਂ ਨੂੰ ਚੰਗੀ ਤਰ੍ਹਾਂ ਯਾਦ ਹੈ ਕਿ ਜਦੋਂ ਖੇਤੀਬਾੜੀ ਕਾਨੂੰਨ ਪੇਸ਼ ਕੀਤੇ ਗਏ ਸਨ, ਤਾਂ ਪੂਰਾ ਬਾਦਲ ਪਰਿਵਾਰ ਉਨ੍ਹਾਂ ਕਾਨੂੰਨਾਂ ਦੇ ਸਮਰਥਨ ਵਿੱਚ ਵੀਡੀਓ ਬਣਾਉਂਦੇ ਦੇਖਿਆ ਗਿਆ ਸੀ। ਬਲਤੇਜ ਪੰਨੂ ਨੇ ਕਿਹਾ ਕਿ ਵਿਆਪਕ ਜਨਤਕ ਗੁੱਸੇ ਦਾ ਸਾਹਮਣਾ ਕਰਨ ਤੋਂ ਬਾਅਦ ਹੀ ਬਾਦਲਾਂ ਨੇ ਆਪਣਾ ਸਟੈਂਡ ਬਦਲਿਆ ਅਤੇ ਆਪਣੇ ਆਪ ਨੂੰ ਕਿਸਾਨਾਂ ਦੇ ਹਮਦਰਦ ਵਜੋਂ ਦਰਸਾਉਣ ਦੀ ਕੋਸ਼ਿਸ਼ ਵਿੱਚ ਖੇਤੀਬਾੜੀ ਕਾਨੂੰਨਾਂ ਵਿਰੁੱਧ ਬੋਲਣਾ ਸ਼ੁਰੂ ਕਰ ਦਿੱਤਾ। ਅਕਾਲੀ ਦਲ ਦੀ ਮੌਜੂਦਾ ਰਾਜਨੀਤਿਕ ਸਥਿਤੀ ‘ਤੇ ਨਿਸ਼ਾਨਾ ਸਾਧਦੇ ਹੋਏ, ‘ਆਪ’ ਪੰਜਾਬ ਦੇ ਮੀਡੀਆ ਇੰਚਾਰਜ ਨੇ ਕਿਹਾ, “‘ਬੇਇੱਜ਼ਤੀ ਵਾਲਾ’ ਅਕਾਲੀ ਦਲ ਪੰਜਾਬ ਦੇ ਲੋਕਾਂ ਦੇ ਦਿਲਾਂ ਤੋਂ ਪੂਰੀ ਤਰ੍ਹਾਂ ਗਾਇਬ ਹੋ ਗਿਆ ਹੈ। ਹੁਣ, ਇਹ ਭਾਜਪਾ ਨਾਲ ਮਿਲੀਭੁਗਤ ਕਰਕੇ ਆਪਣੀ ਰਾਜਨੀਤਿਕ ਛਵੀ ਨੂੰ ਮੁੜ ਸੁਰਜੀਤ ਕਰਨ ਦੀ ਹਰ ਸੰਭਵ ਕੋਸ਼ਿਸ਼ ਕਰ ਰਿਹਾ ਹੈ। ਭਾਜਪਾ ਵਿੱਚ ਸ਼ਾਮਲ ਹੋਣ ਵਾਲੇ ਆਗੂਆਂ ਬਾਰੇ ਸੁਖਬੀਰ ਬਾਦਲ ਦੇ ਪਹਿਲਾਂ ਦਿੱਤੇ ਬਿਆਨ ਨੂੰ ਯਾਦ ਕਰਦਿਆਂ, ਬਲਤੇਜ ਪੰਨੂ ਨੇ ਕਿਹਾ, “ਮੈਂ ਸੁਖਬੀਰ ਸਿੰਘ ਬਾਦਲ ਨੂੰ ਉਨ੍ਹਾਂ ਦੇ ਆਪਣੇ ਸ਼ਬਦ ਯਾਦ ਕਰਾਉਣਾ ਚਾਹੁੰਦਾ ਹਾਂ। ਉਨ੍ਹਾਂ ਕਿਹਾ ਕਿ ਭਾਜਪਾ ਵਿੱਚ ਸ਼ਾਮਲ ਹੋਣ ਵਾਲਿਆਂ ਨੂੰ ਆਪਣਾ ਡੀਐਨਏ ਟੈਸਟ ਕਰਵਾਉਣਾ ਚਾਹੀਦਾ ਹੈ। ਮੈਂ ਇਹ ਨਹੀਂ ਕਹਿ ਰਿਹਾ ਕਿ ਕਿਸੇ ਨੂੰ ਵੀ ਆਪਣਾ ਡੀਐਨਏ ਟੈਸਟ ਕਰਵਾਉਣਾ ਚਾਹੀਦਾ ਹੈ, ਪਰ ਕਿਉਂਕਿ ਸੁਖਬੀਰ ਬਾਦਲ ਨੇ ਖੁਦ ਇਹ ਬਿਆਨ ਦਿੱਤਾ ਹੈ, ਇਸ ਲਈ ਇਹ ਅੱਜ ਜ਼ਿਕਰ ਕਰਨ ਯੋਗ ਹੈ। ਉਨ੍ਹਾਂ ਕਿਹਾ ਕਿ ਬਾਦਲ ਪਰਿਵਾਰ ਦੇ ਵਾਰ-ਵਾਰ ਯੂ-ਟਰਨ ਨੇ ਅਕਾਲੀ ਦਲ ਦੀ ਰਾਜਨੀਤੀ ਦਾ ਅਸਲੀ ਚਿਹਰਾ ਬੇਨਕਾਬ ਕਰ ਦਿੱਤਾ ਹੈ। ਉਨ੍ਹਾਂ ਕਿਹਾ ਕਿ ਪੰਜਾਬ ਦੇ ਲੋਕ ਆਪਣੇ ਸਿਧਾਂਤਾਂ ‘ਤੇ ਕਾਇਮ ਰਹਿਣ ਵਾਲਿਆਂ ਅਤੇ ਰਾਜਨੀਤਿਕ ਸੁਵਿਧਾ ਅਨੁਸਾਰ ਆਪਣਾ ਸਟੈਂਡ ਬਦਲਣ ਵਾਲਿਆਂ ਵਿੱਚ ਸਪੱਸ਼ਟ ਤੌਰ ‘ਤੇ ਫਰਕ ਕਰ ਸਕਦੇ ਹਨ। ਬਲਤੇਜ ਪੰਨੂ ਨੇ ਦਾਅਵਾ ਕੀਤਾ ਕਿ ਪੰਜਾਬ ਦੇ ਲੋਕ ਪਹਿਲਾਂ ਹੀ ਅਕਾਲੀ ਦਲ ਦੀ ਰਾਜਨੀਤੀ ਨੂੰ ਰੱਦ ਕਰ ਚੁੱਕੇ ਹਨ ਅਤੇ ਭਾਜਪਾ ਨਾਲ ਰਾਜਨੀਤਿਕ ਸਮਝੌਤਾ ਕਰਨ ਦੀਆਂ ਇਸਦੀਆਂ ਨਵੀਆਂ ਕੋਸ਼ਿਸ਼ਾਂ ਤੋਂ ਗੁੰਮਰਾਹ ਨਹੀਂ ਹੋਣਗੇ।

# ਸਰਪੰਚ ਅਮਰਜੀਤ ਸਿੰਘ (ਬੰਮਾ) ਨੂੰ ਨਮ ਅੱਖਾਂ ਨਾਲ ਦਿੱਤੀ ਅੰਤਿਮ ਵਿਦਾਈ

**ਖੰਨਾ/ਮਨਜੀਤ ਸਿੰਘ ਧੀਮਾਨ**

ਮਾਰਕੀਟ ਕਮੇਟੀ ਖੰਨਾ ਦੇ ਚੇਅਰਮੈਨ ਜਗਤਾਰ ਸਿੰਘ ਦੇ ਛੋਟੇ ਭਰਾ ਸਰਪੰਚ ਅਮਰਜੀਤ ਸਿੰਘ ਰਤਨਹੇੜੀ ਦੀ ਬੀਤੇ ਦਿਨੀ ਇੱਕ ਦਰਦਨਾਕ ਸੜਕ ਹਾਦਸੇ ਵਿੱਚ ਮੌਤ ਹੋ ਗਈ ਸੀ ॰ ਅੱਜ ਸਵਰਗੀ ਸਰਪੰਚ ਅਮਰਜੀਤ ਸਿੰਘ ਦੇ ਅੰਤਿਮ ਸੰਸਕਾਰ ਤੇ ਹਜ਼ਾਰਾਂ ਦੀ ਗਿਣਤੀ ਵਿੱਚ ਲੋਕ ਉਨਾਂ ਦੀ ਅੰਤਿਮ ਯਾਤਰਾ ਵਿੱਚ ਸ਼ਾਮਿਲ ਹੋਏ ਤੇ ਵਿਛੜੀ ਆਤਮਾ ਨੂੰ ਸ਼ਰਧਾਂਜਲੀ ਭੇਂਟ ਕੀਤੀ ਗਈ ॰ ਸੰਸਕਾਰ ਮੌਕੇ ਸਰਪੰਚ ਅਮਰਜੀਤ ਸਿੰਘ ਗਿੱਲ ਨੂੰ ਚਿਖਾ ਅਗਨੀ ਭੇਂਟ ਉਹਨਾਂ ਦੇ ਪੁੱਤਰ ਜੈਵੀਰ ਸਿੰਘ ਗਿੱਲ ਨੇ ਕੀਤੀ ॰ ਇਸ ਦੌਰਾਨ ਮਾਰਕੀਟ ਕਮੇਟੀ ਖੰਨਾ ਦੇ ਚੇਅਰਮੈਨ ਐਡਵੋਕੇਟ ਜਗਤਾਰ ਸਿੰਘ ਗਿੱਲ ਦੇ ਘਰ ਵਿਖੇ ਅਫਸੋਸ ਕਰਨ ਲਈ ਅਨੇਕਾਂ ਰਾਜਨੀਤਿਕ ਧਾਰਮਿਕ ਅਤੇ ਅਤੇ ਵੱਖ ਵੱਖ ਸਮਾਜ ਸੇਵੀ ਸੰਸਥਾਵਾਂ ਪੁੱਜੀਆਂ ॰ ਜਿਨਾਂ ਨੇ ਹੋਈ ਇਸ ਬੇਵਕਤ ਮੌਤ ਤੇ ਗਹਿਰੇ ਅਫਸੋਸ ਦਾ ਪ੍ਰਗਟਾਵਾ ਕੀਤਾ ॰ ਇਸ ਅਚਾਨਕ ਵਾਪਰੀ ਘਟਨਾ ਨਾਲ ਨਾ ਸਿਰਫ਼ ਪਰਿਵਾਰ, ਸਗੋਂ ਪੂਰੇ ਇਲਾਕੇ ਵਿੱਚ ਸੋਗ ਦੀ ਲਹਿਰ ਦੌੜ ਗਈ ਹੈ। ਪਰਿਵਾਰ ਉੱਤੇ ਦੁੱਖਾਂ ਦਾ ਪਹਾੜ ਟੁੱਟ ਪਿਆ ਅਤੇ ਹਰ ਪਾਸੇ ਗਮ ਦਾ ਮਾਹੌਲ ਬਣਿਆ ਹੋਇਆ ਹੈ।ਗੌਰਤਲਬ ਹੈ ਕਿ ਸਰਪੰਚ ਅਮਰਜੀਤ ਸਿੰਘ ਗਿੱਲ ਆਪਣੇ ਪਿੱਛੇ 3 ਬੱਚੇ ਤੇ ਪਤਨੀ ਛੱਡ ਗਏ ਹਨ। ਪਤਾ ਲੱਗਾ ਹੈ ਕਿ ਸਰਪੰਚ ਅਮਰਜੀਤ ਸਿੰਘ ਗਿੱਲ ਦਾਣਾ ਮੰਡੀ ਤੋਂ ਆਪਣੇ ਪਿੰਡ ਰਤਨਹੇੜੀ ਨੂੰ ਵਾਪਸ ਜਾ ਰਹੇ ਸਨ ॰ ਜਦੋਂ ਉਹ ਗੁਰਦੁਆਰਾ ਕਲਗੀਧਰ ਸਾਹਿਬ ਦੇ ਸਾਹਮਣੇ ਪੁੱਜੇ ਤਾਂ ਅਚਾਨਕ ਪਿੱਛੋਂ ਆ ਰਹੇ ਇਕ ਟਰੱਕ ਨੇ ਆਪਣੀ ਲਪੇਟ ਚ ਲੈ ਲਿਆ ਤੇ ਇਹ ਦਰਦਨਾਕ ਸੜਕ ਹਾਦਸਾ ਵਾਪਰ ਗਿਆ। ਹਾਦਸਾ ਇੰਨਾ ਭਿਆਨਕ ਸੀ ਕਿ ਜਿਸ ਸਰਪੰਚ ਗੰਭੀਰ ਰੂਪ ਚ ਜਖਮੀ ਹੋ ਗਿਆ ਅਤੇ ਉਸ ਦੇ ਸਰੀਰ ਵਿੱਚੋਂ ਕਾਫੀ ਜਿਆਦਾ ਖ਼ੂਨ ਨਿਕਲ ਗਿਆ। ਜਿਸ ਨੂੰ ਕੋਲੋਂ ਲੰਘ ਰਹੇ ਰਾਹਗੀਰਾਂ ਦੀ ਮਦਦ ਨਾਲ ਉਹਨਾਂ ਨੂੰ ਲਿਬਾਸਾ ਹਸਪਤਾਲ ਖੰਨਾ ਲੈ ਗਏ ਪਰ ਉਨ੍ਹਾਂ ਦੀ ਜਾਨ ਨਹੀਂ ਬਚ ਸਕੀ। ਹਾਦਸੇ ਦੀ ਖ਼ਬਰ ਮਿਲਦੇ ਹੀ ਪਰਿਵਾਰਕ ਮੈਂਬਰਾਂ, ਰਿਸ਼ਤੇਦਾਰਾਂ ਅਤੇ ਜਾਣ-ਪਛਾਣ ਵਾਲਿਆਂ ਵਿੱਚ ਸੋਗ ਦੀ ਲਹਿਰ ਦੌੜ ਗਈ। ਸਰਪੰਚ ਅਮਰਜੀਤ ਸਿੰਘ ਰਤਨਹੇੜੀ ਆਪਣੇ ਮਿਲਾਪੜੇ ਸੁਭਾਅ, ਸਾਦਗੀ ਅਤੇ ਸਮਾਜ ਪ੍ਰਤੀ ਹਮੇਸ਼ਾ ਸਕਾਰਾਤਮਕ ਸੋਚ ਰੱਖਣ ਲਈ ਜਾਣੇ ਜਾਂਦੇ ਸਨ। ਉਨ੍ਹਾਂ ਦੇ ਅਚਾਨਕ ਵਿਛੋੜੇ ਨੇ ਹਰ ਉਸ ਵਿਅਕਤੀ ਨੂੰ ਝੰਜੋੜ ਕੇ ਰੱਖ ਦਿੱਤਾ ਹੈ ਜੋ ਉਨ੍ਹਾਂ ਨੂੰ ਨਿੱਜੀ ਤੌਰ 'ਤੇ ਜਾਣਦਾ ਸੀ। ਪਿੰਡ ਅਤੇ ਇਲਾਕੇ ਦੇ ਲੋਕਾਂ ਦਾ ਕਹਿਣਾ ਹੈ ਕਿ ਉਨ੍ਹਾਂ ਦਾ ਚਲੇ ਜਾਣਾ ਪਰਿਵਾਰ ਦੇ ਨਾਲ-ਨਾਲ ਸਮਾਜ ਲਈ ਵੀ ਇੱਕ ਨਾ ਪੂਰਾ ਹੋਣ ਵਾਲਾ ਘਾਟਾ ਹੈ। ਇਸ ਦੁਖਦਾਈ ਹਾਦਸੇ ਤੋਂ ਬਾਅਦ ਇੱਕ ਵਾਰ ਫਿਰ ਖੰਨਾ ਸ਼ਹਿਰ ਦੀ ਟਰੈਫਿਕ ਵਿਵਸਥਾ ਉੱਪਰ ਉਂਗਲੀ ਉੱਠਣੀ ਸੁਭਾਵਿਕ ਹੈ। ਕਿਉਂਕਿ ਖੰਨਾ ਸ਼ਹਿਰ ਵਿੱਚ ਪਹਿਲਾਂ ਵੀ ਹਰ ਸਮੇਂ ਜਾਮ ਵਾਲੀ ਸਥਿਤੀ ਬਣੀ ਰਹਿੰਦੀ ਸੀ। ਜਿਸ ਦੇ ਹੱਲ ਲਈ ਡੀਸੀ ਲੁਧਿਆਣਾ ਨੇ ਖੰਨਾ ਸ਼ਹਿਰ ਵਿੱਚ ਸਵੇਰ ਦੇ ਅੱਠ ਤੋਂ ਸ਼ਾਮ ਦੇ 8 ਵਜੇ ਤੱਕ ਭਾਰੀ ਵਾਹਨਾਂ ਦੇ ਆਉਣ ਉੱਪਰ ਪਾਬੰਦੀ ਲਗਾਈ ਹੋਈ ਹੈ। ਪਰ ਸ਼ਾਮ ਦੇ 8 ਵਜੇ ਤੋਂ ਪਹਿਲਾਂ ਹੀ ਇਹ ਟਰੱਕ ਕਿਸ ਦੀ ਆਗਿਆ ਨਾਲ ਸ਼ਹਿਰ ਵਿੱਚ ਦਾਖਲ ਹੋਇਆ ਇਹ ਵੀ ਸਵਾਲ ਖੜ੍ਹੇ ਕਰਦਾ ਹੈ। ਇਸ ਦੁੱਖਦਾਈ ਘਟਨਾ ਤੋਂ ਪਹਿਲਾਂ ਵੀ ਮਿਉਂਸਪਲ ਕਮੇਟੀ ਖੰਨਾ ਦੇ ਸੀਨੀਅਰ ਵਾਈਸ ਪ੍ਰਧਾਨ ਹਰੀਸ਼ ਗੁਪਤਾ ਦੇ ਭਰਾ ਦੀ ਵੀ ਸੜਕ ਹਾਦਸੇ ਕਾਰਨ ਮੌਤ ਹੋ ਚੁੱਕੀ ਹੈ । ਉਸ ਦਾ ਕਾਰਨ ਵੀ ਟਰੈਫਿਕ ਵਿਵਸਥਾ ਅਤੇ ਸੜਕਾਂ ਕਿਨਾਰੇ ਲੋਕਾਂ ਵੱਲੋਂ ਕੀਤੇ ਨਜਾਇਜ਼ ਕਬਜ਼ੇ ਹੀ ਸਨ। ਉਸ ਤੋਂ ਬਾਅਦ ਗੁਰਦੁਆਰਾ ਸ੍ਰੀ ਕਲਗੀਧਰ ਸਾਹਿਬ ਦੇ ਸਾਹਮਣੇ ਵੀ ਇੱਕ ਲੜਕੀ ਦੀ ਮੌਤ ਹੋ ਚੁੱਕੀ ਹੈ। ਹੁਣ ਸਰਪੰਚ ਅਮਰਜੀਤ ਸਿੰਘ ਰਤਨਹੇੜੀ ਵੀ ਖਰਾਬ ਟਰੈਫਿਕ ਵਿਵਸਥਾ ਅਤੇ ਸੜਕਾਂ ਉੱਪਰ ਪਏ ਖੱਡਿਆਂ ਦੀ ਭੇਂਟ ਚੜ ਗਿਆ ਹੈ। ਸਵਾਲ ਇਹ ਹੈ ਕਿ ਪ੍ਰਸ਼ਾਸਨ ਇਸ ਪਾਸੇ ਕਦੋਂ ਧਿਆਨ ਦੇਵੇਗਾ ? ਇਸ ਮੌਕੇ ਦੁੱਖ ਦੀ ਘੜੀ ਵਿੱਚ ਚੇਅਰਮੈਨ ਜਗਤਾਰ ਸਿੰਘ ਗਿੱਲ ਨਾਲ ਦੁੱਖ ਸਾਂਝਾ ਕਰਦਿਆਂ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ,ਪੰਜਾਬ ਦੇ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ,ਨੇ ਕਿਹਾ ਕਿ ਅਮਰਜੀਤ ਸਿੰਘ ਦਾ ਭਰ ਜਵਾਨੀ ਚ ਤੁਰ ਜਾਣਾ ਨਾ ਪੂਰਾ ਹੋਣ ਵਾਲਾ ਘਾਟਾ ਪਿਆ, ਜੋ ਕਦੇ ਵੀ ਪੂਰਾ ਨਹੀਂ ਹੋ ਸਕਦਾ ॰ ਇਸ ਮੌਕੇ ਪੰਜਾਬ ਦੇ ਕੈਬਨਿਟ ਮੰਤਰੀ ਤਰਨਪ੍ਰੀਤ ਸਿੰਘ ਸੌਂਦ, ਸਾਬਕਾ ਵਿਧਾਇਕ ਜੀ ਪੀ ਸਿੰਘ, ਅਮਲੋਹ ਦੇ ਵਿਧਾਇਕ ਗੈਰੀ ਬੜਿੰਗ, ਫਤਿਹਗੜ੍ਹ ਸਾਹਿਬ ਦੇ ਵਿਧਾਇਕ ਲਖਬੀਰ ਸਿੰਘ ਰਾਏ, ਆੜ੍ਹਤੀ ਐਸੋਸੀਏਸ਼ਨ ਪੰਜਾਬ ਦੇ ਪ੍ਰਧਾਨ ਜਸਵਿੰਦਰ ਸਿੰਘ ਰਾਣਾ, ਪੰਜਾਬ ਪ੍ਰਦੇਸ਼ ਕਾਂਗਰਸ ਕਮੇਟੀ ਦੇ ਸਾਬਕਾ ਪ੍ਰਧਾਨ ਅਤੇ ਸਾਬਕਾ ਰਾਜ ਸਭਾ ਮੈਂਬਰ ਸ਼ਮਸ਼ੀਰ ਸਿੰਘ ਦੂਲੋ,ਸਾਬਕਾ ਕੈਬਨਿਟ ਮੰਤਰੀ ਪੰਜਾਬ ਗੁਰਕੀਰਤ ਸਿੰਘ ਕੋਟਲੀ. ਸ਼੍ਰੋਮਣੀ ਅਕਾਲੀ ਦਲ ਖੰਨਾ ਦੇ ਸੀਨੀਅਰ ਆਗੂ ਤੇ ਹਲਕਾ ਇੰਚਾਰਜ ਯਾਦਵਿੰਦਰ ਸਿੰਘ ਯਾਦੂ, ਆੜ੍ਹਤੀ ਐਸੋਸੀਏਸ਼ਨ ਖੰਨਾ ਦੇ ਪ੍ਰਧਾਨ ਹਰਬੰਸ ਸਿੰਘ ਰੋਸ਼ਾ, ਮਾਰਕੀਟ ਕਮੇਟੀ ਖੰਨਾ ਦੇ ਸਕੱਤਰ ਕਮਲਦੀਪ ਸਿੰਘ ਮਾਨ, ਖੰਨਾ ਦੇ ਏ.ਐਫ.ਐਸ ਓ.ਹਰਭਜਨ ਸਿੰਘ,ਫ਼ੂਡ ਸਪਲਾਈ ਇੰਸਪੈਕਟਰ ਪਰਮਿੰਦਰ ਸਿੰਘ, ਸਾਬਕਾ ਸਰਪੰਚ ਹਮੀਰ ਸਿੰਘ ਰਤਨਹੜੀ, ਰਸਪਾਲ ਸਿੰਘ ਭਗਤ ਰਤਨਹੇੜੀ, ਐਡਵੋਕੇਟ ਮਨੀਸ਼ ਖੰਨਾ,ਐਡਵੋਕੇਟ ਜਗਦੀਸ਼ ਸਿੰਘ ਰਾਣਾ ਭਾਦਲਾ, ਯਾਦਵਿੰਦਰ ਸਿੰਘ ਲਿਬੜਾ, ਸਾਬਕਾ ਚੇਅਰਮੈਨ ਮਾਰਕੀਟ ਕਮੇਟੀ ਖੰਨਾ ਗੁਰਦੀਪ ਸਿੰਘ ਰਸੂਲੜਾ , ਲਖਬੀਰ ਸਿੰਘ ਗਿੱਲ ਚੇਅਰਮੈਨ ਬਲਾਕ ਸਮਤੀ ਖੰਨਾ, ਸਾਬਕਾ ਬਲਾਕ ਸੰਮਤੀ ਖੰਨਾ ਦੇ ਚੇਅਰਮੈਨ ਸਤਨਾਮ ਸਿੰਘ ਸੋਨੀ, ਰੋਹਣੋ ਕਲਾ,ਸਾਬਕਾ ਸਰਪੰਚ ਗੁਰਦੀਪ ਸਿੰਘ ਰਸੂਲੜਾ, ਸਾਬਕਾ ਚੇਅਰਮੈਨ ਬਲਾਕ ਸੰਮਤੀ ਖੰਨਾ ਜੀਤ ਸਿੰਘ ਢੀਂਡਸਾ ਅਲੋੜ, ਆਪ ਆਗੂ ਤੇ ਜਿਲ੍ਹਾ ਪ੍ਰਧਾਨ ਦਰਸ਼ਨ ਸਿੰਘ ਕੂਹਲੀ, ਜਿਲਾ ਪ੍ਰੀਸ਼ਦ ਦੇ ਚੇਅਰਮੈਨ ਰਿੰਕੂ ਸੇਹ, ਗੁਰਦੀਪ ਸਿੰਘ ਨੀਟੂ ਲਿਬੜਾ, ਆੜ੍ਹਤੀ ਸੁਸ਼ੀਲ ਕੁਮਾਰ ਸ਼ੀਲਾ, ਭਰਪੂਰ ਚੰਦ ਵੈਕਟਰ,ਐਸ.ਐਸ ਪੀ ਫਰੀਦਕੋਟ ਹਰਬੰਸ ਸਿੰਘ ਬੈਂਸ, ਐਸ.ਪੀ ਹੈਡ ਕੁਆਰਟਰ ਖੰਨਾ ਮੈਡਮ ਰੁਪਿੰਦਰ ਕੌਰ ਗਿੱਲ, ਜਿਲਾ ਪਰਿਸ਼ਦ ਮੈਂਬਰ ਮਾਸਟਰ ਕੌਂਸਲਰ ਸੁਨੀਲ ਕੁਮਾਰ ਨੀਟਾ, ਆਪ ਆਗੂ ਅਤੇ ਕੌਂਸਲਰ ਪਤੀ ਲਾਡੀ ਮਾਨ, ਕੌਂਸਲਰ ਗੁਰਮੇਲ ਸਿੰਘ ਕਾਲਾ, ਕੌਂਸਲਰ ਸੁਰਿੰਦਰ ਕੁਮਾਰ ਬਾਵਾ, ਕੌਂਸਲਰ ਰਜਿੰਦਰ ਸਿੰਘ ਜੀਤ, ਅਵਤਾਰ ਸਿੰਘ ਦਹੜੂ, ਆਪ ਆਗੂ ਅਮਰਦੀਪ ਸਿੰਘ ਪੁਰੇਵਾਲ, ਐਡਵੋਕੇਟ ਮਨਰੀਤ ਸਿੰਘ ਨਾਗਰਾ, ਨਗਰ ਕੌਂਸਲ ਖੰਨਾ ਦੇ ਪ੍ਰਧਾਨ ਜਤਿੰਦਰ ਪਾਠਕ ਪਾਠਕ, ਸੀਨੀਅਰ ਵਾਈਸ ਪ੍ਰਧਾਨ ਹਰੀਸ਼ ਗੁਪਤਾ, ਇੰਦਰਪਾਲ ਸਿੰਘ ਅਹਿਮਦਗੜ੍ਹ, ਡੀਐਸਪੀ ਖੰਨਾ ਵਿਨੋਦ ਕੁਮਾਰ, ਸਾਬਕਾ ਨਗਰ ਕੌਂਸਲ ਖੰਨਾ ਦੇ ਪ੍ਰਧਾਨ ਅਤੇ ਭਾਜਪਾ ਆਗੂ ਇਕਬਾਲ ਸਿੰਘ ਚੰਨੀ, ਏਐਸ ਮੈਨੇਜਮੈਂਟ ਟਰਸਟ ਖੰਨਾ ਦੇ ਸਾਬਕਾ ਸੈਕਟਰੀ ਰਣਜੀਤ ਸਿੰਘ ਹੀਰਾ, ਦਲਜੀਤ ਸਿੰਘ ਮਾਨ, ਸਬਜ਼ੀ ਮੰਡੀ ਖੰਨਾ ਦੇ ਆੜਤੀ ਐਸੋਸੀਏਸ਼ਨ ਦੇ ਪ੍ਰਧਾਨ, ਪੱਲੇਦਾਰ, ਅਤੇ ਮੁਨੀਮ ਤੇ ਇਲਾਕੇ ਦੇ ਪੰਚ ਸਰਪੰਚ ਧਾਰਮਿਕ ਰਾਜਨੀਤਿਕ ਸਮਾਜ ਸੇਵੀਆਂ ਨੇ ਸਰਪੰਚ ਅਮਰਜੀਤ ਸਿੰਘ ਗਿੱਲ ਨੂੰ ਨਮ ਅੱਖਾਂ ਨਾਲ ਸ਼ਰਧਾਂਜਲੀਆਂ ਭੇਟ ਕੀਤੀਆਂ ਗਈਆਂ।


ਸ. ਅਮਰਜੀਤ ਸਿੰਘ ਗਿੱਲ



# ਬਾਸਕਟਬਾਲ ਖਿਡਾਰੀ ਜੌਯਪ੍ਰੀਤ ਸਿੰਘ ਸਿੱਧੂ ਦੀ ਅੰਡਰ 18 ਕੈਟਿਗਰੀ ਵਿੱਚ ਹੋਈ ਭਾਰਤੀ ਟੀਮ ਲਈ ਚੋਣ

**ਲੁਧਿਆਣਾ/ਰਵੀ ਭਾਟੀਆ**

ਲੁਧਿਆਣਾ ਬਾਸਕਟਬਾਲ ਅਕੈਡਮੀ ਦੇ ਖਿਡਾਰੀ ਜੌਯਪ੍ਰੀਤ ਸਿੰਘ ਸਿੱਧੂ ਨੂੰ ਅਹਿਮਦਾਬਾਦ ਵਿੱਚ ਹੋਣ ਵਾਲੇ ਐਫਆਈਬੀਏ ਅੰਡਰ-18 ਏਸ਼ੀਆ ਕੱਪ 2026 ਵਿੱਚ ਖੇਡਣ ਲਈ ਭਾਰਤੀ ਬਾਸਕਟਬਾਲ ਟੀਮ ਵਿੱਚ ਚੁਣਿਆ ਗਿਆ ਹੈ। ਐਲਬੀਏ ਦਾ ਤਿਆਰ ਕੀਤਾ ਹੋਣਹਾਰ ਖਿਡਾਰੀ ਜੌਯਪ੍ਰੀਤ ਸਿੰਘ ਸਿੱਧੂ 13 ਅਗਸਤ ਤੋਂ 23 ਅਗਸਤ ਤੱਕ ਅਹਿਮਦਾਬਾਦ ਵਿੱਚ ਵੀਰ ਸਾਵਰਕਰ ਸਪੋਰਟਸ ਕੰਪਲੈਕਸ, ਨਾਰਨਪੁਰਾ ਵਿਖੇ ਹੋਣ ਵਾਲੇ ਐਫਆਈਬੀਏ ਅੰਡਰ-18 ਏਸ਼ੀਆ ਕੱਪ 2026 ਟੂਰਨਾਮੈਂਟ ਵਿੱਚ ਹਿੱਸਾ ਲਵੇਗਾ। ਪੰਜਾਬ ਬਾਸਕਟਬਾਲ ਐਸੋਸੀਏਸ਼ਨ ਦੇ ਪ੍ਰਧਾਨ ਆਰ.ਐਸ. ਗਿੱਲ, ਸਾਬਕਾ ਡੀਜੀਪੀ ਪੰਜਾਬ ਅਤੇ ਸਕੱਤਰ ਤੇਜਾ ਸਿੰਘ ਧਾਲੀਵਾਲ ਨੇ ਸਿੱਧੂ ਦੀ ਚੋਣ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਖਿਡਾਰੀ ਦੇ ਸਮਰਪਣ ਤੋਂ ਇਲਾਵਾ, ਮੁੱਖ ਕੋਚ ਜੈਪਾਲ ਸਿੰਘ ਅਤੇ ਜਸਪ੍ਰੀਤ ਸਿੰਘ ਦੇ ਅਣਥੱਕ ਯਤਨਾਂ ਅਤੇ ਸ਼ਾਨਦਾਰ ਕੋਚਿੰਗ ਨੇ ਜੌਯਪ੍ਰੀਤ ਨੂੰ ਇਸ ਮੁਕਾਮ ਤਕ ਪਹੁੰਚਣ ਵਿੱਚ ਮਦਦ ਕੀਤੀ ਹੈ ਅਤੇ ਅਕੈਡਮੀ ਨੂੰ ਮਾਣ ਹੈ ਕਿ ਬੀਐਫਆਈ ਦੀ ਇਸ ਸਖ਼ਤ ਚੋਣ ਲਈ ਜੌਯਪ੍ਰੀਤ ਨੇ ਵੀ ਪੂਰੀ ਮਿਹਨਤ ਕੀਤੀ। ਜੌਯਪ੍ਰੀਤ ਪਹਿਲਾਂ ਏਸ਼ੀਆ ਕੱਪ ਸਬਾ ਕੁਆਲੀਫਾਇਰ ਲਈ ਸ਼੍ਰੀਲੰਕਾ ਵਿੱਚ ਗੋਲਡ ਮੈਡਲ ਜੇਤੂ ਟੀਮ ਦਾ ਹਿੱਸਾ ਸੀ। ਉਹ 75ਵੀਂ ਜੂਨੀਅਰ ਬਾਸਕਟਬਾਲ ਚੈਂਪੀਅਨਸ਼ਿਪ ਵਿੱਚ ਚਾਂਦੀ ਦਾ ਤਗਮਾ ਜੇਤੂ ਟੀਮ ਵਿੱਚ ਵੀ ਸੀ।

ਖਿਡਾਰੀ ਅਤੇ ਕੋਚਾਂ ਨੂੰ ਵਧਾਈ ਦੇਣ ਵਾਲਿਆਂ ਵਿੱਚ ਜ਼ਿਲ੍ਹਾ ਬਾਸਕਟਬਾਲ ਐਸੋਸੀਏਸ਼ਨ ਦੇ ਅਧਿਕਾਰੀ, ਜੇਪੀ ਸਿੰਘ, ਬ੍ਰਿਜ ਗੋਇਲ, ਸੁਮੇਸ਼ ਚੱਢਾ, ਵਿਜੇ ਚੋਪੜਾ ਤੋਂ ਇਲਾਵਾ ਹੋਰ ਬਾਸਕਟਬਾਲ ਕੋਚ ਰਵਿੰਦਰ ਅਤੇ ਸਲੋਨੀ ਵੀ ਸ਼ਾਮਲ ਹਨ। ਸਾਬਕਾ ਅੰਤਰਰਾਸ਼ਟਰੀ ਬਾਸਕਟਬਾਲ ਖਿਡਾਰੀ ਪਰਮਿੰਦਰ ਸਿੰਘ ਹੀਰ ਨੇ ਕਿਹਾ ਕਿ ਜੌਯਪ੍ਰੀਤ ਯਕੀਨੀ ਤੌਰ 'ਤੇ ਅੱਗੇ ਵਧੇਗਾ ਅਤੇ ਲੁਧਿਆਣਾ ਬਾਸਕਟਬਾਲ ਅਕੈਡਮੀ ਦਾ ਮਾਣ ਵਧਾਏਗਾ।

**ਅਹਿਮਦਾਬਾਦ 'ਚ ਹੋਣ ਵਾਲੇ ਏਸ਼ੀਆ ਕੱਪ 2026 ਮੁਕਾਬਲੇ ਲਈ ਅੰਡਰ-18 ਸ਼੍ਰੇਣੀ ਵਿੱਚ ਖੇਡੇਗਾ ਜੌਯਪ੍ਰੀਤ**



# ਡਾ. ਏ.ਵੀ.ਐਮ ਪਬਲਿਕ ਸੀਨੀਅਰ ਸੈਕੰਡਰੀ ਸਕੂਲ ਵਿੱਚ ਸੈਮੀਨਾਰ ਦਾ ਆਯੋਜਨ

## ਵਿਦਿਆਰਥੀਆਂ ਨੂੰ ਵਾਇਰਲ ਬਿਮਾਰੀਆਂ ਪ੍ਰਤੀ ਕੀਤਾ ਗਿਆ ਜਾਗਰੂਕ

**ਲੁਧਿਆਣਾ/ਰਵੀ ਭਾਟੀਆ**

ਡਾ. ਏ.ਵੀ.ਐਮ ਪਬਲਿਕ ਸੀਨੀਅਰ ਸੈਕੰਡਰੀ ਸਕੂਲ, ਨੇੜੇ ਈਸਾ ਨਗਰੀ ਪੁਲੀ ਵਿਖੇ ਮੌਸਮ ਵਿੱਚ ਬਦਲਾਅ ਦੌਰਾਨ ਹੋਣ ਵਾਲੀਆਂ ਵਾਇਰਲ ਬਿਮਾਰੀਆਂ ਅਤੇ ਪ੍ਰਤੀ ਵਿਦਿਆਰਥੀਆਂ ਨੂੰ ਜਾਗਰੂਕ ਕਰਨ ਦੇ ਉਦੇਸ਼ ਨਾਲ ਸੀ.ਐਮ.ਸੀ ਹਸਪਤਾਲ ਦੇ ਨਰਸਿੰਗ ਵਿਭਾਗ ਦੇ ਵਿਦਿਆਰਥੀਆਂ ਅਤੇ ਸਟਾਫ ਵੱਲੋਂ ਇੱਕ ਸੈਮੀਨਾਰ ਦਾ ਆਯੋਜਨ ਕੀਤਾ ਗਿਆ। ਇਸ ਸੈਮੀਨਾਰ ਦਾ ਮੁੱਖ ਉਦੇਸ਼ ਵਿਦਿਆਰਥੀਆਂ ਨੂੰ ਡੇਂਗੂ, ਮਲੇਰੀਆ, ਹੈਜਾ ਵਰਗੀਆਂ ਖਤਰਨਾ ਬਿਮਾਰੀਆਂ ਦੇ ਕਾਰਨਾਂ ਲੱਛਣਾਂ ਅਤੇ ਬਚਾਅ ਦੇ ਤਰੀਕਿਆਂ ਨੂੰ ਜਾਣਨ ਲਈ ਮਾਡਲ, ਚਾਰਟ ਅਤੇ ਪੋਸਟਰ ਵੀ ਬਣਾਏ ਗਏ ਸਨ। ਇਸ ਮੌਕੇ ਸਕੂਲ ਦੇ ਡਾਇਰੈਕਟਰ ਰਾਜੀਵ ਕੁਮਾਰ ਲਵਲੀ ਅਤੇ ਪ੍ਰਿੰਸੀਪਲ ਮਨੀਸ਼ਾ ਗਾਬਾ ਵੱਲੋਂ ਸੀ.ਐਮ.ਸੀ ਤੋਂ ਆਈ ਟੀਮ ਦਾ ਸਵਾਗਤ ਕਰਦੇ ਹੋਏ, ਕਿਹਾ ਕਿ ਬਦਲਦੇ ਮੌਸਮ ਦੇ ਨਾਲ-ਨਾਲ ਵਾਇਰਲ ਬਿਮਾਰੀਆਂ ਦੇ ਫੈਲਣ ਦਾ ਖਤਰਾ ਵੀ ਬਣਿਆ ਰਹਿੰਦਾ ਹੈ। ਉਹਨਾਂ ਨੇ ਕਿਹਾ ਕਿ ਡਾ. ਏ.ਵੀ.ਐਮ ਪਬਲਿਕ ਸੀਨੀਅਰ ਸੈਕੰਡਰੀ ਸਕੂਲ ਵਿੱਚ ਬੱਚਿਆਂ ਨੂੰ ਵਿੱਦਿਅਕ ਸਿੱਖਿਆ ਦੇਣ ਤੋਂ ਇਲਾਵਾ, ਆਪਣੇ ਆਲੇ ਦੁਆਲੇ ਦੀ ਸਵੱਛਤਾ ਅਤੇ ਨੈਤਿਕ ਗੁਣਾਂ ਪ੍ਰਤੀ ਵੀ ਜਾਗਰੂਕ ਕੀਤਾ ਜਾਂਦਾ ਹੈ, ਤਾਂ ਜੋ ਇਹ ਵਿਦਿਆਰਥੀ ਆਪਣੇ ਸਮਾਜ ਤੇ ਪਰਿਵਾਰ ਲਈ ਇੱਕ ਫਰਜ ਨੂੰ ਹੋਰ ਬਿਹਤਰੀ ਨਾਲ ਨਿਭਾਅ ਸਕਣ। ਸੈਮੀਨਾਰ ਦੌਰਾਨ ਹਸਪਤਾਲ ਦੇ ਨਰਸਿੰਗ ਸਟਾਫ ਅਤੇ ਵਿਦਿਆਰਥੀਆਂ ਵੱਲੋਂ ਸਕੂਲੀ ਬੱਚਿਆਂ ਨੂੰ ਖੜੇ ਪਾਣੀ ਵਿੱਚ ਪੈਦਾ ਹੋਣ ਵਾਲੇ ਮੱਛਰਾਂ ਪ੍ਰਤੀ ਸਾਵਧਾਨ ਕਰਦੇ ਹੋਏ, ਦੱਸਿਆ ਗਿਆ ਕਿ ਕਿਸ ਤਰ੍ਹਾਂ ਬਿਮਾਰੀ ਨੂੰ ਫੈਲਣ ਤੋਂ ਪਹਿਲਾਂ ਹੀ ਰੋਕਿਆ ਜਾ ਸਕਦਾ ਹੈ। ਉਹਨਾਂ ਦੱਸਿਆ ਕਿ ਆਮ ਤੌਰ ਤੇ ਘਰਾਂ ਦੀਆ ਛੱਤਾਂ ਤੇ ਖੁੱਲ੍ਹੇ ਸਥਾਨਾਂ ਉੱਪਰ ਗਮਲਿਆਂ, ਪੁਰਾਣੇ ਟਾਇਰਾਂ ਅਤੇ ਕੂਲਰਾਂ ਰਹਿ ਜਾਣ ਵਾਲਾ ਪਾਣੀ ਡੇਂਗੂ ਦੇ ਮੱਛਰ ਦੇ ਪੈਦਾ ਹੋਣ ਦਾ ਕਾਰਨ ਬਣਦਾ ਹੈ। ਇਹਨਾਂ ਬਿਮਾਰੀਆਂ ਤੋਂ ਬਚਣ ਲਈ ਸਾਨੂੰ ਆਪਣੇ ਘਰ ਅਤੇ ਆਲੇ ਦੁਆਲੇ ਨੂੰ ਸਾਫ - ਸੁਥਰਾ ਰੱਖਣ ਦੀ ਲੋੜ ਹੈ। ਇਸ ਸੈਮੀਨਾਰ ਵਿੱਚ ਸਕੂਲ ਸਟਾਫ ਵੱਲੋਂ ਵੀ ਵੱਧ-ਚੜ ਕੇ ਹਿੱਸਾ ਲਿਆ ਗਿਆ। ਜਿੱਥੇ ਹੋਰਨਾਂ ਤੋਂ ਇਲਾਵਾ, ਅਮਿਤਾ ਰਾਜਨ, ਹਰਸ਼ ਬਾਲਾ, ਸੋਨੀਆ, ਕਾਮਿਨੀ, ਇਸ਼ੀਤਾ ਕਤਿਆਲ, ਨਵਨੀਤ ਕੌਰ, ਜਸਵੰਤ ਕੌਰ, ਰੂਬੀ ਵਰਮਾ, ਰੀਮਾ, ਗੁਰਪ੍ਰੀਤ ਬਜਾਜ, ਕੁਲਦੀਪ ਕੌਰ, ਵੰਦਨਾ ਸੂਦ, ਨਿਸ਼ੂ, ਮੰਜੂ, ਹਰਜੀਤ ਕੌਰ, ਮੁਸਕਾਨ, ਹਰਸ਼ ਬਾਲਾ, ਗੁਰਲੀਨ ਕੌਰ ਵੀ ਮੌਜੂਦ ਰਹੇ।



# ਦੀਵਾਨ ਨੇ ਨਗਰ ਨਿਗਮ ਨੂੰ ਘੇਰਿਆ: ਸੜਕਾਂ ਦੇ ਧੱਸਣ ਨਾਲ ਜਾਨ-ਮਾਲ ਨੂੰ ਖ਼ਤਰਾ

## ਨਗਰ ਨਿਗਮ ਦੀ ਨਾਕਾਮੀ ਦਰਮਿਆਨ ਲੋਕਾਂ ਦੀ ਜ਼ਿੰਦਗੀ ਖ਼ਤਰੇ ਵਿੱਚ: ਦੀਵਾਨ

**ਲੁਧਿਆਣਾ/ਰਵੀ ਭਾਟੀਆ**

ਜ਼ਿਲ੍ਹਾ ਕਾਂਗਰਸ ਕਮੇਟੀ (ਸ਼ਹਿਰੀ) ਦੇ ਸਾਬਕਾ ਪ੍ਰਧਾਨ ਅਤੇ ਪੰਜਾਬ ਲਾਰਜ ਇੰਡਸਟਰੀਅਲ ਡਿਵੈਲਪਮੈਂਟ ਬੋਰਡ ਦੇ ਸਾਬਕਾ ਚੇਅਰਮੈਨ ਪਵਨ ਦੀਵਾਨ ਨੇ ਲੁਧਿਆਣਾ ਵਾਸੀਆਂ ਦੀ "ਜਾਨ-ਮਾਲ"ਨੂੰ ਦਰਪੇਸ਼ ਖ਼ਤਰੇ 'ਤੇ ਗੰਭੀਰ ਚਿੰਤਾ ਦਾ ਪ੍ਰਗਟਾਵਾ ਕਰਦਿਆਂ, ਕਿਹਾ ਹੈ ਕਿ ਉਦਯੋਗਿਕ ਸ਼ਹਿਰ ਵਿੱਚ ਹਰ ਰੋਜ਼ ਸੜਕਾਂ ਧੱਸਣ ਦੀਆਂ ਘਟਨਾਵਾਂ ਹੁਣ ਆਏ ਦਿਨ ਹੋਣ ਵਾਲੀ ਡਰਾਉਣੀ ਰੁਟੀਨ ਬਣ ਗਈ ਹੈ। ਉਨ੍ਹਾਂ ਨੇ ਕਿਹਾ ਕਿ ਸਥਿਤੀ ਹੋਰ ਵੀ ਚਿੰਤਾਜਨਕ ਇਹ ਹੈ ਕਿ ਇਹ ਸੰਕਟ ਹੁਣ ਸਿਰਫ਼ ਜਾਇਦਾਦ ਦੇ ਨੁਕਸਾਨ ਅਤੇ ਰਾਹਗੀਰਾਂ ਦੀ ਪ੍ਰੇਸ਼ਾਨੀ ਤੱਕ ਸੀਮਿਤ ਨਹੀਂ ਰਿਹਾ ਹੈ, ਸਗੋਂ ਸ਼ਹਿਰ ਵਾਸੀਆਂ ਦੀਆਂ ਜਾਨਾਂ ਵੀ ਖ਼ਤਰੇ ਵਿੱਚ ਪੈ ਗਈਆਂ ਹਨ। ਇਸ ਲੜੀ ਹੇਠ, ਸਥਾਨਕ ਕਿਚਲੂ ਨਗਰ ਵਿਖੇ ਮੌਕੇ 'ਤੇ ਖੁਦ ਸਥਿਤੀ ਦਾ ਜਾਇਜ਼ਾ ਲੈਣ ਤੋਂ ਬਾਅਦ ਜਾਰੀ ਕੀਤੇ ਇੱਕ ਸਖ਼ਤ ਬਿਆਨ ਵਿੱਚ, ਦੀਵਾਨ ਨੇ ਕਿਹਾ ਕਿ ਸੱਗੂ ਚੌਕ ਨੇੜੇ ਸੜਕ ਧੱਸਣ ਦੀ ਤਾਜ਼ਾ ਘਟਨਾ ਵਿੱਚ ਰਿਹਾਇਸ਼ੀ ਇਮਾਰਤਾਂ ਬਾਲ-ਬਾਲ ਬਚੀਆਂ ਹਨ। ਉਨ੍ਹਾਂ ਨੇ ਕਿਹਾ ਕਿ ਸੱਗੂ ਚੌਕ ਨੇੜੇ ਕਿਚਲੂ ਨਗਰ ਦੀ ਲਾਇਨਜ਼ ਭਵਨ ਰੋਡ 'ਤੇ ਹੋਇਆ ਵੱਡਾ ਸੜਕ ਧੱਸਣ ਦਾ ਹਾਦਸਾ ਨਗਰ ਨਿਗਮ ਦੀ ਨਾਕਾਮੀ ਦਾ ਸਭ ਤੋਂ ਸਪੱਸ਼ਟ ਪ੍ਰਤੀਕ ਬਣ ਗਿਆ ਹੈ। ਸੜਕ ਦਾ ਧੱਸਣਾ ਇੰਨਾ ਵੱਡਾ ਹਾਦਸਾ ਸੀ ਕਿ ਨੇੜਲੇ ਰਿਹਾਇਸ਼ੀ ਮਕਾਨ ਵੀ ਢਹਿ ਸਕਦੇ ਸਨ ਅਤੇ ਉੱਥੇ ਰਹਿਣ ਵਾਲੇ ਲੋਕਾਂ ਦੀਆਂ ਜਾਨਾਂ ਨੂੰ ਸਿੱਧਾ ਖ਼ਤਰਾ ਪੈਦਾ ਹੋ ਗਿਆ ਸੀ। ਹਾਲਾਂਕਿ ਇਸ ਵਾਰ ਸਿਰਫ਼ ਕਿਸਮਤ ਨੇ ਨੇੜਲੀ ਇਮਾਰਤ ਨੂੰ ਡਿੱਗਣ ਤੋਂ ਬਚਾਅ ਲਿਆ, ਪਰ ਇਸ ਘਟਨਾ ਨੇ ਇਲਾਕਾ ਵਾਸੀਆਂ ਨੂੰ ਡਰ ਅਤੇ ਸਦਮੇ ਵਿੱਚ ਪਾ ਦਿੱਤਾ ਹੈ। ਉਨ੍ਹਾਂ ਨੂੰ ਇਹ ਸੋਚ ਕੇ ਵੀ ਡਰ ਲੱਗ ਰਿਹਾ ਹੈ ਕਿ ਉਹ ਆਪਣੀ ਜਾਨ ਅਤੇ ਜਾਇਦਾਦ ਦੋਵੇਂ ਗੁਆ ਸਕਦੇ ਸਨ। ਦੀਵਾਨ ਨੇ ਕਿਹਾ ਕਿ ਕਰੀਬ ਚਾਰ ਦਹਾਕੇ ਪੁਰਾਣੀ ਅਤੇ ਜਰਜਰ ਹੋ ਚੁੱਕੀ 72 ਇੰਚ ਦੀ ਇੱਟਾਂ ਨਾਲ ਬਣੀ ਸੀਵਰੇਜ ਲਾਈਨ ਆਖ਼ਰਕਾਰ ਟੁੱਟ ਕਰਕੇ ਇਹ ਸੜਕ ਧੱਸ ਗਈ। ਉਨ੍ਹਾਂ ਨੇ ਕਿਹਾ ਕਿ ਸ਼ਹਿਰ ਦਾ ਢਹਿ ਰਿਹਾ ਬੁਨਿਆਦੀ ਢਾਂਚਾ ਅਤੇ ਪ੍ਰਸ਼ਾਸਨ ਦੀ ਹੈਰਾਨ ਕਰਨ ਵਾਲੀ ਸਮਝ ਤੋਂ ਪਰੇ ਹੈ। ਉਨ੍ਹਾਂ ਨੇ ਲੁਧਿਆਣਾ ਨਗਰ ਨਿਗਮ 'ਤੇ ਵਰ੍ਹਦਿਆਂ, ਕਿਹਾ ਕਿ ਨਗਰ ਨਿਗਮ ਨਾ ਤਾਂ ਅਜਿਹੀਆਂ ਘਟਨਾਵਾਂ ਨੂੰ ਰੋਕਣ ਵਿੱਚ ਸਫ਼ਲ ਰਿਹਾ ਹੈ ਅਤੇ ਨਾ ਹੀ ਮੁਰੰਮਤ ਦੇ ਕੰਮ ਨੂੰ ਢੰਗ ਨਾਲ ਕਰਵਾਉਣ ਵਿੱਚ, ਤਾਂ ਜੋ ਅਜਿਹੀਆਂ ਘਟਨਾਵਾਂ ਮੁੜ ਨਾ ਵਾਪਰਨ। ਦੀਵਾਨ ਨੇ ਜ਼ੋਰ ਦਿੰਦਿਆਂ, ਕਿਹਾ ਕਿ ਖ਼ਰਾਬ ਹੋਏ ਸੀਵਰੇਜ ਨੂੰ ਬਹਾਲ ਕਰਨ, ਮੈਨਹੋਲ ਨੂੰ ਮੁੜ ਬਣਾਉਣ ਅਤੇ ਸੜਕ ਨੂੰ ਆਵਾਜਾਈ ਲਈ ਖੋਲ੍ਹਣ ਵਿੱਚ 10 ਤੋਂ 15 ਦਿਨ ਲੱਗ ਸਕਦੇ ਹਨ। ਇਸ ਕਾਰਨ ਸ਼ਹਿਰ ਵਿੱਚ ਪਾਣੀ ਦੀ ਸਪਲਾਈ ਪ੍ਰਭਾਵਿਤ ਹੋਣ ਦੇ ਨਾਲ-ਨਾਲ ਆਵਾਜਾਈ ਵੀ ਬੁਰੀ ਤਰ੍ਹਾਂ ਪ੍ਰਭਾਵਿਤ ਹੋਵੇਗੀ। ਉਨ੍ਹਾਂ ਨੇ ਚੇਤਾਵਨੀ ਦਿੱਤੀ ਕਿ ਇਹ ਲੰਬਾ ਖਿੱਚਿਆ ਜਾ ਰਿਹਾ ਕੰਮ ਸਿਰਫ਼ ਲੋਕਾਂ ਲਈ ਅਸੁਵਿਧਾ ਨਹੀਂ, ਸਗੋਂ ਨਗਰ ਨਿਗਮ ਦੀ ਅਯੋਗਤਾ ਦਾ ਸਪੱਸ਼ਟ ਸਬੂਤ ਹੈ। ਇਸ ਦੌਰਾਨ ਜ਼ਰੂਰੀ ਸੇਵਾਵਾਂ ਪ੍ਰਭਾਵਿਤ ਹੋ ਰਹੀਆਂ ਹਨ ਅਤੇ ਲੋਕਾਂ ਨੂੰ ਹਰ ਰੋਜ਼ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਉਨ੍ਹਾਂ ਨੇ ਕਿਹਾ ਕਿ ਇੰਨੀ ਦੇਰੀ ਨਗਰ ਨਿਗਮ ਦੀ ਲੋਕਾਂ ਦੀਆਂ ਬੁਨਿਆਦੀ ਨਾਗਰਿਕ ਜ਼ਰੂਰਤਾਂ ਨੂੰ ਸੁਰੱਖਿਅਤ ਰੱਖਣ ਵਿੱਚ ਨਾਕਾਮੀ ਨੂੰ ਉਜਾਗਰ ਕਰਦੀ ਹੈ ਅਤੇ ਲੁਧਿਆਣਾ ਵਰਗੇ ਉਦਯੋਗਿਕ ਸ਼ਹਿਰ ਨੂੰ ਢਹਿ ਰਹੇ ਬੁਨਿਆਦੀ ਢਾਂਚੇ ਅਤੇ ਪ੍ਰਸ਼ਾਸਨਿਕ ਲਾਪਰਵਾਹੀ ਦੇ ਭਰੋਸੇ ਛੱਡ ਦਿੱਤਾ ਗਿਆ ਹੈ। ਦੀਵਾਨ ਨੇ ਸਪੱਸ਼ਟ ਸ਼ਬਦਾਂ ਵਿਚ ਕਿਹਾ ਕਿ ਨਗਰ ਨਿਗਮ ਦੀ ਤੁਰੰਤ ਤਰਜੀਹ ਖ਼ਰਾਬ ਹੋਈ ਸੜਕ ਦੇ ਕਿਨਾਰੇ ਖ਼ਤਰਨਾਕ ਢੰਗ ਨਾਲ ਖੜ੍ਹੇ ਮਕਾਨ ਦੀ ਸੁਰੱਖਿਆ ਯਕੀਨੀ ਬਣਾਉਣਾ ਹੋਣੀ ਚਾਹੀਦੀ ਹੈ, ਕਿਉਂਕਿ ਹੋਰ ਧੱਸਣ ਜਾਂ ਸੜਕ ਦੇ ਮੁੜ ਢਹਿਣ ਨਾਲ ਵੱਡਾ ਹਾਦਸਾ ਵਾਪਰ ਸਕਦਾ ਹੈ। ਇਹ ਘਟਨਾ ਸਿਰਫ਼ ਜਰਜਰ ਹੋ ਰਹੇ ਬੁਨਿਆਦੀ ਢਾਂਚੇ ਦੀ ਨਿਸ਼ਾਨੀ ਨਹੀਂ ਹੈ, ਸਗੋਂ ਇਹ ਡਰਾਉਣੀ ਯਾਦ ਦਿਵਾਉਂਦੀ ਹੈ ਕਿ ਲੋਕਾਂ ਦੀਆਂ ਜਾਨਾਂ ਧਾਗੇ ਨਾਲ ਲਟਕ ਰਹੀਆਂ ਹਨ ਅਤੇ ਪ੍ਰਸ਼ਾਸਨ ਦੀ ਲਾਪਰਵਾਹੀ ਨੇ ਉਨ੍ਹਾਂ ਨੂੰ ਵੱਡੀ ਤਬਾਹੀ ਦੇ ਕੰਢੇ 'ਤੇ ਪਹੁੰਚਾ ਦਿੱਤਾ ਹੈ। ਇਸ ਮੌਕੇ ਦੀਵਾਨ ਦੇ ਨਾਲ ਪੀਸੀਸੀ ਮੈਂਬਰ ਸੁਸ਼ੀਲ ਮਲਹੋਤਰਾ, ਸੀਨੀਅਰ ਕਾਂਗਰਸੀ ਆਗੂ ਇੰਦਰਜੀਤ ਕਪੂਰ, ਨਵੀਸ ਵਾਸਨ, ਕਮਲ ਸਿੰਘਾਨੀਆ, ਰਾਘਵ ਸਿੰਘਾਨੀਆ ਅਤੇ ਕਪਿਲ ਖਰਬੰਦਾ ਵੀ ਮੌਜੂਦ ਸਨ।



# ਭਾਜਪਾ ਨਾਲ ਗਠਜੋੜ ਲਈ ਇੰਨੇ ਬੇਤਾਬ ਕਿਉਂ ਹਨ ਸੁਖਬੀਰ : ਵੜਿੰਗ

**ਚੰਡੀਗੜ੍ਹ** : ਪੰਜਾਬ ਕਾਂਗਰਸ ਪ੍ਰਧਾਨ ਅਮਰਿੰਦਰ ਸਿੰਘ ਰਾਜਾ ਵੜਿੰਗ ਨੇ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਤੋਂ ਪੁੱਛਿਆ ਕਿ ਉਹ ਭਾਜਪਾ ਨਾਲ ਚੋਣ ਗਠਜੋੜ ਲਈ ਇੰਨੇ ਬੇਤਾਬ ਕਿਉਂ ਹਨ ਕਿ ਉਨ੍ਹਾਂ ਨੂੰ ਵਿਧਾਨ ਸਭਾ ਅਤੇ ਲੋਕ ਸਭਾ ਹਲਕਿਆਂ ਦੀ ਹੱਦਬੰਦੀ ਵਰਗੇ ਸੰਵੇਦਨਸ਼ੀਲ ਮੁੱਦੇ 'ਤੇ ਵੀ ਆਪਣਾ ਰੁਖ ਬਦਲਣਾ ਪਿਆ ਹੈ। ਇਸ ਮੌਕੇ ਵੜਿੰਗ ਨੇ ਸੁਖਬੀਰ ਨੂੰ ਯਾਦ ਕਰਵਾਉਂਦਿਆਂ, ਕਿਹਾ ਕਿ ਮਹਿਜ਼ ਤਿੰਨ ਮਹੀਨੇ ਪਹਿਲਾਂ ਹੀ ਅਪ੍ਰੈਲ ਵਿੱਚ ਉਨ੍ਹਾਂ ਦੀ ਪਾਰਟੀ ਨੇ ਹੱਦਬੰਦੀ ਬਿੱਲ ਦਾ ਸਖ਼ਤ ਵਿਰੋਧ ਕੀਤਾ ਸੀ ਅਤੇ ਇਸਨੂੰ ਪੰਜਾਬ ਦੇ ਹਿੱਤਾਂ ਦੇ ਖ਼?ਲਾਫ਼ ਕਰਾਰ ਦਿੱਤਾ ਸੀ। ਉਨ੍ਹਾਂ ਨੇ ਪੁੱਛਿਆ ਕਿ ਫਿਰ ਇਨ੍ਹਾਂ ਤਿੰਨ ਮਹੀਨਿਆਂ ਵਿੱਚ ਅਜਿਹਾ ਕੀ ਬਦਲ ਗਿਆ ਕਿ ਜਿਸ ਬਿੱਲ ਨੂੰ ਤੁਸੀਂ ਪੰਜਾਬ ਦੇ ਹਿੱਤਾਂ ਦੇ ਵਿਰੁੱਧ ਦੱਸ ਰਹੇ ਸੀ, ਹੁਣ ਉਸੇ ਵਿੱਚ ਤੁਹਾਨੂੰ ਖ਼ੂਬੀਆਂ ਨਜ਼ਰ ਆਉਣ ਲੱਗ ਪਈਆਂ ਹਨ? ਜਿਸਨੂੰ ਲੈ ਕੇ ਉਨ੍ਹਾਂ ਨੇ ਤੰਜ ਕੱਸਦਿਆਂ ਕਿਹਾ ਕਿ ਸੁਖਬੀਰ ਨੇ ਬਹੁਤ ਥੋੜ੍ਹੇ ਸਮੇਂ ਵਿੱਚ ਹੀ ਲੋੜ ਨਾਲੋਂ ਵੱਧ ਵਫ਼ਾਦਾਰ ਬਣਨ ਦੀ ਕੋਸ਼ਿਸ਼ ਸ਼ੁਰੂ ਕਰ ਦਿੱਤੀ ਹੈ। ਸੂਬਾ ਕਾਂਗਰਸ ਪ੍ਰਧਾਨ ਨੇ ਕਿਹਾ ਕਿ ਇਸਦੇ ਕਾਰਨ ਬਿਲਕੁਲ ਸਪੱਸ਼ਟ ਹਨ ਕਿ ਆਪਣੀ ਸਿਆਸੀ ਹੋਂਦ ਬਚਾਉਣ ਲਈ ਬੇਤਾਬ ਸੁਖਬੀਰ ਹੁਣ ਭਾਜਪਾ ਨੂੰ ਖੁਸ਼ ਕਰਨ ਦੀ ਪੂਰੀ ਕੋਸ਼ਿਸ਼ ਕਰ ਰਹੇ ਹਨ, ਤਾਂ ਜੋ 2027 ਦੀਆਂ ਪੰਜਾਬ ਵਿਧਾਨ ਸਭਾ ਚੋਣਾਂ ਤੋਂ ਪਹਿਲਾਂ ਭਾਜਪਾ ਨਾਲ ਚੋਣ ਗਠਜੋੜ ਹੋ ਸਕੇ। ਉਨ੍ਹਾਂ ਨੇ ਜ਼ੋਰ ਦਿੰਦਿਆਂ, ਕਿਹਾ ਕਿ ਜਦੋਂ ਲੋਕ ਸਭਾ ਚੋਣਾਂ ਤੋਂ ਪਹਿਲਾਂ ਅਕਾਲੀ ਦਲ ਭਾਜਪਾ ਨਾਲ ਗਠਜੋੜ ਕਰਨ ਵਿੱਚ ਅਸਫਲ ਰਿਹਾ ਸੀ, ਤਾਂ ਸੁਖਬੀਰ ਨੇ ਦਾਅਵਾ ਕੀਤਾ ਸੀ ਕਿ ਉਹ ਪੰਜਾਬ ਦੇ ਹਿੱਤਾਂ ਨਾਲ ਸਮਝੌਤਾ ਨਹੀਂ ਕਰਨਾ ਚਾਹੁੰਦੇ ਹਨ। ਵੜਿੰਗ ਨੇ ਸੁਖਬੀਰ ਨੂੰ ਯਾਦ ਕਰਵਾਇਆ ਕਿ ਹੁਣ ਜਦੋਂ ਤੁਸੀਂ ਆਪਣੀ ਹੋਂਦ ਬਚਾਉਣ ਲਈ ਇੰਨੇ ਬੇਤਾਬ ਹੋ ਕਿ ਤੁਸੀਂ ਪੰਜਾਬ ਦੇ ਉਨ੍ਹਾਂ ਹਿੱਤਾਂ ਨੂੰ ਹੀ ਭੁੱਲ ਗਏ ਹੋ, ਜਿਨ੍ਹਾਂ ਲਈ ਤੁਸੀਂ 2024 ਵਿੱਚ ਸਟੈਂਡ ਲੈਣ ਦਾ ਦਾਅਵਾ ਕੀਤਾ ਸੀ। ਉਨ੍ਹਾਂ ਨੇ ਕਿਹਾ ਕਿ ਸੁਖਬੀਰ ਦਾ ਸਿਆਸੀ ਮੌਕਾਪ੍ਰਸਤੀ ਵਾਲਾ ਚਿਹਰਾ ਇੱਕ ਵਾਰ ਫਿਰ ਬੇਨਕਾਬ ਹੋ ਗਿਆ ਹੈ। ਸੂਬਾ ਕਾਂਗਰਸ ਪ੍ਰਧਾਨ ਨੇ ਦਾਅਵਾ ਕੀਤਾ ਕਿ ਭਾਵੇਂ ਅਕਾਲੀ ਦਲ ਅਤੇ ਭਾਜਪਾ ਚੋਣਾਂ ਲਈ ਇਕੱਠੇ ਹੋ ਜਾਣ, ਫਿਰ ਵੀ ਉਨ੍ਹਾਂ ਦੀ ਜਿੱਤ ਦੀ ਕੋਈ ਸੰਭਾਵਨਾ ਨਹੀਂ ਹੈ। ਪੰਜਾਬ ਦੇ ਲੋਕ ਨਾ ਤਾਂ ਬੇਅਦਬੀ ਦੀਆਂ ਘਟਨਾਵਾਂ ਨੂੰ ਭੁੱਲੇ ਹਨ ਅਤੇ ਨਾ ਹੀ ਕਿਸਾਨਾਂ 'ਤੇ ਹੋਏ ਅੱਤਿਆਚਾਰਾਂ ਨੂੰ ਭੁੱਲੇ ਹਨ। ਇਨ੍ਹਾਂ ਦੋਵਾਂ ਮਾਮਲਿਆਂ ਵਿੱਚ ਦੋਵੇਂ ਪਾਰਟੀਆਂ ਕ੍ਰਮਵਾਰ ਜ਼ਿੰਮੇਵਾਰ ਰਹੀਆਂ ਹਨ। ਇਨ੍ਹਾਂ ਦੋਵਾਂ ਪਾਰਟੀਆਂ ਦੇ ਇਕੱਠੇ ਆਉਣ ਨਾਲ ਉਨ੍ਹਾਂ ਦੀਆਂ ਚੋਣ ਸੰਭਾਵਨਾਵਾਂ 'ਤੇ ਕੋਈ ਖ਼ਾਸ ਫ਼ਰਕ ਨਹੀਂ ਪਵੇਗਾ, ਸਗੋਂ ਇਹ ਉਨ੍ਹਾਂ ਦੀ ਸਿਆਸੀ ਮੌਕਾਪ੍ਰਸਤੀ ਨੂੰ ਹੋਰ ਉਜਾਗਰ ਕਰੇਗਾ।



# ਪਾਵਰਕਾਮ ਨਿਰਵਿਘਨ ਬਿਜਲੀ ਸਪਲਾਈ ਦੇਣ ਲਈ ਪੂਰੀ ਤਰ੍ਹਾਂ ਵਚਨਬੱਧ: ਡਾ. ਬਸੰਤ ਗਰਗ

**ਲੁਧਿਆਣਾ/ਰਵੀ ਭਾਟੀਆ**

ਪੰਜਾਬ ਸਟੇਟ ਪਾਵਰ ਕਾਰਪੋਰੇਸ਼ਨ ਲਿਮਿਟੇਡ (ਪਾਵਰਕਾਮ) ਦੇ ਚੇਅਰਮੈਨ-ਕਮ-ਮੈਨੇਜਿੰਗ ਡਾਇਰੈਕਟਰ (ਸੀ.ਐਮ.ਡੀ.) ਡਾ. ਬਸੰਤ ਗਰਗ ਨੇ ਅੱਜ ਉਦਯੋਗਿਕ ਵਪਾਰੀਆਂ ਅਤੇ ਕਿਸਾਨ ਜਥੇਬੰਦੀਆਂ ਦੇ ਨੁਮਾਇੰਦਿਆਂ ਨਾਲ ਵੱਖ-ਵੱਖ ਮੀਟਿੰਗਾਂ ਕਰਦਿਆਂ ਉਨ੍ਹਾਂ ਦੀਆਂ ਸਮੱਸਿਆਵਾਂ, ਸੁਝਾਵਾਂ ਅਤੇ ਮੰਗਾਂ ਬਾਰੇ ਵਿਸਥਾਰ ਨਾਲ ਵਿਚਾਰ-ਵਟਾਂਦਰਾ ਕੀਤਾ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਵੱਲੋਂ ਉਦਯੋਗਿਕ ਅਤੇ ਖੇਤੀਬਾੜੀ ਖਪਤਕਾਰਾਂ ਨੂੰ ਨਿਰਵਿਘਨ ਅਤੇ ਭਰੋਸੇਯੋਗ ਬਿਜਲੀ ਸਪਲਾਈ ਮੁਹੱਈਆ ਕਰਵਾਉਣ ਲਈ ਹਰ ਸੰਭਵ ਯਤਨ ਕਰਨ ਦੇ ਦਿੱਤੇ ਗਏ ਨਿਰਦੇਸ਼ਾਂ ਨੂੰ ਅਮਲੀ ਜਾਮਾ ਪਾਉਣ ਲਈ ਹੀ ਅੱਜ ਦੀਆਂ ਇਹ ਮੀਟਿੰਗਾਂ ਰੱਖੀਆਂ ਗਈਆਂ ਹਨ। ਇਸ ਮੀਟਿੰਗ ਦੌਰਾਨ ਐਸੋਸੀਏਸ਼ਨ ਆਫ਼ ਟਰੇਡ ਐਂਡ ਇੰਡਸਟਰੀਅਲ ਅੰਡਰਟੇਕਿੰਗਜ਼ (ਏ.ਟੀ.ਆਈ.ਯੂ.) ਦੇ ਪ੍ਰਧਾਨ ਪੰਕਜ ਸ਼ਰਮਾ ਨੇ ਸੀ.ਐਮ.ਡੀ. ਡਾ. ਬਸੰਤ ਗਰਗ ਨੂੰ ਉਨ੍ਹਾਂ ਦੀ ਨਿਯੁਕਤੀ 'ਤੇ ਵਧਾਈ ਦਿੰਦਿਆਂ ਉਦਯੋਗਾਂ ਨੂੰ ਨਿਰਵਿਘਨ ਬਿਜਲੀ ਸਪਲਾਈ ਹੋਰ ਮਜ਼ਬੂਤ ਬਣਾਉਣ ਸਬੰਧੀ ਇੱਕ ਮੰਗ ਪੱਤਰ ਵੀ ਸੌਂਪਿਆ। ਮੰਗ ਪੱਤਰ ਵਿੱਚ ਉਦਯੋਗਾਂ ਨੂੰ ਬਿਨਾਂ ਰੁਕਾਵਟ ਬਿਜਲੀ ਸਪਲਾਈ ਯਕੀਨੀ ਬਣਾਉਣ, ਤਕਨੀਕੀ ਸਟਾਫ਼ ਦੀ ਘਾਟ ਨੂੰ ਦੂਰ ਕਰਨ, ਗਰਮੀ ਦੇ ਮੌਸਮ ਤੋਂ ਪਹਿਲਾਂ ਬਿਜਲੀ ਪ੍ਰਣਾਲੀ ਦੀ ਰੋਕਥਾਮੀ ਸਾਂਭ-ਸੰਭਾਲ (ਪ੍ਰੀਵੈਂਟਿਵ ਮੇਨਟੀਨੈਂਸ), ਭਵਿੱਖ ਦੀ ਬਿਜਲੀ ਮੰਗ ਨੂੰ ਧਿਆਨ ਵਿੱਚ ਰੱਖਦਿਆਂ ਲੰਬੀ ਮਿਆਦ ਦੀ ਯੋਜਨਾਬੰਦੀ, ਨਵੇਂ ਸਬ-ਸਟੇਸ਼ਨਾਂ ਦੀ ਸਥਾਪਨਾ, ਲੰਬੀਆਂ ਕੇਬਲ ਲਾਈਨਾਂ ਦੀ ਮੁੜ ਵਿਵਸਥਾ, ਪੁਰਾਣੇ ਟਰਾਂਸਫਾਰਮਰਾਂ ਦੀ ਸਮੇਂ ਸਿਰ ਸਾਂਭ-ਸੰਭਾਲ ਅਤੇ ਉਦਯੋਗਿਕ ਇਲਾਕਿਆਂ ਵਿੱਚ ਸਟਰੀਟ ਲਾਈਟਾਂ ਦੀ ਸੰਭਾਲ ਵਰਗੇ ਸੁਝਾਅ ਦਿੱਤੇ ਗਏ। ਡਾ. ਬਸੰਤ ਗਰਗ ਨੇ ਉਦਯੋਗਿਕ ਨੁਮਾਇੰਦਿਆਂ ਨੂੰ ਭਰੋਸਾ ਦਿਵਾਇਆ ਕਿ ਉਨ੍ਹਾਂ ਵੱਲੋਂ ਦਿੱਤੇ ਗਏ ਸਾਰੇ ਸੁਝਾਵਾਂ ਅਤੇ ਮੰਗਾਂ 'ਤੇ ਪਾਵਰਕਾਮ ਵੱਲੋਂ ਗੰਭੀਰਤਾ ਨਾਲ ਵਿਚਾਰ ਕੀਤਾ ਜਾਵੇਗਾ ਅਤੇ ਜਿਹੜੇ ਵੀ ਸੁਝਾਅ ਲੋਕ ਹਿੱਤ ਅਤੇ ਬਿਜਲੀ ਪ੍ਰਣਾਲੀ ਨੂੰ ਹੋਰ ਮਜ਼ਬੂਤ ਬਣਾਉਣ ਲਈ ਲਾਹੇਵੰਦ ਹੋਣਗੇ, ਉਨ੍ਹਾਂ ਨੂੰ ਤਰਜੀਹ ਦੇ ਆਧਾਰ 'ਤੇ ਅਮਲ ਵਿੱਚ ਲਿਆਂਦਾ ਜਾਵੇਗਾ। ਮੀਟਿੰਗ ਦੌਰਾਨ ਡਾ. ਗਰਗ ਨੇ ਕਿਹਾ ਕਿ ਉਦਯੋਗਿਕ ਇਕਾਈਆਂ ਨੂੰ ਬਿਨਾਂ ਰੁਕਾਵਟ ਬਿਜਲੀ ਸਪਲਾਈ ਯਕੀਨੀ ਬਣਾਉਣਾ ਪਾਵਰਕਾਮ ਦੀ ਪਹਿਲ ਹੈ। ਜੇਕਰ ਕਿਸੇ ਐਮਰਜੈਂਸੀ ਕਾਰਨ ਬਿਜਲੀ ਸਪਲਾਈ ਦਾ ਕੱਟ ਲਗਾਉਣਾ ਪਵੇ ਤਾਂ ਉਦਯੋਗਿਕ ਇਕਾਈ ਨੂੰ ਪਹਿਲਾਂ ਹੀ ਸੂਚਿਤ ਕੀਤਾ ਜਾਵੇਗਾ। ਉਨ੍ਹਾਂ ਕਿਹਾ ਕਿ ਲੋਡ ਵਧਾਉਣ, ਟਰਾਂਸਫਾਰਮਰ ਓਵਰਲੋਡ ਹੋਣ ਜਾਂ ਕਿਸੇ ਹੋਰ ਤਕਨੀਕੀ ਸਮੱਸਿਆ ਦੀ ਸੂਰਤ ਵਿੱਚ ਉਦਯੋਗਪਤੀ ਸਿੱਧੇ ਉਨ੍ਹਾਂ ਨਾਲ ਜਾਂ ਸਬੰਧਤ ਅਧਿਕਾਰੀਆਂ ਨਾਲ ਸੰਪਰਕ ਕਰਨ ਤਾਂ ਜੋ ਸਮੇਂ ਸਿਰ ਹੱਲ ਯਕੀਨੀ ਬਣਾਇਆ ਜਾ ਸਕੇ। ਸੀ.ਐਮ.ਡੀ. ਨੇ ਕਿਹਾ ਕਿ ਪਾਵਰਕਾਮ ਬਿਜਲੀ ਵੰਡ ਪ੍ਰਣਾਲੀ ਨੂੰ ਹੋਰ ਮਜ਼ਬੂਤ ਅਤੇ ਆਧੁਨਿਕ ਬਣਾਉਣ ਲਈ ਰੀਵੈਂਪਡ ਡਿਸਟ?ਰੀਬਿਊਸ਼ਨ ਸੈਕਟਰ ਸਕੀਮ (ਆਰ.ਡੀ.ਐਸ.ਐਸ.) ਤਹਿਤ ਵੱਡੇ ਪੱਧਰ 'ਤੇ ਕੰਮ ਕਰ ਰਿਹਾ ਹੈ। ਇਸ ਸਕੀਮ ਅਧੀਨ ਬਿਜਲੀ ਢਾਂਚੇ ਦੀ ਸਾਂਭ-ਸੰਭਾਲ, ਸਿਸਟਮ ਨੂੰ ਮਜ਼ਬੂਤ ਕਰਨ ਅਤੇ ਸ਼ਹਿਰੀ ਖੇਤਰਾਂ ਵਿੱਚ ਵਿਕਾਸ ਕਾਰਜਾਂ ਨੂੰ ਤੇਜ਼ੀ ਨਾਲ ਅਮਲ ਵਿੱਚ ਲਿਆਂਦਾ ਜਾ ਰਿਹਾ ਹੈ ਤਾਂ ਜੋ ਖਪਤਕਾਰਾਂ ਨੂੰ ਹੋਰ ਬਿਹਤਰ ਅਤੇ ਨਿਰਵਿਘਨ ਬਿਜਲੀ ਸੇਵਾਵਾਂ ਮੁਹੱਈਆ ਕਰਵਾਈਆਂ ਜਾ ਸਕਣ।

ਡਾ. ਬਸੰਤ ਗਰਗ ਨੇ ਦੁਹਰਾਇਆ ਕਿ ਪਾਵਰਕਾਮ ਖਪਤਕਾਰਾਂ ਦੀਆਂ ਸਮੱਸਿਆਵਾਂ ਦੇ ਸਮੇਂ ਸਿਰ ਹੱਲ ਅਤੇ ਗੁਣਵੱਤਾ ਭਰਪੂਰ ਬਿਜਲੀ ਸੇਵਾਵਾਂ ਪ੍ਰਦਾਨ ਕਰਨ ਲਈ ਪੂਰੀ ਤਰ੍ਹਾਂ ਵਚਨਬੱਧ ਹੈ। ਉਦਯੋਗਿਕ ਵਪਾਰੀਆਂ ਨਾਲ ਹੋਈ ਮੀਟਿੰਗ ਵਿੱਚ ਸੀਆਈਸੀਯੂ ਦੇ ਪ੍ਰਧਾਨ ਉਪਕਾਰ ਸਿੰਘ ਆਹੂਜਾ, ਰਾਹੁਲ ਆਹੂਜਾ, ਫੀਕੋ ਦੇ ਗੁਰਮੀਤ ਸਿੰਘ ਕੁਲਾਰ, ਫੇਜ਼-8 ਇੰਡਸਟਰੀਅਲ ਐਸੋਸੀਏਸ਼ਨ ਦੇ ਓ.ਪੀ. ਬੱਸੀ, ਏ.ਟੀ.ਆਈ.ਯੂ. ਦੇ ਪੰਕਜ ਸ਼ਰਮਾ, ਇੰਡਕਸ਼ਨ ਫਰਨੇਸ ਐਸੋਸੀਏਸ਼ਨ ਦੇ ਕੇ.ਕੇ. ਗਰਗ, ਨਵਯੁਗ ਯੂਨਾਈਟਿਡ ਸਾਈਕਲ ਪਾਰਟ ਮੈਨੂਫੈਕਚਰਰਜ਼ ਐਸੋਸੀਏਸ਼ਨ ਦੇ ਇੰਦਰਜੀਤ, ਧਾਂਦਰੀ ਇੰਡਸਟਰੀਅਲ ਵੈਲਫੇਅਰ ਐਸੋਸੀਏਸ਼ਨ (ਦੀਵਾ) ਦੇ ਸਤਨਾਮ ਮੱਕੜ, ਸਮਾਲ ਸਕੇਲ ਇੰਡਸਟਰੀ ਐਸੋਸੀਏਸ਼ਨ ਦੇ ਅਮਰਜੀਤ ਚੌਹਾਨ, ਕੱਕਾ ਰੋਡ ਇੰਡਸਟਰੀ ਐਸੋਸੀਏਸ਼ਨ ਦੇ ਰਮੇਸ਼ ਗਰਗ, ਕੁਲਵੰਤ ਸਿੰਘ, ਵਾਰਿਅਮ ਸਟੀਲ ਦੇ ਅਤੁਲ ਗੁਪਤਾ, ਅਰੋੜਾ ਆਇਰਨ ਐਂਡ ਸਟੀਲ ਦੇ ਰਮਿੰਦਰਪਾਲ ਸਿੰਘ, ਬਹਾਦੁਰਕੇ ਰੋਡ ਡਾਈਂਗ ਐਸੋਸੀਏਸ਼ਨ ਦੇ ਰਜਨੀਸ਼ ਗੁਪਤਾ ਅਤੇ ਸੁਭਾਸ਼ ਸੈਣੀ, ਐਮ.ਸੀ. ਐਂਡ ਪਾਈਪ ਪਲਾਂਟ ਮੈਨੂਫੈਕਚਰਰਜ਼ ਐਸੋਸੀਏਸ਼ਨ ਦੇ ਉਪ ਪ੍ਰਧਾਨ ਅਸ਼ੋਕ ਸ਼ਰਮਾ, ਕੁਮਾਰ ਸਪੋਰਟਸ ਦੇ ਸੁਨੀਲ ਕੁਮਾਰ, ਅਨੰਤ ਸਟੀਲ ਸਾਹਨੇਵਾਲ ਦੇ ਸੁਨੀਲ ਕਪੂਰ, ਚੌਹਾਨ ਫਾਊਂਡੇਸ਼ਨ ਦੇ ਕੀਰਤੀ ਗਰਗ, ਜੁਗੀਆਣਾ ਇੰਡਸਟਰੀ ਐਸੋਸੀਏਸ਼ਨ ਦੇ ਕੁਲਦੀਪ ਸਿੰਘ, ਫਾਲਕਨ ਇੰਡਸਟਰੀ ਆਲਮਗੀਰ ਦੇ ਐੱਸ.ਪੀ. ਸਿੰਘ ਅਤੇ ਏਪੀ ਰਿਫਾਈਨਰੀ ਦੇ ਸ਼ਿਵ ਗੋਇਲ ਸਮੇਤ ਹੋਰ ਨੁਮਾਇੰਦੇ ਹਾਜ਼ਰ ਸਨ।

**ਕਿਸਾਨ ਜਥੇਬੰਦੀਆਂ ਦੇ ਨੁਮਾਇੰਦਿਆਂ ਨਾਲ ਮੀਟਿੰਗ ਕਰਕੇ ਸੁਣੀਆਂ ਸਮੱਸਿਆਵਾਂ, ਤੁਰੰਤ ਹੱਲ ਦਾ ਦਿੱਤਾ ਭਰੋਸਾ**

# ਰੱਖਿਆ ਸੇਵਾਵਾਂ ਭਲਾਈ ਵਿਭਾਗ ਵਿੱਚ 51 ਨਵੀਆਂ ਨਿਯੁਕਤੀਆਂ ਨਾਲ ਸਾਬਕਾ ਸੈਨਿਕਾਂ ਤੇ ਉਨ੍ਹਾਂ ਦੇ ਪਰਿਵਾਰਾਂ ਨੂੰ ਹੋਰ ਬਿਹਤਰ ਸੇਵਾਵਾਂ ਮਿਲਣਗੀਆਂ : ਭਗਤ

**ਐੱਸ ਏ ਐੱਸ ਨਗਰ** : ਪੰਜਾਬ ਦੇ ਨੌਜਵਾਨਾਂ ਨੂੰ ਸਰਕਾਰੀ ਨੌਕਰੀਆਂ ਪ੍ਰਦਾਨ ਕਰਨ ਦੇ ਮੁੱਖ ਮੰਤਰੀ ਸ.ਭਗਵੰਤ ਸਿੰਘ ਮਾਨ ਦੇ ਮਿਸ਼ਨ ਦੀ ਲਗਾਤਾਰਤਾ ਵਿੱਚ ਸ਼ਨੀਵਾਰ ਰੱਖਿਆ ਸੇਵਾਵਾਂ ਭਲਾਈ, ਸੁਤੰਤਰਤਾ ਸੈਨਾਨੀ ਅਤੇ ਬਾਗਬਾਨੀ ਮੰਤਰੀ ਸ੍ਰੀ ਮੋਹਿੰਦਰ ਭਗਤ ਨੇ ਸੈਨਿਕ ਸਦਨ, ਮੋਹਾਲੀ ਵਿਖੇ ਰੱਖਿਆ ਸੇਵਾਵਾਂ ਭਲਾਈ ਵਿਭਾਗ ਵਿੱਚ ਨਵ-ਨਿਯੁਕਤ 8 ਜ਼ਿਲ੍ਹਾ ਰੱਖਿਆ ਸੇਵਾਵਾਂ ਭਲਾਈ ਅਫ਼ਸਰਾਂ, 42 ਸੈਨਿਕ ਭਲਾਈ ਪ੍ਰਬੰਧਕਾਂ ਅਤੇ 1 ਕਲਰਕ ਸਮੇਤ ਕੁੱਲ 51 ਅਧਿਕਾਰੀਆਂ ਤੇ ਕਰਮਚਾਰੀਆਂ ਨੂੰ ਰਸਮੀ ਤੌਰ 'ਤੇ ਨਿਯੁਕਤੀ ਪੱਤਰ ਸੌਂਪੇ। ਇਸ ਮੌਕੇ ਸਮਾਗਮ ਨੂੰ ਸੰਬੋਧਨ ਕਰਦਿਆਂ ਮੰਤਰੀ ਸ੍ਰੀ ਮੋਹਿੰਦਰ ਭਗਤ ਨੇ ਕਿਹਾ ਕਿ ਇਨ੍ਹਾਂ ਨਿਯੁਕਤੀਆਂ ਨਾਲ ਵਿਭਾਗ ਦੀ ਕਾਰਜਕੁਸ਼ਲਤਾ ਹੋਰ ਮਜ਼ਬੂਤ ਹੋਵੇਗੀ ਅਤੇ ਸਾਬਕਾ ਸੈਨਿਕਾਂ, ਸ਼ਹੀਦਾਂ ਦੇ ਪਰਿਵਾਰਾਂ, ਵਿਧਵਾਵਾਂ ਅਤੇ ਉਨ੍ਹਾਂ ਦੇ ਆਸ਼ਰਿਤਾਂ ਨੂੰ ਸਰਕਾਰੀ ਸੇਵਾਵਾਂ ਹੋਰ ਬਿਹਤਰ ਅਤੇ ਸਮੇਂ ਸਿਰ ਮੁਹੱਈਆ ਕਰਵਾਈਆਂ ਜਾ ਸਕਣਗੀਆਂ। ਮੰਤਰੀ ਸ੍ਰੀ ਭਗਤ ਨੇ ਕਿਹਾ ਕਿ ਵਿਭਾਗ ਲੰਬੇ ਸਮੇਂ ਤੋਂ ਸਟਾਫ਼ ਦੀ ਘਾਟ ਦਾ ਸਾਹਮਣਾ ਕਰ ਰਿਹਾ ਸੀ, ਜਿਸ ਕਾਰਨ ਸਾਬਕਾ ਸੈਨਿਕਾਂ, ਸ਼ਹੀਦਾਂ ਦੇ ਪਰਿਵਾਰਾਂ ਅਤੇ ਹੋਰ ਲਾਭਪਾਤਰੀਆਂ ਨਾਲ ਸਬੰਧਤ ਭਲਾਈ ਕਾਰਜ ਪ੍ਰਭਾਵਿਤ ਹੋ ਰਹੇ ਸਨ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਕੀਤੇ ਜਾ ਰਹੇ ਲਗਾਤਾਰ ਉਪਰਾਲਿਆਂ ਸਦਕਾ ਰੱਖਿਆ ਸੇਵਾਵਾਂ ਭਲਾਈ ਵਿਭਾਗ ਦੀ ਕੁੱਲ ਨਫ਼ਰੀ ਵਿੱਚ ਲਗਭਗ 20 ਫ਼ੀਸਦੀ ਸਟਾਫ਼ ਦੀ ਘਾਟ ਪੂਰੀ ਹੋ ਗਈ ਹੈ। ਉਨ੍ਹਾਂ ਕਿਹਾ ਕਿ ਨਵੀਆਂ ਨਿਯੁਕਤੀਆਂ ਨਾਲ ਵਿਭਾਗ ਦੀਆਂ ਸੇਵਾਵਾਂ ਨੂੰ ਜ਼ਿਲ੍ਹਾ ਪੱਧਰ 'ਤੇ ਹੋਰ ਪ੍ਰਭਾਵਸ਼ਾਲੀ ਢੰਗ ਨਾਲ ਲੋਕਾਂ ਤੱਕ ਪਹੁੰਚਾਉਣ ਵਿੱਚ ਮਦਦ ਮਿਲੇਗੀ। ਇਸ ਮੌਕੇ ਰੱਖਿਆ ਸੇਵਾਵਾਂ ਭਲਾਈ ਵਿਭਾਗ ਦੇ ਪ੍ਰਮੁੱਖ ਸਕੱਤਰ ਸ੍ਰੀ ਸੁਮੇਰ ਸਿੰਘ ਗੁਰਜਰ, ਡਾਇਰੈਕਟਰ ਬ੍ਰਿਗੇਡੀਅਰ ਭੁਪਿੰਦਰ ਸਿੰਘ ਢਿੱਲੋਂ (ਸੇਵਾਮੁਕਤ) ਅਤੇ ਹੋਰ ਸੀਨੀਅਰ ਅਧਿਕਾਰੀ ਅਤੇ ਕਰਮਚਾਰੀ ਹਾਜ਼ਰ ਸਨ।



# ਆਪ ਕੌਂਸਲਰਾਂ ਵਿਚ ਪੈ ਗਈ ਫੁੱਟ, ਖੰਨਾ ਨਗਰ ਕੌਂਸਲ ਹੋਈ ਤਿੰਨ-ਫਾੜ

## ਹਾਊਸ ਦੀ ਪਹਿਲੀ ਬੈਠਕ ਵਿਚ ਹੀ ਪਿਆ ਪਟਾਕਾ

ਜ਼ਿਕਰ ਪੰਜਾਬ

**ਖੰਨਾ/ਮਨਜੀਤ ਸਿੰਘ ਧੀਮਾਨ**

ਖੰਨਾ ਸ਼ਹਿਰ ਵਾਸੀਆਂ ਵੱਲੋਂ ਨਗਰ ਕੌਂਸਲ ਚੋਣਾਂ ਵਿੱਚ ਆਮ ਆਦਮੀ ਪਾਰਟੀ ਨੂੰ ਵੱਡਾ ਜਨ-ਸਮਰਥਨ ਦਿੰਦੇ ਹੋਏ ਪੂਰਨ ਬਹੁਮਤ ਦਿੱਤਾ ਗਿਆ ਸੀ। ਆਪ ਵੱਲੋ ਸ਼ਹਿਰ ਦੀਆਂ 33 ਸੀਟਾਂ ਵਿਚੋਂ 25 ਸੀਟਾਂ ਉੱਤੇ ਵੱਡੀ ਜਿੱਤ ਨਸੀਬ ਹੋਈ ਸੀ। ਜਿਸ ਨੂੰ ਲੈ ਕੇ ਜਿੱਥੇ ਮੰਤਰੀ ਤਰੁਨਪ੍ਰੀਤ ਸਿੰਘ ਸੌਂਦ ਬਾਗੋ ਬਾਗ ਹੋਏ ਸਨ, ਉੱਥੇ ਹੀ ਸ਼ਹਿਰ ਵਾਸੀਆਂ ਨੂੰ ਵੀ ਵੱਡੀ ਉਮੀਦ ਜਾਗੀ ਸੀ ਕਿ ਹੁਣ ਸਪੱਸ਼ਟ ਬਹੁਮਤ ਹੋਣ ਕਰਕੇ ਵਿਕਾਸ ਕਾਰਜਾਂ ਵਿੱਚ ਕੋਈ ਦਿੱਕਤ ਨਹੀਂ ਆਵੇਗੀ ਕਿਉਂਕਿ ਮੰਤਰੀ ਤਰੁਨਪ੍ਰੀਤ ਸਿੰਘ ਸੌਂਦ ਵੀ ਚੋਣਾਂ ਤੋਂ ਪਹਿਲਾਂ ਲੋਕਾਂ ਨਾਲ ਲਗਾਤਾਰ ਵਾਅਦੇ ਕਰ ਰਹੇ ਸਨ ਕਿ ਇਕ ਵਾਰ ਸ਼ਹਿਰ ਵਾਸੀ ਨਗਰ ਕੌਂਸਲ ਉੱਤੇ ਆਮ ਆਦਮੀ ਪਾਰਟੀ ਦਾ ਕਬਜ਼ਾ ਕਰਵਾ ਦੇਣ, ਜਿਸ ਮਗਰੋਂ ਉਹ ਸ਼ਹਿਰ ਵਿਚ ਵਿਕਾਸ ਦੀਆਂ ਹਨੇਰੀਆਂ ਲਿਆ ਦੇਣਗੇ ਅਤੇ ਖੰਨਾ ਨੂੰ ਚੰਡੀਗੜ੍ਹ ਵਰਗਾ ਸੋਹਣਾ ਸ਼ਹਿਰ ਬਣਾਇਆ ਜਾਵੇਗਾ। ਸ਼ਹਿਰ ਦੇ ਲੋਕਾਂ ਨੂੰ ਉਮੀਦਾਂ ਨਾਲ ਵੱਡੀ ਜਿੱਤ ਦਿਵਾ ਕੇ ਨਗਰ ਕੌਂਸਲ ਆਪ ਦੇ ਹਵਾਲੇ ਕਰ ਦਿੱਤੀ ਗਈ ਪਰ ਨਗਰ ਕੌਂਸਲ ਦੇ ਪ੍ਰਧਾਨ ਦੀ ਚੋਣ ਵਾਲੇ ਦਿਨ ਨੂੰ ਆਪ ਵਿਚ ਸਿਆਸੀ ਪਟਾਕਾ ਪੈ ਗਿਆ। ਆਪ ਦੇ 25 ਕੌਂਸਲਰਾਂ ਵਿਚ ਵੱਡੀ ਫੁੱਟ ਪੈ ਗਈ, ਆਪ ਕੌਂਸਲਰ ਤੋਂ ਧੜਿਆ ਵਿਚ ਵੰਡੇ ਗਏ। ਕਹਿਣ ਨੂੰ ਸਾਰੇ ਤਿੰਨੇ ਧੜੇ ਮੰਤਰੀ ਸੌਂਦ ਦੇ ਨਿਰਦੇਸ਼ਾਂ ਉੱਤੇ ਕਮੇਟੀ ਵਿੱਚ ਲੋਕਾਂ ਦੇ ਕੰਮ ਕਰਨ ਦੇ ਦਾਅਵੇ ਕਰ ਰਹੇ ਹਨ ਪਰ ਅੰਦਰੋਂ ਅੰਦਰੀਂ ਆਪ ਕੌਂਸਲਰ ਤਿੰਨ-ਫਾੜ ਹੋ ਚੁੱਕੇ ਹਨ।

**ਹਾਊਸ ਦੀ ਪਹਿਲੀ ਬੈਠਕ ਵਿਚ ਹੀ ਪਿਆ ਪਟਾਕਾ**

ਵੈਸੇ ਤਾਂ ਆਮ ਆਦਮੀ ਪਾਰਟੀ ਦੇ ਕੌਂਸਲਰ ਪ੍ਰਧਾਨਗੀ ਦੀ ਚੋਣ ਵਾਲੇ ਦਿਨ ਹੀ ਤਿੰਨ-ਫਾੜ ਹੋ ਗਏ ਸਨ ਪਰ ਹਾਊਸ ਦੀ ਪਹਿਲੀ ਬੈਠਕ ਵਿੱਚ ਹੀ ਅਸਲ ਖਿਲਾਰਾ ਪੈ ਗਿਆ ਸੀ। ਜਿਨ੍ਹਾਂ ਦੇ ਤਿੰਨ-ਫਾੜ ਹੋਣ ਦੇ ਚਰਚੇ ਜੱਗ ਜ਼ਾਹਿਰ ਹੋ ਗਏ ਸਨ। ਜਿੱਥੇ ਪ੍ਰਧਾਨਗੀ ਦੀ ਚੋਣ ਵਾਲੇ ਤਿੰਨ ਸੀਨੀਅਰ ਕੌਂਸਲਰ ਰਾਜਿੰਦਰ ਸਿੰਘ ਜੀਤ, ਸੁਨੀਲ ਕੁਮਾਰ ਨੀਟਾ ਅਤੇ ਪਰਮਪ੍ਰੀਤ ਸਿੰਘ ਪੋਂਪੀ ਤੁਰੰਤ ਬਾਹਰ ਨਿਕਲ ਕੇ ਆਪਣਾ ਵਿਰੋਧ ਦਰਜ ਕਰਵਾ ਗਏ ਸਨ, ਉੱਥੇ ਹੀ ਹਾਊਸ ਦੀ ਪਹਿਲੀ ਬੈਠਕ ਵਿਚ ਵਿਰੋਧੀ ਧਿਰ ਤਾਂ ਸ਼ਾਂਤ ਰਹੀ ਪਰ ਆਪ ਦੇ ਕੌਂਸਲਰਾਂ ਨੇ ਕਈ ਮਤਿਆ ਦਾ ਵਿਰੋਧ ਕੀਤਾ ਅਤੇ ਦੋਸ਼ ਲਗਾਇਆ ਕਿ ਇਹ ਮਤੇ ਗ਼ਲਤ ਲਿਆਂਦੇ ਗਏ ਹਨ ਅਤੇ ਜਿਨ੍ਹਾਂ ਵਿਚ ਗੜਬੜੀ ਦੇ ਸ਼ੰਕੇ ਵੀ ਖੜ੍ਹੇ ਕੀਤੇ ਗਏ ਸਨ।

**ਨਗਰ ਕੌਂਸਲ ਖੰਨਾ 'ਚ ਸਜੀਆਂ ਤਿੰਨ ਸਿਆਸੀ ਦੁਕਾਨਾਂ**

ਆਪ ਕੌਂਸਲਰਾਂ ਦੇ ਤਿੰਨ-ਫਾੜ



ਹੋਣ ਤੋਂ ਬਾਅਦ ਸ਼ਹਿਰ ਵਿਚ ਇਸ ਗੱਲ ਦੀ ਪੂਰੀ ਚਰਚਾ ਚੱਲ ਰਹੀ ਹੈ ਕਿ ਕਮੇਟੀ ਵਿੱਚ ਤਿੰਨ-ਫਾੜ ਹੋਏ ਆਪ ਕੌਂਸਲਰਾਂ ਦੀਆਂ ਤਿੰਨ ਸਿਆਸੀ ਦੁਕਾਨਾਂ ਸਜ ਗਈਆਂ ਹਨ।

ਸਾਰੇ ਧੜੇ ਲੋਕਾਂ ਦੇ ਕੰਮ ਆਪਣੇ ਪੱਧਰ ਉੱਤੇ ਕਰਵਾਉਣ ਦੇ ਦਾਅਵੇ ਕਰ ਰਹੇ ਹਨ ਕਿ ਉਹ ਸ਼ਹਿਰ ਅਤੇ ਲੋਕਾਂ ਦੀ ਭਲਾਈ ਲਈ ਰੋਜ਼ਾਨਾ ਬੈਠਦੇ ਹਨ। ਦੱਸਣਯੋਗ ਹੈ ਪਹਿਲੇ ਧੜੇ ਦੇ ਪ੍ਰਮੁੱਖ ਆਗੂ ਜਤਿੰਦਰ ਪਾਠਕ ਹਨ, ਜਿਹੜੇ ਕਿ ਕੌਂਸਲਰਾਂ ਦੇ ਬਹੁਮਤ ਨਾਲ ਪ੍ਰਧਾਨ ਬਣੇ ਹਨ ਅਤੇ ਸੰਵਿਧਾਨਿਕ ਹੱਕਾਂ ਤਹਿਤ ਆਪਣੇ ਕਮਰੇ ਵਿਚ ਬੈਠ ਕੇ ਕੰਮਕਾਰ ਕਰਦੇ ਹਨ। ਦੂਜੇ ਧੜੇ ਵਿਚ ਸੀਨੀਅਰ ਮੀਤ ਪ੍ਰਧਾਨ ਹਰੀਸ਼ ਗੁਪਤਾ ਹਨ, ਜਿਨ੍ਹਾਂ ਨੇ ਸੀਨੀਅਰ ਮੀਤ ਪ੍ਰਧਾਨ ਲਈ ਵਿਸ਼ੇਸ਼ ਕਮਰਾ ਤਿਆਰ ਕਰਵਾਇਆ ਹੈ। ਤੀਜੇ ਧੜੇ ਦੀ ਅਗਵਾਈ ਤਿੰਨ ਸੀਨੀਅਰ ਕੌਂਸਲਰ ਰਾਜਿੰਦਰ ਸਿੰਘ ਜੀਤ, ਸੁਨੀਲ ਕੁਮਾਰ ਨੀਟਾ ਅਤੇ ਪਰਮਪ੍ਰੀਤ ਸਿੰਘ ਪੋਂਪੀ ਕਰ ਰਹੇ ਹਨ, ਜਿਨ੍ਹਾਂ ਵੱਖ ਵੱਖ ਬ੍ਰਾਂਚਾਂ ਦੇ ਕਮਰਿਆਂ ਵਿੱਚ ਬੈਠ ਕੇ ਆਪਣੀ ਮਜ਼ਬੂਤ ਹੋਂਦ ਦਿਖਾ ਰਹੇ ਹਨ। ਆਪ ਕੌਂਸਲਰਾਂ ਦੇ ਤਿੰਨ-ਫਾੜ ਹੋਣ ਨਾਲ ਅਧਿਕਾਰੀਆਂ ਦੀ ਹਾਲਤ ਚੱਕੀ ਦੇ ਪੁੜਾਂ ਵਿਚ ਪਿਸ ਜਾਣ ਵਰਗੀ ਬਣੀ ਹੋਈ ਹੈ ਕਿਉਂਕਿ ਕੌਂਸਲਰਾਂ ਦੇ ਤਿੰਨ-ਫਾੜ ਹੋਣ ਕਰਕੇ ਕੰਮਾਂ ਵਿਚ ਕਿੰਤੂ ਪ੍ਰੰਤੂ ਖੜ੍ਹੀ ਹੁੰਦੀ ਹੈ।

**ਮਿਲੀ ਜ਼ਿੰਮੇਵਾਰੀ ਤਹਿਤ ਨਿਭਾ ਰਿਹਾ ਫ਼ਰਜ਼: ਜਤਿੰਦਰ ਪਾਠਕ**

ਨਗਰ ਕੌਂਸਲ ਦੇ ਪ੍ਰਧਾਨ ਜਤਿੰਦਰ ਪਾਠਕ ਕਹਿੰਦੇ ਹਨ ਕਿ ਉਹਨਾਂ ਨੂੰ ਮੰਤਰੀ ਸੌਂਦ ਵੱਲੋਂ ਪ੍ਰਧਾਨ ਬਣਾਇਆ ਗਿਆ ਹੈ। ਉਹ ਨਗਰ ਕੌਂਸਲ ਵਿੱਚ ਬੇਗ਼ੈਰ ਪੱਖਪਾਤ ਤੋਂ ਸਾਰੇ ਲੋਕਾਂ ਦਾ ਕੰਮਕਾਰ ਕਰਨਗੇ ਕਿਉਂਕਿ ਮੰਤਰੀ ਸੌਂਦ ਦੀ ਸਪੱਸ਼ਟ ਹਿਦਾਇਤਾਂ ਹਨ ਕਿ ਸਾਰੇ ਲੋਕਾਂ ਦੇ ਕੰਮ ਕੀਤੇ ਜਾਣ। ਉਹ ਕੌਂਸਲਰਾਂ ਵਲੋਂ ਦਿੱਤੀ ਜ਼ਿੰਮੇਵਾਰੀ ਤਹਿਤ ਆਪਣਾ ਫ਼ਰਜ਼ ਨਿਭਾ ਰਹੇ ਹਨ।

**ਚੰਗੇ ਕੰਮਾਂ ਵਿਚ ਕਮੇਟੀ ਦਾ ਖੁੱਲ ਕੇ ਦੇਵਾਂਗਾ ਸਾਥ : ਗੁਪਤਾ**

ਸੀਨੀਅਰ ਮੀਤ ਪ੍ਰਧਾਨ ਹਰੀਸ਼ ਗੁਪਤਾ ਉਹ ਲੋਕਾਂ ਦੇ ਕੰਮ ਆਸਾਨ ਢੰਗ ਨਾਲ ਹੋਣ ਇਸ ਕੰਮ ਵੱਲ ਤਰਜੀਹ ਦੇ ਰਹੇ ਹਨ। ਉਹ ਕਮੇਟੀ ਵਿੱਚ ਇਮਾਨਦਾਰੀ ਅਤੇ ਪਰਦਾਸਤਾ ਨਾਲ ਹੋਣ ਵਾਲੇ ਕੰਮਾਂ ਵਿਚ ਖੁੱਲ ਕੇ ਸਾਥ ਦੇਣਗੇ, ਪਰ ਜੇ ਕੋਈ ਗ਼ਲਤ ਕੰਮ ਹੋਇਆ ਤਾਂ ਕਦੇ ਵੀ ਬਰਦਾਸ਼ਤ ਨਹੀਂ ਕੀਤਾ ਜਾਵੇਗਾ।

ਤਿੰਨ ਸੀਨੀਅਰ ਕੌਂਸਲਰ ਰਾਜਿੰਦਰ ਸਿੰਘ ਜੀਤ ਨੇ ਕਿਹਾ ਕਿ ਨਗਰ ਕੌਂਸਲ ਵਿਚ ਕਿਸੇ ਵੀ ਤਰ੍ਹਾਂ ਦਾ ਭ੍ਰਿਸ਼ਟਾਚਾਰ ਬਰਦਾਸ਼ਤ ਨਹੀਂ ਕੀਤਾ ਜਾਵੇਗਾ। ਮੁੱਖ ਮੰਤਰੀ ਭਗਵੰਤ ਮਾਨ ਦੀ ਭ੍ਰਿਸ਼ਟਾਚਾਰ ਪ੍ਰਤੀ ਜ਼ੀਰੋ ਟੋਲਰੈਂਸ ਦੀ ਨੀਤੀ ਉੱਤੇ ਕਮੇਟੀ ਵਿੱਚ ਬੈਠ ਕੇ ਪਹਿਰਾ ਦੇਣਗੇ। ਜੇਕਰ ਕਿਸੇ ਵੀ ਅਧਿਕਾਰੀ ਨੇ ਕੋਈ ਗ਼ਲਤ ਕੰਮ ਕੀਤਾ ਤਾਂ ਬਖਸ਼ਿਆ ਨਹੀਂ ਜਾਵੇਗਾ। ਲੋਕ ਕਮੇਟੀ ਵਿੱਚ ਕਿਸੇ ਵੀ ਦਿੱਕਤ ਲਈ ਸਾਨੂੰ ਮਿਲ ਸਕਦੇ ਹਨ।



# ਜਵੱਦੀ ਟਕਸਾਲ ਵਿਖੇ ਹਫਤਾਵਾਰੀ ਨਾਮ ਸਿਮਰਨ ਸਮਾਗਮ ਕਰਵਾਇਆ

ਜ਼ਿਕਰ ਪੰਜਾਬ

**ਲੁਧਿਆਣਾ/ਪ੍ਰਿਤਪਾਲ ਸਿੰਘ ਪਾਲੀ**

ਸਿੱਖ ਸਮਾਜ ਦੀ ਨਾਮਵਰ ਸ਼ਖ਼ਸ਼ੀਅਤ ਪਰਮ ਸੰਤ ਬਾਬਾ ਸੁੱਚਾ ਸਿੰਘ ਜੀ ਵਲੋਂ ਸਿਰਜਿਤ ਜਵੱਦੀ ਟਕਸਾਲ ਵਿਖੇ ਮੌਜੂਦਾ ਮੁਖੀ ਮਹਾਂਪੁਰਸ਼ ਸੰਤ ਬਾਬਾ ਅਮੀਰ ਸਿੰਘ ਜੀ ਵਲੋਂ ਹਫਤਾਵਾਰੀ ਨਾਮ ਸਿਮਰਨ ਸਮਾਗਮ ਕਰਵਾਇਆ ਗਿਆ। ਸਮਾਗਮ ਦੀ ਆਰੰਭਤਾ ਟਕਸਾਲ ਦੇ ਹੋਣਹਾਰ ਵਿਦਿਆਰਥੀਆਂ ਵਲੋਂ ਗੁਰਬਾਣੀ ਸ਼ਬਦ ਕੀਰਤਨ ਨਾਲ ਹੋਈ। ਜੁੜੀਆਂ ਸੰਗਤਾਂ ਸਨਮੁੱਖ ਗੁਰਮਤਿ ਵਿਚਾਰਾਂ ਦੀ ਸਾਂਝ ਪਾਉਂਦਿਆਂ ਮਹਾਂਪੁਰਸ਼ਾਂ ਨੇ ਸਮਝਾਇਆ ਕਿ ਅਸਲ ਰੂਹਾਨੀ ਖੁਸ਼ੀ ਆਪਣੇ ਲਈ ਰਾਖਵੀਂ ਕਰਨ ਵਾਸਤੇ, ਇਸ ਨੂੰ ਪੂਰੀ ਤਰ੍ਹਾਂ ਯਕੀਨੀ ਤੇ ਭਰੋਸੇਯੋਗ ਬਣਾਉਣ ਵਾਸਤੇ ਅਜੋਕੇ ਬਾਹਰੀ ਤੌਰ ਤੇ ਧਾਰਮਿਕ ਮਨੁੱਖ ਨੂੰ ਆਪਣੀ ਸੁਆਰਥੀ ਸੋਚ ਨੂੰ ਬਦਲਣਾ ਪਵੇਗਾ। ਰੂਹਾਨੀਅਤ ਦੇ ਦਾਇਰੇ 'ਚ ਕੋਈ ਵੀ ਮਨੁੱਖ ਨਿਜੀ ਸੁਆਰਥ ਨੂੰ ਤਿਆਗਣ ਜਾਂ ਸੰਭਵ ਹੱਦ ਤੱਕ ਘੱਟ ਕਰਨ ਤੋਂ ਬਿਨਾਂ ਨਹੀਂ ਪ੍ਰਵੇਸ਼ ਹੋ ਸਕਦਾ। ਕੁਝ ਪਾਉਣ ਲਈ ਕੁਝ ਛੱਡਣਾ ਵੀ ਪੈਂਦਾ ਹੈ। ਕਿਸੇ ਚੰਗੀ ਵਸਤੂ ਦੀ ਸੰਭਾਲ ਲਈ ਪਹਿਲਾਂ ਸਾਫ-ਸੁਥਰੇ ਬਰਤਨ ਲੋੜ ਪੈਂਦੀ ਹੈ। ਦੂਜੇ ਪਾਸੇ ਅੱਜ ਦਾ ਆਪਣੇ ਆਪ ਨੂੰ ਧਰਮੀ ਅਖਵਾਉਣ ਵਾਲਾ ਮਨੁੱਖ ਇਹ ਲੋਚਾ ਕਰਦਾ ਹੈ ਕਿ ਉਸ ਨੂੰ ਆਪਣੇ ਮਨ ਦਾ ਬਰਤਨ ਸਾਫ ਹੀ ਨਾ ਹੀ ਕਰਨਾ ਪਵੇ। ਇਹ ਤਰੱਦਦ ਇਹ ਖੇਚਲ ਕਰਨ ਲਈ ਤਾ ਤਿਆਰ ਨਹੀਂ, ਪਰ ਅਧਿਆਤਮਿਕ ਵਸਤੂ ਨੂੰ ਲੈਣ ਲਈ, ਰੂਹਾਨੀ ਵੱਥ ਉਪਰ ਕਬਜ਼ੇ ਲਈ, ਲੋਭ ਜ਼ਰੂਰ ਰੱਖਦਾ ਹੈ। ਸਾਨੂੰ ਇਹ ਭਲੀ ਭਾਂਤ ਸਮਝ ਲੈਣਾ ਚਾਹੀਦਾ ਹੈ ਕਿ ਵਿਕਾਰੀ ਭਾਵਾਂ ਕਾਮ, ਕ੍ਰੋਧ, ਲੋਭ, ਮੋਹ, ਹੰਕਾਰ ਦੀ ਜਕੜ ਅਤੇ ਰੂਹਾਨੀਅਤ- ਇਹ ਇੱਕ ਦੋ ਚੀਜ਼ਾਂ ਨਾਲ-ਨਾਲ ਨਹੀਂ ਚੱਲ ਸਕਦੀਆਂ, ਜਿਵੇਂ ਇਕੋ ਵੇਲੇ ਕੋਈ ਵੀ ਮਨੁੱਖ ਦੋ ਵੱਖੋ ਵੱਖਰੀਆਂ ਦਿਸ਼ਾਵਾਂ ਵੱਲ ਨਹੀਂ ਜਾ ਸਕਦਾ। ਇਕ ਦਿਸ਼ਾ ਵੱਲ ਜਾਣ ਲਈ ਦੂਜੀ ਦਿਸ਼ਾ ਦਾ ਖਿਆਲ ਛੱਡਣਾ ਪੈਂਦਾ ਹੈ। ਹਾਂ ਇਹ ਵੀ ਠੀਕ ਹੈ ਕਿ ਕਾਮ, ਕ੍ਰੋਧ, ਲੋਭ, ਮੋਹ, ਹੰਕਾਰ ਤੋਂ ਪੂਰੀ ਤਰ੍ਹਾਂ ਰਹਿਤ ਤਾਂ ਕੋਈ ਵੀ ਪੰਜ ਭੂਤਕ ਇਨਸਾਨ ਨਹੀਂ ਹੋ ਸਕਦਾ ਪਰ ਇਹਨਾਂ ਉੱਪਰ ਗੁਰਬਾਣੀ ਸ਼ਬਦ ਨਾਮ ਸਿਮਰਨ ਦੀ ਰੋਸ਼ਨੀ ਦੇ ਮੱਦੇ-ਨਜ਼ਰ ਸੰਭਵ ਹੱਦ ਤੱਕ ਕਾਬੂ ਪਾਉਣਾ, ਮਨੁੱਖ ਮਾਤਰ ਦੇ ਵਸੋਂ ਬਾਹਰ ਗੱਲ ਦੀ ਛੱਡਣਾ ਨਹੀਂ। ਅੱਜ ਭ੍ਰਿਸ਼ਟਾਚਾਰ, ਦੁਰਾਚਾਰ, ਜਬਰ-ਜਿਨਾਹ, ਮੁਕੱਦਮੇ, ਸ਼ਰਾਬਨੋਸ਼ੀ ਤੇ ਹਰ ਪ੍ਰਕਾਰ ਦੀ ਨਸ਼ੇਖੋਰੀ ਆਦਿ ਜਿੰਨੀਆਂ ਵੀ ਬੁਰਾਈਆਂ ਵਿਕਰਾਲ ਰੂਪ ਧਾਰਨ ਕਰ ਰਹੀਆਂ ਹਨ, ਇਹ ਅਸਲ 'ਚ ਪੰਜ ਵਿਕਾਰਾਂ 'ਚ ਹੱਦੋਂ ਵੱਧ ਉਲਝ ਜਾਣ ਦੇ ਕਾਰਨ ਹੀ ਹੈ। ਸਮਾਗਮ ਉਪਰੰਤ ਗੁਰੂ ਕਾ ਲੰਗਰ ਅਤੁੱਟ ਵਰਤਿਆ।

# ਧਾਲੀਵਾਲ ਸਕੂਲ ਦੇ ਮਾਲਕ ਦੇ ਕਤਲ ਨੂੰ 42 ਦਿਨ, ਕਾਤਲ ਪੁਲਿਸ ਦੀ ਗ੍ਰਿਫ਼ਤ ਤੋਂ ਬਾਹਰ

## ਬਜ਼ੁਰਗ ਮਾਪੇ ਇਨਸਾਫ਼ ਲਈ ਦਰ-ਦਰ ਦੀਆਂ ਠੋਕਰਾਂ ਖਾਣ ਲਈ ਮਜਬੂਰ

ਜ਼ਿਕਰ ਪੰਜਾਬ

**ਲੁਧਿਆਣਾ/ਰਵੀ**

ਵਿਧਾਨ ਸਭਾ ਹਲਕਾ ਸਾਹਨੇਵਾਲ ਅਧੀਨ ਪੈਂਦੇ ਥਾਣਾ ਜਮਾਲਪੁਰ ਦੇ ਇਲਾਕੇ ਵਿੱਚ ਧਾਲੀਵਾਲ ਸੀਨੀਅਰ ਸੈਕੰਡਰੀ ਸਕੂਲ ਦੇ ਮਾਲਕ ਇਕਬਾਲ ਸਿੰਘ ਧਾਲੀਵਾਲ ਦੇ ਕਤਲ ਨੂੰ ਕਰੀਬ 42 ਦਿਨ ਬੀਤ ਜਾਣ ਦੇ ਬਾਵਜੂਦ ਪਰਿਵਾਰ ਕਾਤਲਾਂ ਦੀ ਗ੍ਰਿਫਤਾਰੀ ਦੀ ਮੰਗ ਨੂੰ ਲੈ ਕੇ ਦਰ ਦਰ ਦੀਆਂ ਠੋਕਰਾਂ ਖਾਣ ਲਈ ਮਜਬੂਰ ਹੈ ਪਰ ਕਾਤਲ ਪੁਲਿਸ ਦੀ ਗ੍ਰਫਤ ਤੋਂ ਬਾਹਰ ਹਨ । ਮ੍ਰਿਤਕ ਦੇ ਪਿਤਾ ਸਾਬਕਾ ਪੁਲਿਸ ਅਧਿਕਾਰੀ ਸ਼ਿਵ ਚਰਨ ਸਿੰਘ ਨੇ ਕਿਹਾ ਕਿ ਉਹਨਾਂ ਦਾ ਬੇਟਾ ਆਪਣੇ ਪਰਿਵਾਰ ਸਮੇਤ ਜਿੰਦਿਆਲੀ ਤੋਂ ਬੁੱਢੇਵਾਲ ਰੋਡ ਤੇ ਧਾਲੀਵਾਲ ਸਕੂਲ ਦੇ ਉੱਪਰ ਹੀ ਪਰਿਵਾਰ ਸਮੇਤ ਰਹਿੰਦਾ ਸੀ। 29 ਜੂਨ ਨੂੰ ਇਕਬਾਲ ਸਿੰਘ ਧਾਲੀਵਾਲ ਦਾ ਕਤਲ ਕਰ ਦਿੱਤਾ ਗਿਆ ਸੀ। ਪਰਿਵਾਰ ਮੁਤਾਬਕ ਘਟਨਾ ਸਮੇਂ ਘਰ ਵਿੱਚ ਮ੍ਰਿਤਕ ਇਕਬਾਲ ਸਿੰਘ ਅਤੇ ਉਸ ਦਾ 14 ਸਾਲਾ ਪੁੱਤਰ ਮੌਜੂਦ ਸਨ, ਜਦਕਿ ਉਸ ਦੀ ਪਤਨੀ ਆਪਣੇ ਐਲਐਲਬੀ ਦੇ ਪੇਪਰਾਂ ਸਬੰਧੀ ਬਾਹਰ ਗਈ ਹੋਈ ਸੀ। ਜਦੋਂ ਕਿ ਉਹ ਖੁਦ ਆਪਣੀ ਪਤਨੀ ਦੇ ਨਾਲ ਆਪਣੇ ਗੋਡਿਆਂ ਦਾ ਇਲਾਜ ਕਰਵਾਉਣ ਦੇ ਲਈ ਹਸਪਤਾਲ ਵਿੱਚ ਦਾਖਲ ਸੀ। ਉਹਨਾਂ ਕਿਹਾ ਕਿ 'ਮੇਰਾ ਨੌਜਵਾਨ ਪੁੱਤਰ ਚਲਾ ਗਿਆ! ਮ੍ਰਿਤਕ ਇਕਬਾਲ ਸਿੰਘ ਧਾਲੀਵਾਲ ਦੇ ਪਿਤਾ ਸ਼ਿਵਚਰਨ ਸਿੰਘ ਨਹੀਂ ਕਿਹਾ ਕਿ ਖੁਦ ਸਾਬਕਾ ਪੁਲਿਸ ਅਧਿਕਾਰੀ ਰਹਿ ਚੁੱਕੇ ਹਨ, ਉਨ੍ਹਾਂ ਦੇ ਨੌਜਵਾਨ ਪੁੱਤਰ ਨੂੰ ਗੁਜ਼ਰੇ ਲਗਭਗ 42 ਦਿਨ ਹੋ ਗਏ ਹਨ ਪਰ ਪਰਿਵਾਰ ਨੂੰ ਅਜੇ ਤੱਕ ਇਨਸਾਫ਼ ਨਹੀਂ ਮਿਲਿਆ। ਉਨ੍ਹਾਂ ਦੱਸਿਆ ਕਿ ਉਹ ਪਹਿਲਾਂ ਬੀਐਸਐਫ ਵਿੱਚ ਦੇਸ਼ ਦੀ ਸੇਵਾ ਕਰ ਚੁੱਕੇ ਹਨ ਅਤੇ ਇਸ ਤੋਂ ਬਾਅਦ ਪੁਲਿਸ ਵਿਭਾਗ ਵਿੱਚ ਵੀ ਲੰਮਾ ਸਮਾਂ ਆਪਣੀਆਂ ਸੇਵਾਵਾਂ ਨਿਭਾਈਆਂ ਹਨ। ਉਨ੍ਹਾਂ ਕਿਹਾ ਕਿ ਜ਼ਿੰਦਗੀ ਦਾ ਵੱਡਾ ਹਿੱਸਾ ਕਾਨੂੰਨ ਅਤੇ ਵਿਵਸਥਾ ਨਾਲ ਜੁੜ ਕੇ ਕੰਮ ਕਰਨ ਦੇ ਬਾਵਜੂਦ ਅੱਜ ਜਦੋਂ ਉਹ ਖੁਦ ਆਪਣੇ ਪੁੱਤਰ ਦੇ ਕਤਲ ਦੇ ਮਾਮਲੇ ਵਿੱਚ ਇਨਸਾਫ਼



ਲਈ ਭਟਕ ਰਹੇ ਹਨ ਤਾਂ ਇਹ ਸਥਿਤੀ ਉਨ੍ਹਾਂ ਲਈ ਬੇਹੱਦ ਦੁਖਦਾਈ ਅਤੇ ਹੈਰਾਨ ਕਰਨ ਵਾਲੀ ਹੈ। 'ਜਦੋਂ ਸਾਬਕਾ ਪੁਲਿਸ ਮੁਲਾਜ਼ਮ ਦੇ ਪਰਿਵਾਰ ਨੂੰ ਇਨਸਾਫ਼ ਲਈ ਭਟਕਣਾ ਪਵੇ ਤਾਂ ਆਮ ਲੋਕਾਂ ਦਾ ਕੀ ਬਣੇਗਾ?' ਸ਼ਿਵਚਰਨ ਸਿੰਘ ਨੇ ਭਾਵੁਕ ਹੁੰਦਿਆਂ ਕਿਹਾ ਕਿ ਉਨ੍ਹਾਂ ਨੇ ਆਪਣੀ ਜ਼ਿੰਦਗੀ ਵਿੱਚ ਲੋਕਾਂ ਦੀ ਸੁਰੱਖਿਆ ਅਤੇ ਕਾਨੂੰਨ ਦੀ ਪਾਲਣਾ ਲਈ ਸੇਵਾ ਕੀਤੀ ਹੈ।

ਪਰ ਅੱਜ ਆਪਣੇ ਹੀ ਪੁੱਤਰ ਦੇ ਕਤਲ ਤੋਂ ਬਾਅਦ ਉਹ ਆਪਣੇ ਪਰਿਵਾਰ ਸਮੇਤ ਇਨਸਾਫ਼ ਦੀ ਮੰਗ ਕਰ ਰਹੇ ਹਨ। ਉਨ੍ਹਾਂ ਸਵਾਲ ਕੀਤਾ ਕਿ ਜੇਕਰ ਇੱਕ ਅਜਿਹਾ ਪਰਿਵਾਰ, ਜਿਸ ਦਾ ਮੁਖੀ ਖੁਦ ਬੀਐਸਐਫ ਅਤੇ ਪੁਲਿਸ ਵਿਭਾਗ ਵਿੱਚ ਸੇਵਾ ਨਿਭਾ ਚੁੱਕਾ ਹੋਵੇ, ਉਸ ਨੂੰ ਵੀ ਆਪਣੇ ਪੁੱਤਰ ਦੇ ਕਤਲ ਦੇ ਮਾਮਲੇ ਵਿੱਚ ਇਨਸਾਫ਼ ਲਈ ਦਰ-ਦਰ ਜਾਣਾ ਪਵੇ ਤਾਂ ਆਮ ਲੋਕਾਂ ਦਾ ਕੀ ਹਾਲ ਹੁੰਦਾ ਹੋਵੇਗਾ? ਮ੍ਰਿਤਕ ਦੇ ਪਰਿਵਾਰ ਨੇ ਪੁਲਿਸ ਦੇ ਉੱਚ ਅਧਿਕਾਰੀਆਂ ਤੋਂ ਮੰਗ ਕੀਤੀ ਹੈ ਕਿ ਇਕਬਾਲ ਸਿੰਘ ਧਾਲੀਵਾਲ ਦੇ ਕਤਲ ਮਾਮਲੇ ਦੀ ਜਾਂਚ ਨੂੰ ਤੇਜ਼ ਕੀਤਾ ਜਾਵੇ ਅਤੇ ਜੇਕਰ ਜਾਂਚ ਵਿੱਚ ਕਿਸੇ ਵਿਅਕਤੀ ਦੀ ਸ਼ਮੂਲੀਅਤ ਸਾਹਮਣੇ ਆਉਂਦੀ ਹੈ ਤਾਂ ਉਸ ਨੂੰ ਕਾਨੂੰਨ ਅਨੁਸਾਰ ਗ੍ਰਿਫ਼ਤਾਰ ਕਰਕੇ ਪਰਿਵਾਰ ਨੂੰ ਇਨਸਾਫ਼ ਦਿਵਾਇਆ ਜਾਵੇ।

ਪਰਿਵਾਰ ਦਾ ਕਹਿਣਾ ਹੈ ਕਿ ਉਨ੍ਹਾਂ ਨੇ ਆਪਣਾ ਪੁੱਤਰ ਗੁਆ ਦਿੱਤਾ ਹੈ ਅਤੇ ਇਸ ਦੁੱਖ ਦੀ ਕੋਈ ਭਰਪਾਈ ਨਹੀਂ ਹੋ ਸਕਦੀ, ਪਰ ਘੱਟੋ-ਘੱਟ ਦੋਸ਼ੀਆਂ ਦੀ ਪਛਾਣ ਕਰਕੇ ਉਨ੍ਹਾਂ ਨੂੰ ਕਾਨੂੰਨ ਦੇ ਕਟਹਿਰੇ ਵਿੱਚ ਲਿਆਂਦਾ ਜਾਣਾ ਚਾਹੀਦਾ ਹੈ, ਤਾਂ ਜੋ ਪਰਿਵਾਰ ਨੂੰ ਇਹ ਭਰੋਸਾ ਮਿਲ ਸਕੇ ਕਿ ਕਾਨੂੰਨ ਸਭ ਲਈ ਬਰਾਬਰ ਹੈ। ਹੁਣ ਦੇਖਣਾ ਇਹ ਹੋਵੇਗਾ ਕਿ 42 ਦਿਨ ਬੀਤਣ ਤੋਂ ਬਾਅਦ ਪੁਲਿਸ ਇਸ ਕਤਲ ਦੀ ਗੁੱਥੀ ਕਦੋਂ ਸੁਲਝਾਉਂਦੀ ਹੈ ਅਤੇ ਮ੍ਰਿਤਕ ਦੇ ਬਜ਼ੁਰਗ ਮਾਪਿਆਂ ਨੂੰ ਇਨਸਾਫ਼ ਕਦੋਂ ਮਿਲਦਾ ਹੈ। ਇਸ ਸਬੰਧੀ ਜਦੋਂ ਪੁਲਿਸ ਥਾਣਾ ਜਮਾਲਪੁਰ ਦੇ ਮੁਖੀ ਨਾਲ ਗੱਲ ਕੀਤੀ ਤਾਂ ਉਹਨਾਂ ਕਿਹਾ ਕਿ ਮਾਮਲੇ ਦੀ ਜਾਂਚ ਚੱਲ ਰਹੀ ਹੈ ਕਈ ਥਾਵਾਂ ਤੋਂ ਸੀਸੀਟੀਵੀ ਕੈਮਰੇ ਦੀ ਫੁਟੇਜ ਲਈ ਹੈ ਜਲਦੀ ਦੋਸ਼ੀ ਪੁਲਿਸ ਦੀ ਗ੍ਰਿਫ਼ਤ ਵਿੱਚ ਹੋਣਗੇ।

# ਡਿਪਟੀ ਕਮਿਸ਼ਨਰ ਲੁਧਿਆਣਾ ਹਿਮਾਂਸ਼ੂ ਜੈਨ ਨੇ ਕੇਂਦਰੀ ਤੇ ਬੋਰਸਟਲ ਜੇਲ੍ਹ ਦਾ ਕੀਤਾ ਨਿਰੀਖਣ



ਜ਼ਿਕਰ ਪੰਜਾਬ

**ਲੁਧਿਆਣਾ/ਮਨਜੀਤ ਸਿੰਘ ਧੀਮਾਨ**

ਕੈਦੀਆਂ ਦੀ ਭਲਾਈ, ਸਿਹਤ ਸਹੂਲਤਾਂ ਅਤੇ ਰਹਿਣ-ਸਹਿਣ ਦੀਆਂ ਸਥਿਤੀਆਂ ਦਾ ਜਾਇਜ਼ਾ ਲੈਣ ਦੇ ਉਦੇਸ਼ ਨਾਲ ਲੁਧਿਆਣਾ ਦੇ ਡਿਪਟੀ ਕਮਿਸ਼ਨਰ ਹਿਮਾਂਸ਼ੂ ਜੈਨ ਨੇ ਅੱਜ ਕੇਂਦਰੀ ਜੇਲ੍ਹ ਅਤੇ ਬੋਰਸਟਲ ਜੇਲ੍ਹ ਦਾ ਵਿਆਪਕ ਨਿਰੀਖਣ ਕੀਤਾ। ਇਸ ਦੌਰਾਨ ਉਨ੍ਹਾਂ ਨੇ ਜੇਲ੍ਹਾਂ ਵਿੱਚ ਕੈਦੀਆਂ ਨੂੰ ਮੁਹੱਈਆ ਕਰਵਾਈਆਂ ਜਾ ਰਹੀਆਂ ਬੁਨਿਆਦੀ ਸਹੂਲਤਾਂ, ਸਿਹਤ ਸੇਵਾਵਾਂ, ਸਫ਼ਾਈ ਪ੍ਰਬੰਧਾਂ ਅਤੇ ਰੋਜ਼ਾਨਾ ਦੀਆਂ ਲੋੜਾਂ ਦਾ ਵਿਸਥਾਰ ਨਾਲ ਜਾਇਜ਼ਾ ਲਿਆ। ਇਸ ਮੌਕੇ ਡਿਪਟੀ ਕਮਿਸ਼ਨਰ ਹਿਮਾਂਸ਼ੂ ਜੈਨ ਨੇ ਜੇਲ੍ਹ ਵਿੱਚ ਬੰਦ ਕੈਦੀਆਂ ਨਾਲ ਸਿੱਧੀ ਗੱਲਬਾਤ ਕਰਦਿਆਂ ਉਨ੍ਹਾਂ ਦੀਆਂ ਸਮੱਸਿਆਵਾਂ ਅਤੇ ਚਿੰਤਾਵਾਂ ਸੁਣੀਆਂ। ਉਨ੍ਹਾਂ ਨੇ ਸਬੰਧਤ ਅਧਿਕਾਰੀਆਂ ਨੂੰ ਕੈਦੀਆਂ ਦੀਆਂ ਜਾਇਜ਼ ਮੁਸ਼ਕਲਾਂ ਦਾ ਤੁਰੰਤ



ਨਿਪਟਾਰਾ ਯਕੀਨੀ ਬਣਾਉਣ ਅਤੇ ਜੇਲ੍ਹ ਪ੍ਰਬੰਧਨ ਵਿੱਚ ਲੋੜੀਂਦੇ ਸੁਧਾਰ ਲਿਆਉਣ ਦੇ ਨਿਰਦੇਸ਼ ਦਿੱਤੇ। ਨਿਰੀਖਣ ਦੌਰਾਨ ਪੁਨਰਵਾਸ ਅਤੇ ਹੁਨਰ ਵਿਕਾਸ ਪ੍ਰੋਗਰਾਮਾਂ ਦੀ ਵੀ ਸਮੀਖਿਆ ਕੀਤੀ ਗਈ। ਡਿਪਟੀ ਕਮਿਸ਼ਨਰ ਨੇ ਕੈਦੀਆਂ ਨੂੰ ਰਿਹਾਈ ਤੋਂ ਬਾਅਦ ਸਨਮਾਨਜਨਕ ਅਤੇ ਆਤਮ-ਨਿਰਭਰ ਜੀਵਨ ਬਤੀਤ ਕਰਨ ਦੇ ਯੋਗ ਬਣਾਉਣ ਲਈ ਚਲਾਏ ਜਾ ਰਹੇ ਕਿੱਤਾਮੁਖੀ ਸਿਖਲਾਈ ਪ੍ਰੋਗਰਾਮਾਂ ਅਤੇ ਹੋਰ ਪਹਿਲਕਦਮੀਆਂ ਦਾ ਜਾਇਜ਼ਾ ਲਿਆ।

ਉਨ੍ਹਾਂ ਕਿਹਾ ਕਿ ਕੈਦੀਆਂ ਦਾ ਸੁਧਾਰ ਅਤੇ ਸਮਾਜ ਦੀ ਮੁੱਖ ਧਾਰਾ ਵਿੱਚ ਮੁੜ ਸ਼ਾਮਲ ਹੋਣਾ ਜੇਲ੍ਹ ਪ੍ਰਬੰਧਨ ਦਾ ਅਹਿਮ ਉਦੇਸ਼ ਹੈ। ਉਨ੍ਹਾਂ ਨੇ ਇਨ੍ਹਾਂ ਪ੍ਰੋਗਰਾਮਾਂ ਨੂੰ ਹੋਰ ਮਜ਼ਬੂਤ ਕਰਨ ਲਈ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਹਰ ਸੰਭਵ ਸਹਿਯੋਗ ਅਤੇ ਪ੍ਰਸ਼ਾਸਕੀ ਸਹਾਇਤਾ ਦਾ ਭਰੋਸਾ ਦਿੱਤਾ। ਉਨ੍ਹਾਂ ਕਿਹਾ ਕਿ ਕੈਦੀਆਂ ਦੇ ਸਫਲ ਪੁਨਰਵਾਸ, ਹੁਨਰ ਵਿਕਾਸ ਅਤੇ ਸਮਾਜਿਕ ਪੁਨਰ ਏਕੀਕਰਨ ਲਈ ਲਗਾਤਾਰ ਯਤਨ ਕੀਤੇ ਜਾਣਗੇ।

# 'ਭਾਰਤ ਛੱਡੋ ਅੰਦੋਲਨ' ਦੀ 84ਵੀਂ ਵਰ੍ਹੇਗੰਢ ਬਾਵਾ ਦੀ ਅਗਵਾਈ 'ਚ ਹਲਕਾ ਦੱਖਣੀ 'ਚ ਮਨਾਈ

ਜ਼ਿਕਰ ਪੰਜਾਬ

**ਲੁਧਿਆਣਾ/ਰਵੀ ਭਾਟੀਆ**

ਹਲਕਾ ਦੱਖਣੀ ਵਿਖੇ ਰਾਸ਼ਟਰ ਪਿਤਾ ਮਹਾਤਮਾ ਗਾਂਧੀ ਵੱਲੋਂ ਅੰਗਰੇਜ਼ ਹਕੂਮਤ ਖਿਲਾਫ ਸ਼ੁਰੂ ਕੀਤੇ ਭਾਰਤ ਛੱਡੋ ਅੰਦੋਲਨ ਦੀ 84ਵੀਂ ਵਰੇਗੰਢ?ਹ ਐਤਵਾਰ ਨੂੰ ਸੀਨੀਅਰ ਕਾਂਗਰਸੀ ਨੇਤਾ ਕ੍ਰਿਸ਼ਨ ਕੁਮਾਰ ਬਾਵਾ ਪ੍ਰਧਾਨ ਦੇਸ਼ ਭਗਤ ਯਾਦਗਾਰੀ ਸੁਸਾਇਟੀ ਪੰਜਾਬ ਦੀ ਪ੍ਰਧਾਨਗੀ ਹੇਠ ਮਨਾਈ ਗਈ। ਇਸ ਸਮੇਂ ਵਰਿੰਦਰ ਭੱਲਾ ਪ੍ਰਧਾਨ ਜ਼ਿਲ੍ਹਾ ਕਾਂਗਰਸ ਓ.ਬੀ.ਸੀ ਅਤੇ ਜਨਰਲ ਸਕੱਤਰ ਪ੍ਰਦੇਸ਼ ਕਾਂਗਰਸ ਓ.ਬੀ.ਸੀ ਗੁਰਨਾਮ ਸਿੰਘ ਕਲੇਰ, ਮਾਸਟਰ ਹਰੀਦੇਵ ਬਾਵਾ, ਹਰਪਾਲ ਸਿੰਘ ਸੈਣੀ, ਅਮਿਤ ਕੁਮਾਰ ਆਦਿ



ਹਾਜ਼ਰ ਸਨ ਜਦਕਿ ਇਹ ਸਮਾਗਮ ਲੋਕ ਸੇਵਾਵਾਂ ਦਫਤਰ ਵਿਖੇ ਵਰਿੰਦਰ ਭੱਲਾ ਦੇ ਪ੍ਰਬੰਧਾਂ ਹੇਠ ਹੋਇਆ। ਇਸ ਸਮੇਂ ਬੋਲਦੇ ਸ੍ਰੀ ਬਾਵਾ ਨੇ ਕਿਹਾ ਕਿ ਅੰਗਰੇਜ਼ ਹਕੂਮਤ ਖਿਲਾਫ ਸੰਘਰਸ਼ ਮਹਾਤਮਾ ਗਾਂਧੀ ਜੀ ਨੇ ਭਾਰਤ ਛੱਡੋ ਅੰਦੋਲਨ, ਡਾਂਡੀ ਮਾਰਚ, ਸੱਤਿਆਗ੍ਰਹਿ ਕਰਕੇ ਅਹਿੰਸਾ ਦੇ ਰਸਤੇ 'ਤੇ ਚੱਲ ਕੇ ਕੀਤਾ। ਆਖਿਰ ਅੰਗਰੇਜ਼ ਹਕੂਮਤ ਨੂੰ ਇਥੋਂ ਵਾਪਸ ਜਾਣਾ ਪਿਆ। ਉਹਨਾਂ ਕਿਹਾ ਕਿ ਉਸ ਸਮੇਂ ਦੇ ਭਾਜਪਾ ਨੇਤਾਵਾਂ ਨੇ ਅੰਦੋਲਨ ਦੌਰਾਨ ਮੁਆਫੀਆਂ ਮੰਗੀਆਂ ਅਤੇ ਜੇਲਾਂ ਤੋਂ ਰਿਹਾ ਹੋਏ ਜਦਕਿ ਕਾਂਗਰਸ ਪਾਰਟੀ ਦੇ ਸੰਘਰਸ਼ੀ ਯੋਧੇ ਡੱਟ ਕੇ ਲੜਾਈ ਲੜਦੇ ਰਹੇ। ਉਨ੍ਹਾਂ ਕਿਹਾ ਕਿ ਅੱਜ ਅੰਗਰੇਜ਼ਾਂ ਤੋਂ ਨਹੀਂ 'ਆਪ' ਪਾਰਟੀ ਜੋ ਦਿੱਲੀ ਤੋਂ ਰਿਮੋਟ ਨਾਲ ਚਲਦੀ ਹੈ, ਉਸ ਤੋਂ ਪੰਜਾਬ ਨੂੰ ਛੁੜਾਉਣ ਦੀ ਲੋੜ ਹੈ ਜਦਕਿ ਭਾਜਪਾ ਤੋਂ ਭਾਰਤ ਨੂੰ ਛੁੜਾਉਣਾ ਗਾਂਧੀ ਜੀ ਦੇ ਸੁਪਨਿਆਂ ਦਾ ਭਾਰਤ ਬਣਾਉਣ ਲਈ ਰਾਹੁਲ ਗਾਂਧੀ ਦੇ ਹੱਥ ਦੇਸ਼ ਦੀ ਵਾਂਗ ਡੋਰ ਦੇਣਾ, ਮੌਜੂਦਾ ਸਮੇਂ ਦੀ ਜਰੂਰਤ ਹੈ। ਇਸ ਸਮੇਂ ਬਾਵਾ ਨੇ ਈ.ਵੀ.ਐਮ ਤੋਂ ਭਾਰਤ ਨੂੰ ਬਚਾਉਣ ਦੀ ਅਪੀਲ ਕੀਤੀ ਤਾਂ ਜੋ ਵੋਟਾਂ ਪਾਰਦਰਸ਼ੀ ਅਤੇ ਨਿਰਪੱਖਤਾ ਨਾਲ ਹੋ ਸਕਣ ਅਤੇ ਹਰ ਨਾਗਰਿਕ ਨੂੰ ਆਪਣੀ ਵੋਟ ਦਾ ਸਹੀ ਮੁੱਲ ਮਿਲ ਸਕੇ ਅਤੇ ਲੋਕਤੰਤਰ ਦੀ ਜਿੱਤ ਹੋ ਸਕੇ। ਉਨ੍ਹਾਂ ਕਿਹਾ ਕਿ ਕਾਂਗਰਸ ਸੈਕੂਲਰ ਸੋਚ ਦੀ ਪਾਰਟੀ ਹੈ ਅਤੇ ਸਭ ਸਮਾਜ ਦੇ ਵਰਗਾਂ ਨੂੰ ਨਾਲ ਲੈ ਕੇ ਚੱਲਦੀ ਹੈ। ਇਸ ਸਮੇਂ ਅਮਰਜੀਤ ਸਿੰਘ, ਪਿਆਰਾ ਸਿੰਘ, ਸੁਖਵਿੰਦਰ ਸਿੰਘ, ਮਨੀ, ਅਭਿਸ਼ੇਕ ਕੁਮਾਰ, ਵਿਜੇ ਕੁਮਾਰ ਗੁਪਤਾ ਆਦਿ ਹਾਜ਼ਰ ਸਨ।

# ਚਮਕੌਰ ਸਾਹਿਬ ਦੀਆਂ ਸ਼ਖ਼ਸੀਅਤਾਂ ਦੀ ਸ਼ਮੂਲੀਅਤ ਨਾਲ ਮਿਸਲ ਸਤਲੁਜ ਪਾਰਟੀ ਹੋਰ ਮਜ਼ਬੂਤ ਹੋਵੇਗੀ : ਅਜੇਪਾਲ ਸਿੰਘ ਬਰਾੜ

ਜ਼ਿਕਰ ਪੰਜਾਬ

**ਸ੍ਰੀ ਚਮਕੌਰ ਸਾਹਿਬ** : ਸਰਦਾਰ ਅਜੇ ਪਾਲ ਸਿੰਘ ਬਰਾੜ ਪ੍ਰਧਾਨ ਮਿਸਲ ਸਤਲੁਜ ਪਾਰਟੀ ਨੇ ਦੱਸਿਆ ਹੈ ਕਿ ਪੰਜਾਬ ਦੇ ਵੱਖ-ਵੱਖ ਖੇਤਰਾਂ ਵਿੱਚ ਆਪਣੀ ਵਿਲੱਖਣ ਪਛਾਣ ਬਣਾਉਣ ਵਾਲੀਆਂ ਅਤੇ ਸਮਾਜ ਤੇ ਪੰਜਾਬ ਦੀ ਭਲਾਈ ਲਈ ਵਡਮੁੱਲਾ ਯੋਗਦਾਨ ਪਾ ਰਹੀਆਂ ਸ਼ਖ਼ਸੀਅਤਾਂ ਨੂੰ ਮਿਸਲ ਸਤਲੁਜ ਪਾਰਟੀ ਨਾਲ ਜੋੜਨ ਦੀ ਮੁਹਿੰਮ ਲਗਾਤਾਰ ਜਾਰੀ ਹੈ। ਇਸੇ ਲੜੀ ਤਹਿਤ ਅੱਜ ਚਮਕੌਰ ਸਾਹਿਬ ਵਿਖੇ ਤਿੰਨ ਪ੍ਰਮੁੱਖ ਸ਼ਖ਼ਸੀਅਤਾਂ ਨੇ ਮਿਸਲ ਸਤਲੁਜ ਪਾਰਟੀ ਵਿੱਚ



ਸ਼ਮੂਲੀਅਤ ਕੀਤੀ। ਮਿਸਲ ਸਤਲੁਜ ਪਾਰਟੀ ਦੇ ਪ੍ਰਧਾਨ ਸਰਦਾਰ ਅਜੇਪਾਲ ਸਿੰਘ ਬਰਾੜ ਨੇ ਦੱਸਿਆ ਕਿ ਮਿਸਲ ਸਤਲੁਜ ਪਾਰਟੀ ਵੱਲੋਂ ਪੰਜਾਬ ਦੇ ਪਿੰਡਾਂ, ਕਸਬਿਆਂ ਅਤੇ ਸ਼ਹਿਰਾਂ ਵਿੱਚ ਵੱਖ-ਵੱਖ ਖੇਤਰਾਂ ਵਿੱਚ ਨਾਮਣਾ ਖੱਟਣ ਵਾਲੀਆਂ ਅਤੇ ਲੋਕ-ਭਲਾਈ ਦੇ ਕਾਰਜਾਂ ਵਿੱਚ ਆਪਣਾ ਯੋਗਦਾਨ ਪਾਉਣ ਵਾਲੀਆਂ ਸ਼ਖ਼ਸੀਅਤਾਂ ਨਾਲ ਲਗਾਤਾਰ ਸੰਪਰਕ ਕੀਤਾ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਅਜਿਹੇ ਸਮਰੱਥ ਅਤੇ ਸਮਾਜ ਪ੍ਰਤੀ ਜ਼ਿੰਮੇਵਾਰ ਲੋਕਾਂ ਦੀ ਸ਼ਮੂਲੀਅਤ ਨਾਲ ਮਿਸਲ ਸਤਲੁਜ ਪਾਰਟੀ ਦਾ ਜਥੇਬੰਦਕ ਢਾਂਚਾ ਹੋਰ ਮਜ਼ਬੂਤ ਹੋਣ ਦੇ ਨਾਲ-ਨਾਲ ਪੰਜਾਬ ਦੇ ਹੱਕਾਂ ਲਈ ਚੱਲ ਰਹੀ ਮੁਹਿੰਮ ਨੂੰ ਵੀ ਨਵੀਂ ਤਾਕਤ ਮਿਲੇਗੀ। ਅੱਜ ਮਿਸਲ ਸਤਲੁਜ ਪਾਰਟੀ ਵਿੱਚ ਸ਼ਾਮਲ ਹੋਣ ਵਾਲਿਆਂ ਵਿੱਚ ਡਾ. ਅਮਨ ਸਿੰਘ, ਧਰਮ ਅਧਿਐਨ ਵਿੱਚ ਡਾਕਟਰੇਟ, ਰਣਵੀਰ ਕੌਰ, ਲੈਕਚਰਾਰ, ਕੰਪਿਊਟਰ ਸਾਇੰਸ, ਅਤੇ ਕੋਮਲਪ੍ਰੀਤ ਸਿੰਘ ਸੰਧੂ ਸ਼ਾਮਲ ਹਨ।

ਅਜ ਦੀ ਵਿਸ਼ੇਸ਼ ਮੀਟਿੰਗ ਵਿੱਚ ਅਜੇਪਾਲ ਸਿੰਘ ਬਰਾੜ ਤੋਂ ਇਲਾਵਾ ਅਮਰਿੰਦਰ ਸਿੰਘ ਤੁੜ ਕੌਮੀ ਕਨਵੀਨਰ ਪੂਰਾ ਪੰਜਾਬ ਲਹਿਰ ਅਤੇ ਹਰਜੀਤ ਸਿੰਘ ਖਿਜਰਾਬਾਦ ਵੀ ਵਿਸ਼ੇਸ਼ ਤੌਰ ਤੇ ਸ਼ਾਮਿਲ ਹੋਏ। ਸਰਦਾਰ ਅਜੇਪਾਲ ਸਿੰਘ ਬਰਾੜ ਨੇ ਤਿੰਨਾਂ ਸ਼ਖ਼ਸੀਅਤਾਂ ਦਾ ਮਿਸਲ ਸਤਲੁਜ ਪਾਰਟੀ ਵਿੱਚ ਨਿੱਘਾ ਸਵਾਗਤ ਕਰਦਿਆਂ ਕਿਹਾ ਕਿ ਉਨ੍ਹਾਂ ਦੀ ਯੋਗਤਾ, ਤਜਰਬੇ ਅਤੇ ਸਮਾਜ ਪ੍ਰਤੀ ਵਚਨਬੱਧਤਾ ਪਾਰਟੀ ਲਈ ਅਹਿਮ ਸਰਮਾਇਆ ਸਾਬਤ ਹੋਵੇਗੀ। ਉਨ੍ਹਾਂ ਆਸ ਪ੍ਰਗਟਾਈ ਕਿ ਇਨ੍ਹਾਂ ਸ਼ਖ਼ਸੀਅਤਾਂ ਦੀ ਸ਼ਮੂਲੀਅਤ ਨਾਲ ਚਮਕੌਰ ਸਾਹਿਬ ਖੇਤਰ ਵਿੱਚ ਮਿਸਲ ਸਤਲੁਜ ਪਾਰਟੀ ਹੋਰ ਮਜ਼ਬੂਤ ਹੋਵੇਗੀ ਅਤੇ ਪੰਜਾਬ ਦੀਆਂ ਜਾਇਜ਼ ਤੇ ਹੱਕੀ ਮੰਗਾਂ ਲਈ ਆਵਾਜ਼ ਨੂੰ ਹੋਰ ਬੁਲੰਦ ਕਰਨ ਵਿੱਚ ਅਹਿਮ ਯੋਗਦਾਨ ਪਵੇਗਾ। ਉਨ੍ਹਾਂ ਕਿਹਾ ਕਿ ਮਿਸਲ ਸਤਲੁਜ ਦਾ ਉਦੇਸ਼ ਪੰਜਾਬ ਦੇ ਲੋਕਾਂ ਨਾਲ ਜੁੜੇ ਮੁੱਦਿਆਂ ਨੂੰ ਮਜ਼ਬੂਤੀ ਨਾਲ ਉਠਾਉਣਾ ਅਤੇ ਪੰਜਾਬ ਦੇ ਹੱਕਾਂ, ਹਿੱਤਾਂ ਅਤੇ ਭਵਿੱਖ ਲਈ ਸਾਂਝੇ ਯਤਨਾਂ ਨੂੰ ਅੱਗੇ ਵਧਾਉਣਾ ਹੈ। ਪਾਰਟੀ ਵੱਲੋਂ ਸਮਾਜ ਦੇ ਹਰ ਵਰਗ ਦੀਆਂ ਯੋਗ ਅਤੇ ਸਮਰੱਥ ਸ਼ਖ਼ਸੀਅਤਾਂ ਨੂੰ ਨਾਲ ਲੈ ਕੇ ਇੱਕ ਮਜ਼ਬੂਤ ਜਨ-ਲਹਿਰ ਖੜ੍ਹੀ ਕਰਨ ਲਈ ਯਤਨ ਜਾਰੀ ਰਹਿਣਗੇ।




ਅਸ਼ਵਨੀ ਜੇਤਲੀ ਮਾਲਕ, ਐਡੀਟਰ/ਪ੍ਰਿੰਟਰ ਤੇ ਪਬਲਿਸ਼ਰ ਨੇ ਰੋਟਰੀ ਪ੍ਰਿੰਟਰਜ਼ ਤੋਂ ਛਪਵਾ ਕੇ ਦਫ਼ਤਰ ਜ਼ਿਕਰ ਪੰਜਾਬ (ਸਪਤਾਹਿਕ) 7, ਮਾਣਕ ਇਨਕਲੇਵ, ਧਾਂਦਰਾ ਰੋਡ, ਲੁਧਿਆਣਾ ਤੋਂ ਪ੍ਰਕਾਸ਼ਿਤ ਕੀਤਾ।
Published, Printed & Owned by Ashwani Jaitly Published at 7, Manak Enclave, Dhandra Road, Ludhiana, Punjab State Printed at Rotary Printers, Kot Almgir, Ludhiana, Punjab State Editor- Ashwani Jaitly